ਵੈਸਾਖ (ਨਾਨਕਸ਼ਾਹੀ ਸੰਮਤ ੫੫੮)
ਅਪ੍ਰੈਲ ੨੦੨੬

2/- ਰੁਪਏ
PRGI No. 88, Vol. 70, Issue 4, April 2026

ਮਾਸਿਕ

ਗੁਰਦੁਆਰਾ ਗਜ਼ਟ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਾਲ ੨੦੨੬-੨੭ ਲਈ ੧੪੮੭ ਕਰੋੜ ੪੧ ਲੱਖ ਰੁਪਏ ਦਾ ਸਲਾਨਾ ਬਜਟ ਪਾਸ











1. ਸ਼੍ਰੋਮਣੀ ਗੁ. ਪ੍ਰ. ਕਮੇਟੀ ਦੇ ਬਜਟ ਇਜਲਾਸ ਦੌਰਾਨ ਮਤੇ ਪੇਸ਼ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ ਨਾਲ ਹਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀ. ਮੁੱਖ ਗ੍ਰੰਥੀ ਸਿੰਘ ਸਾਹਿਬ ਗਿ. ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿ. ਟੇਕ ਸਿੰਘ ਅਤੇ ਹਾਜ਼ਰ ਮੈਂਬਰ ਸਾਹਿਬਾਨ ਅਤੇ ਅਧਿਕਾਰੀ। 2. ਬਜਟ ਪੇਸ਼ ਕਰਦੇ ਹੋਏ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ। 3. ਬਜਟ ਇਜਲਾਸ ਦੀ ਕਾਰਵਾਈ ਸ਼ੁਰੂ ਕਰਵਾਉਂਦੇ ਹੋਏ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਅਤੇ ਸੰਬੋਧਨ ਕਰਦੇ ਹੋਏ ਮੈਂਬਰ ਬਾਬਾ ਗੁਰਪ੍ਰੀਤ ਸਿੰਘ ਤੇ ਸ. ਅਜਮੇਰ ਸਿੰਘ ਖੇੜਾ। (28 ਮਾਰਚ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

ਗੁਰਦੁਆਰਾ ਗਜ਼ਟ

ਸਥਾਪਤ ੧੯੨੯

ਵੈਸਾਖ	:	ਨਾਨਕਸ਼ਾਹੀ ਸੰਮਤ ੫੫੯
ਅੰਕ ੪	:	ਜਿਲਦ 70
ਅਪ੍ਰੈਲ	:	2026

ਸੰਪਾਦਕ : ਪ੍ਰਤਾਪ ਸਿੰਘ
ਐਸੋਸੀਏਟ ਸੰਪਾਦਕ: ਡਾ. ਰਣਜੀਤ ਕੌਰ ਪੰਨਵਾਂ

ਚੰਦਾ

ਦੇਸ਼	ਵਿਦੇਸ਼
ਸਾਲਾਨਾ 20/-	ਸਾਲਾਨਾ 500/-
ਲਾਈਫ 200/-	(ਹਵਾਈ ਡਾਕ)

Website : www.sgpc.net
E-mail : gurdwaragazette@gmail.com
info@sgpc.net
Phone : 0183-255 3956-60, Ext. 254

ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੭੪ ਕੀਤਾ ਗਿਆ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਪ੍ਰਤੀ ਕਾਪੀ 2/-ਰੁਪਏ

ਤਤਕਰਾ

ਲੇਖ	ਪੰਨਾ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ	
ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ	4
ਇਤਿਹਾਸਕ ਦਿਹਾੜੇ	5
ਗੁਰਬਾਣੀ ਵਿਚਾਰ	7
ਸੰਪਾਦਕੀ	8
ਸ੍ਰੀ ਗੁਰੂ ਅਮਰਦਾਸ ਜੀ ਦੀ ਅਕੱਥ ਕਥਾ ਤੇ ਕੁਝ ਨਿੱਜੀ ਪ੍ਰਸ਼ਨ! -ਡਾ. ਬ੍ਰਿਜਪਾਲ ਸਿੰਘ	10
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਖ਼ਾਲਸਾ-ਪੰਥ -ਪ੍ਰੋ. ਪੂਰਨ ਸਿੰਘ	16
ਸ਼੍ਰੋਮਣੀ ਕਮੇਟੀ ਖ਼ਬਰਨਾਮਾ	29
ਹਿਸਾਬ ਕਿਤਾਬ	69
ਕਾਰਵਾਈ ਬਜਟ ਇਜਲਾਸ	83
English Section	
Historical Events	124
Sri Guru Granth Sahib Ji: Basic Information -Dr. Jasbir Singh Sabar	126
SGPC News	128

ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

ਮਹੀਨਾ ਵੈਸਾਖ

* ਕਿਵਾੜ ਖੁੱਲ੍ਹਣ ਦਾ ਸਮਾਂ ੨-੧੫ ਵਜੇ ਅੰਮ੍ਰਿਤ ਵੇਲੇ
* ਕੀਰਤਨ ਅਰੰਭ ੨-੧੫ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਅਰੰਭ ੩-੧੫ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ ੪-੧੫ ਵਜੇ ਸਵੇਰੇ
* ਪਹਿਲਾ ਹੁਕਮਨਾਮਾ ੪-੪੫ ਵਜੇ ਸਵੇਰੇ
* ਪਹਿਲੀ ਅਰਦਾਸ ੫-੧੫ ਵਜੇ ਸਵੇਰੇ
* ਸ੍ਰੀ ਆਸਾ ਦੀ ਵਾਰ ਦੀ ਸਮਾਪਤੀ ੬-੧੫ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ ੬-੩੦ ਵਜੇ ਸਵੇਰੇ
* ਸ਼ਾਮ ਨੂੰ ਸੋ ਦਰੁ ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ ੧੦-੧੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ ੧੦-੩੦ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ ੧੦-੪੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫ਼ਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਅਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੯੧-੧੮੩-੨੫੫੩੬੫੭,੫੮,੫੯

੧੬ ਅਪ੍ਰੈਲ ਤੋਂ ੧੫ ਮਈ ਤਕ ਦੇ ਇਤਿਹਾਸਕ ਦਿਹਾੜੇ

੧੭ ਅਪ੍ਰੈਲ (ੳ) ਸਿੱਖਾਂ ਨੇ ਲਾਹੌਰ 'ਤੇ ਕਬਜ਼ਾ ਕਰ ਲਿਆ ਤੇ ਇਸ ਤਰ੍ਹਾਂ ਪੰਜਾਬ 'ਚੋਂ ਅਫ਼ਗਾਨੀ ਹਕੂਮਤ ਦਾ ਖ਼ਾਤਮਾ ਹੋ ਗਿਆ। (੧੭-੪-੧੭੬੫)

(ਅ) ੧੬ਵਾਂ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੧੭-੪-੧੯੨੫)

੧੮ ਅਪ੍ਰੈਲ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ। (੫ ਵੈਸਾਖ)

੨੧ ਅਪ੍ਰੈਲ (ੳ) ਜਨਮ ਦਿਹਾੜਾ ਭਗਤ ਧੰਨਾ ਜੀ। (੮ ਵੈਸਾਖ)

(ਅ) ਪ੍ਰਸਿੱਧ ਸਿੱਖ ਵਿਦਵਾਨ ਗਿਆਨੀ ਦਿੱਤ ਸਿੰਘ ਦਾ ਜਨਮ ਹੋਇਆ। (੨੧-੪-੧੮੫੩)

੨੪ ਅਪ੍ਰੈਲ (ੳ) ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬੀ ਸੂਬੇ ਲਈ ਇਕ ਸ਼ਾਂਤਮਈ ਅੰਦੋਲਨ ਸ਼ੁਰੂ ਕਰਨ ਦਾ ਫੈਸਲਾ ਕੀਤਾ। (੨੪-੪-੧੯੫੫)

(ਅ) ਸ਼੍ਰੋਮਣੀ ਅਕਾਲੀ ਦਲ ਨੇ ਸਤਲੁਜ-ਯਮੁਨਾ ਲਿੰਕ ਨਹਿਰ ਦੀ ਉਸਾਰੀ ਬੰਦ ਕਰਨ ਲਈ ਮੋਰਚਾ ਸ਼ੁਰੂ ਕੀਤਾ। (੨੪-੪-੧੯੮੨)

੨੫ ਅਪ੍ਰੈਲ ਮਹਾਰਾਜਾ ਰਣਜੀਤ ਸਿੰਘ ਅਤੇ ਈਸਟ ਇੰਡੀਆ ਕੰਪਨੀ (ਅੰਗਰੇਜ਼ਾਂ) ਦਰਮਿਆਨ ਅੰਮ੍ਰਿਤਸਰ ਦੀ ਸੰਧੀ ਹੋਈ। (੨੫-੪-੧੮੦੯)

੨੭ ਅਪ੍ਰੈਲ ਜੈਤੋ ਦੇ ਮੋਰਚੇ ਲਈ ੧੦੧ ਸਿੱਖਾਂ ਦਾ ੧੭ਵਾਂ ਵਿਸ਼ੇਸ਼ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋਇਆ। (੨੭-੪-੧੯੨੫)

੨੯ ਅਪ੍ਰੈਲ ਸ਼੍ਰੋਮਣੀ ਅਕਾਲੀ ਦਲ ਨੇ ਚੰਡੀਗੜ੍ਹ ਪੰਜਾਬ ਨੂੰ ਦੇਣ ਲਈ ਮੋਰਚਾ ਲਾਉਣ ਦਾ ਐਲਾਨ ਕੀਤਾ। (੨੯-੪-੧੯੬੮)

੩੦ ਅਪ੍ਰੈਲ (ੳ) ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ। (੧੭ ਵੈਸਾਖ)

(ਅ) ਜਰਨੈਲ ਸ. ਹਰੀ ਸਿੰਘ ਨਲੂਆ ਨੇ ਜਮਰੌਦ ਵਿਖੇ ਸ਼ਹੀਦੀ ਪਾਈ। (੩੦-੪-੧੮੩੭)

੧ ਮਈ ਸ੍ਰੀ ਕੀਰਤਪੁਰ ਸਾਹਿਬ ਦਾ ਸਥਾਪਨਾ ਦਿਵਸ (੪੦੦ ਸਾਲਾ) (੦੧-੦੫-੧੬੨੬)

੪ ਮਈ ਸ਼ਹੀਦੀ ਜੋੜ-ਮੇਲਾ ਸ੍ਰੀ ਮੁਕਤਸਰ ਸਾਹਿਬ। (੨੧ ਵੈਸਾਖ)

੫ ਮਈ (ੳ) ਜਨਮ ਦਿਹਾੜਾ ਸ. ਜੱਸਾ ਸਿੰਘ ਰਾਮਗੜ੍ਹੀਆ। (੫-੫-੧੭੨੩)

(ਅ) ਭਾਰਤ ਸਰਕਾਰ ਨੇ ਪੰਜਾਬ ਦੀਆਂ ਸਿੱਖ ਰਿਆਸਤਾਂ ਤੋੜ ਕੇ 'ਪੈਪਸੂ' ਸੂਬਾ ਕਾਇਮ ਕਰ ਦਿੱਤਾ। (੫-੫-੧੯੪੮)

੬ ਮਈ ਦਿੱਲੀ ਪੁਲੀਸ ਨੇ ਗੁ. ਸੀਸ ਗੰਜ ਸਾਹਿਬ 'ਤੇ ਫਾਇਰਿੰਗ ਕੀਤੀ। (੬-੫-੧੯੩੦)

੧੦ ਮਈ (ੳ) ਫਿਰੋਜ਼ਪੁਰ ਦੇ ਸਿੰਘਾਂ ਦਾ ੬ਵਾਂ ਸ਼ਹੀਦੀ ਜਥਾ ੯ ਮਈ ਨੂੰ ਅੰਮ੍ਰਿਤਸਰ ਪੁੱਜਾ ਅਤੇ ੧੦ ਮਈ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੧੦-੦੫-੧੯੨੪

(ਅ) ਪਿਸ਼ਾਵਰ ਵਿਖੇ ਸਿੱਖਾਂ ਤੇ ਪਠਾਣਾਂ ਦੇ ਹੋਏ ਕਤਲਾਂ ਦੇ ਰੋਸ ਵਜੋਂ ਮਾਸਟਰ ਤਾਰਾ ਸਿੰਘ ਉਥੇ ਸ੍ਰੀ ਅਕਾਲ ਤਖਤ ਸਾਹਿਬ ਤੋਂ ੧੦੦ ਸਿੰਘਾਂ ਦਾ ਜਥਾ ਲੈ ਕੇ ਗਏ। (੧੦-ਪ-੧੯੩੦)

(ਏ) "ਪੰਜਾਬੀ ਸੂਬਾ ਜ਼ਿੰਦਾਬਾਦ" ਦੇ ਨਾਅਰੇ 'ਤੇ ਲਾਈ ਅਣ-ਐਲਾਨੀ ਪਾਬੰਦੀ ਦੇ ਖ਼ਿਲਾਫ਼ ਸ਼੍ਰੋਮਣੀ ਅਕਾਲੀ ਦਲ ਨੇ ਮੋਰਚਾ ਲਾਇਆ। (੧੦-ਪ-੧੯੫੫)

੧੧ ਮਈ ਸ਼੍ਰੋਮਣੀ ਅਕਾਲੀ ਦਲ ਨੇ 'ਸਿੱਖ ਇੱਕ ਵੱਖਰੀ ਕੌਮ ਹਨ' ਦਾ ਮਤਾ ਪਾਸ ਕੀਤਾ। (੧੧-ਪ-੧੯੮੧)

੧੨ ਮਈ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫ਼ਤਹਿ ਦਿਵਸ। (੧੨-ਪ-੧੭੧੦)

੧੫ ਮਈ ਮਹਾਰਾਣੀ ਜਿੰਦ ਕੌਰ (ਰਾਣੀ ਜਿੰਦਾਂ) ਨੂੰ ਸ਼ੇਖੂਪੁਰੇ ਦੇ ਕਿਲ੍ਹੇ ਤੋਂ ਪਹਿਲਾਂ ਬਨਾਰਸ ਵਿਖੇ ਲਿਜਾਇਆ ਗਿਆ ਉਪਰੰਤ ਚੁਨਾਰ (ਮਿਰਜ਼ਾਪੁਰ) ਦੇ ਕਿਲ੍ਹੇ ਵਿਚ ਨਜ਼ਰਬੰਦ ਕੀਤਾ ਗਿਆ ਅਤੇ ਉਸ ਦੀ ਪੈਨਸ਼ਨ ਸਲਾਨਾ ੪੮੦੦੦ ਰੁਪਏ ਤੋਂ ਘਟਾ ਕੇ ੧੨੦੦੦ ਰੁਪਏ ਕਰ ਦਿੱਤੀ ਗਈ। (੧੫-ਪ-੧੮੪੮)

ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁੱਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ। ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨਾਂ ਵਿੱਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤੱਕ ਹੀ ਜਗਾਈਆਂ ਜਾਣ, ਜਦ ਤੀਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ।

ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਹਰ ਗੁਰੂ-ਘਰ ਵਿੱਚ ਅੱਗ ਬਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਸ਼ਚਿਤ ਟੀਮਾਂ ਹਰੇਕ ਗੁਰੂ-ਘਰ ਪੁੱਜ ਕੇ ਨਿਰੀਖਣ ਕਰਨਗੀਆਂ। ਜੋ ਕਮੇਟੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਨੁਸਾਰ ਅਦਬ-ਸਤਿਕਾਰ ਤੇ ਸੇਵਾ-ਸੰਭਾਲ ਠੀਕ ਤਰ੍ਹਾਂ ਨਹੀਂ ਕਰ ਸਕਦੀਆਂ, ਉਨ੍ਹਾਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਹੋਵੇਗੀ।

ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਗੁਰਬਾਣੀ ਵਿਚਾਰ:

ਵੈਸਾਖੁ ਸੁਹਾਵਾ ਤਾਂ ਲਗੈ...

ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ॥
ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ॥
ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ॥
ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ॥
ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ॥
ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ॥
ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ॥
ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ॥
ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ॥੩॥

(ਸ੍ਰੀ ਗੁਰੂ ਗ੍ਰੰਥ ਸਾਹਿਬ, ੧੩੩)

(ਵੈਸਾਖੀ ਵਾਲਾ ਦਿਨ ਹਰੇਕ ਇਸਤਰੀ-ਮਰਦ ਵਾਸਤੇ ਰੀਝਾਂ ਵਾਲਾ ਦਿਨ ਹੁੰਦਾ ਹੈ, ਪਰ) ਵੈਸਾਖ ਵਿਚ ਉਨ੍ਹਾਂ ਇਸਤਰੀਆਂ ਦਾ ਦਿਲ ਕਿਵੇਂ ਖਲੋਵੇ ਜੋ ਪਤੀ ਤੋਂ ਵਿਛੁੜੀਆਂ ਪਈਆਂ ਹਨ, ਜਿਨ੍ਹਾਂ ਦੇ ਅੰਦਰ ਪਿਆਰ (ਦੇ ਪ੍ਰਗਟਾਵੇ) ਦੀ ਅਣਹੋਂਦ ਹੈ, (ਇਸ ਤਰ੍ਹਾਂ ਉਸ ਜੀਵ ਨੂੰ ਧੀਰਜ ਕਿਵੇਂ ਆਵੇ ਜਿਸ ਨੂੰ) ਸੱਜਣ-ਪ੍ਰਭੂ ਵਿਸਾਰ ਕੇ ਮਨ-ਮੋਹਣੀ ਮਾਇਆ ਚੰਬੜੀ ਹੋਈ ਹੈ?

ਨਾ ਪੁੱਤਰ, ਨਾ ਇਸਤਰੀ, ਨਾ ਧਨ, ਕੋਈ ਭੀ ਮਨੁੱਖ ਦੇ ਨਾਲ ਨਹੀਂ ਨਿਭਦਾ, ਇਕ ਅਬਿਨਾਸੀ ਪਰਮਾਤਮਾ ਹੀ ਅਸਲ ਸਾਥੀ ਹੈ। ਨਾਸ਼ਵੰਤ ਧੰਦੇ ਦਾ ਮੋਹ (ਸਾਰੀ ਲੋਕਾਈ ਨੂੰ ਹੀ) ਵਿਆਪ ਰਿਹਾ ਹੈ, (ਮਾਇਆ ਦੇ ਮੋਹ ਵਿਚ) ਮੁੜ-ਮੁੜ ਫਸ ਕੇ ਸਾਰੀ ਲੋਕਾਈ ਹੀ (ਆਤਮਿਕ ਮੌਤੇ) ਮਰ ਰਹੀ ਹੈ। ਇਕ ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾਂ ਹੋਰ ਜਿਤਨੇ ਭੀ ਕਰਮ ਇਥੇ ਕਰੀਦੇ ਹਨ, ਉਹ ਸਾਰੇ ਮਰਨ ਤੋਂ ਪਹਿਲਾਂ ਹੀ ਖੋਹ ਲਏ ਜਾਂਦੇ ਹਨ (ਭਾਵ, ਉਹ ਉੱਚੇ ਆਤਮਿਕ ਜੀਵਨ ਦਾ ਅੰਗ ਨਹੀਂ ਬਣ ਸਕਦੇ)।

ਪਿਆਰ-ਸਰੂਪ ਪ੍ਰਭੂ ਨੂੰ ਵਿਸਾਰ ਕੇ ਖ਼ੁਆਰੀ ਹੀ ਹੁੰਦੀ ਹੈ, ਪਰਮਾਤਮਾ ਤੋਂ ਬਿਨਾਂ ਜਿੰਦ ਦਾ ਹੋਰ ਕੋਈ ਸਾਥੀ ਹੀ ਨਹੀਂ ਹੁੰਦਾ। ਪ੍ਰਭੂ-ਪ੍ਰੀਤਮ ਦੀ ਚਰਨੀਂ ਜਿਹੜੇ ਬੰਦੇ ਲੱਗਦੇ ਹਨ, ਉਨ੍ਹਾਂ ਦੀ (ਲੋਕ-ਪਰਲੋਕ ਵਿਚ) ਭਲੀ ਸ਼ੋਭਾ ਹੁੰਦੀ ਹੈ।

ਹੇ ਪ੍ਰਭੂ! (ਤੇਰੇ ਦਰ 'ਤੇ) ਮੇਰੀ ਬੇਨਤੀ ਹੈ ਕਿ ਮੈਨੂੰ ਤੇਰਾ ਦਿਲ-ਰੱਜਵਾਂ ਮਿਲਾਪ ਨਸੀਬ ਹੋਵੇ। (ਰੁੱਤ ਫਿਰਨ ਨਾਲ ਚੁਫੇਰੇ ਬਨਸਪਤੀ ਪਈ ਸੁਹਾਵਣੀ ਹੋ ਜਾਏ, ਪਰ) ਜਿੰਦ ਨੂੰ ਵੈਸਾਖ ਦਾ ਮਹੀਨਾ ਤਦੋਂ ਹੀ ਸੋਹਣਾ ਲੱਗ ਸਕਦਾ ਹੈ, ਜੇ ਹਰੀ ਸੰਤ-ਪ੍ਰਭੂ ਮਿਲ ਪਏ ॥੩॥

ਸੰਪਾਦਕੀ...

ਆਓ! ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖ਼ਾਲਸੇ ਬਣੀਏ

'ਨਾਨਕ ਨਿਰਮਲ ਪੰਥ' ਦੀ ਨਿਰੰਤਰਤਾ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਕਰੀਬ ੨੦੦ ਸਾਲ ਉਪਰੰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 'ਖ਼ਾਲਸਾ ਪੰਥ' ਦਾ ਸਰੂਪ ਪ੍ਰਗਟ ਕੀਤਾ। 'ਖ਼ਾਲਸਾ ਪੰਥ' ਗੁਰੂ ਕਾ ਲਾਡਲਾ ਪੰਥ ਹੈ ਜੋ ਕਿਸੇ ਵੀ ਤਰ੍ਹਾਂ ਦੀ ਵਿਚੋਲਗੀ ਤੋਂ ਮੁਕਤ ਸਿਧਾ ਅਕਾਲ ਪੁਰਖ ਪਰਮਾਤਮਾ ਨਾਲ ਜੁੜਦਾ ਹੈ। ਅਕਾਲ ਪੁਰਖ ਤੋਂ ਬਿਨਾਂ ਇਸ ਖ਼ਾਲਸਾ ਪੰਥ ਨੂੰ ਕਿਸੇ ਹੋਰ ਦੀ ਅਧੀਨਗੀ ਸਵੀਕਾਰ ਨਹੀਂ। ਅਕਾਲ ਪੁਰਖ ਨੂੰ ਸਮਰਪਿਤ ਹੋ ਕੇ ਅਕਾਲ ਤੋਂ ਊਰਜਾ ਲੈ ਕੇ ਅਕਾਲ ਨੂੰ ਜਾਮਨ ਬਣਾ ਮਨੁਖਾ ਜੀਵਨ ਦੇ ਸਾਰੇ ਕਾਰ-ਵਿਹਾਰ ਨੇਮਬਧ ਕਰਕੇ ਹੀ ਖ਼ਾਲਸਾ ਬਣਨਾ ਹੈ। ਨੇਮਹੀਣਤਾ ਇਥੇ ਸਵੀਕਾਰ ਨਹੀਂ। ਨੇਮਬਧ ਜੀਵਨ ਲਈ ਪਹਿਲੇ ਗੁਰੂ ਜੀ ਨੇ ਸੰਤ-ਸਿਪਾਹੀ ਦਾ ਸਬਕ ਦਿੰਦਿਆਂ, ਖ਼ਾਲਸੇ ਦੀ ਤਿਆਰੀ ਲਈ ਉਪਦੇਸ਼ ਉਚਾਰਨ ਕੀਤਾ-

ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥੨੦॥

(ਸ੍ਰੀ ਗੁਰੂ ਗ੍ਰੰਥ ਸਾਹਿਬ, ੧੪੧੨)

ਸੋ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਰੀਬ ੨੦੦ ਸਾਲ ਪਹਿਲਾਂ ਜੋ ਸਿਧਾਂਤ ਦਿਤਾ, ਇਸੇ ਦੀ ਨਿਰੰਤਰਤਾ ਵਿਚ ੧੬੯੯ ਈ. ਨੂੰ ਦਸਮੇਸ਼ ਪਿਤਾ ਜੀ ਨੇ ਖੰਡੇ ਦੀ ਪਾਹੁਲ ਦੇ ਕੇ ਸਾਨੂੰ ਖ਼ਾਲਸੇ ਬਣਾਇਆ:-

ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ।
ਸੰਗਤਿ ਕੀਨੀ ਖਾਲਸਾ ਮਨਮੁਖੀ ਦੁਹੇਲਾ।
ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰੁ ਚੇਲਾ॥੧॥ (ਭਾਈ ਗੁਰਦਾਸ ਦੂਜਾ, ਵਾਰ ੪੧/੧)

ਸੋ ਧਾਰਮਿਕ, ਸਮਾਜਿਕ ਤੌਰ 'ਤੇ ਆ ਚੁੱਕੀ ਗਿਰਾਵਟ, ਆਪਸੀ ਕੜ੍ਹਵਾਹਟ ਨੂੰ ਦੂਰ ਕਰਨ ਅਤੇ 'ਨਾਨਕ ਨਿਰਮਲ ਪੰਥ' ਦੀ ਰਵਾਨਗੀ ਲਈ ਅਨੰਦਪੁਰ ਦੀ ਧਰਤੀ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ੧੬੯੯ ਈ. ਨੂੰ ਪੰਜ ਪਿਆਰੇ ਸਾਜ ਕੇ 'ਖ਼ਾਲਸਾ ਪੰਥ' ਸਾਜਿਆ। ਇਸ ਇਨਕਲਾਬੀ ਕਾਰਜ ਨਾਲ ਭਾਰਤੀ ਸਮਾਜ ਵਿਚ ਜਾਤ-ਪਾਤ ਦੀ ਹਉਂ ਵਾਲਿਆਂ ਦੁਆਰਾ ਦੱਬੇ-ਕੁਚਲੇ ਲੋਕਾਂ ਨੂੰ ਬਾਦਸ਼ਾਹਤ ਦੀ ਪ੍ਰਾਪਤੀ ਹੋਈ। *'ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ॥'* ਦੀ ਪ੍ਰਾਪਤੀ ਕਰ, ਵਰਣ, ਆਸ਼ਰਮ, ਜਾਤ-ਪਾਤ ਦੇ ਬੰਧਨਾਂ ਤੋਂ ਮੁਕਤ ਹੋ ਸਾਰਿਆਂ ਨੇ ਅਭਿਲਾਖੀ ਬਣ ਇਕੋ ਬਾਟੇ 'ਚੋਂ, ਖੰਡੇ ਦਾ ਅੰਮ੍ਰਿਤ ਪ੍ਰਾਪਤ ਕੀਤਾ ਤਾਂ ਭਾਰਤੀ ਸਮਾਜ ਵਿਚ ਨਵੀਂ ਕ੍ਰਾਂਤੀ ਦਾ ਆਗਾਜ਼ ਹੋਇਆ। ਗੁਰੂ ਜੀ ਨੇ ਪੰਜਾਂ ਪਿਆਰਿਆਂ ਤੋਂ ਆਪ ਅੰਮ੍ਰਿਤ ਛਕ ਕੇ ਗੁਰੂ ਚੇਲੇ ਦਾ ਭਰਮ ਮਿਟਾ ਕੇ ਜੋ ਨਵੀਨ ਕ੍ਰਿਸ਼ਮਾ ਕਰ ਵਿਖਾਇਆ, ਸਾਰੀ ਖਲਕਤ ਦੇਖ ਕੇ ਦੰਗ ਰਹਿ ਗਈ। ਦਸਮ ਪਿਤਾ 'ਗੁਰੂ ਚੇਲੇ' ਦੇ ਇਸ ਦੈਵੀ ਸੰਬੰਧ ਨੂੰ ਨਿਮਨ ਸ਼ਬਦਾਂ ਵਿਚ ਬਿਆਨ ਕਰਦੇ ਹਨ-

ਇਨਹੀ ਕੀ ਕ੍ਰਿਪਾ ਕੇ ਸਜੇ ਹਮ ਹੈਂ ਨਹੀ ਮੋ ਸੇ ਗਰੀਬ ਕਰੋਰ ਪਰੇ॥੨॥

(ਦਸਮ ਗ੍ਰੰਥ ਸਾਹਿਬ)

ਕੇਸਗੜ੍ਹ ਸਾਹਿਬ ਨਵੀਂ ਉਪਜੀ ਅਜਿਹੀ ਊਰਜਾ ਸ਼ਕਤੀ ਦਾ ਪ੍ਰਤੀਕ ਹੈ, ਜਿਥੇ ਰਾਜੇ ਨੇ ਚੁਲੀ (ਕੁਰਲੀ) ਨਿਆਂ ਦੀ ਕਰਨੀ, ਪਰਜਾ ਜਿਥੇ ਅਕਾਲ ਦੀ ਪੁਜਾਰੀ ਹੈ, ਸੱਚ-ਨਿਆਂ ਦੇ ਅਧੀਨ, 'ਖ਼ਾਲਸਾ'

ਸਭ ਕੁਝ ਕਰਨ ਦੇ ਸਮਰਥ ਹੈ। ਜਪੁ ਜੀ ਸਾਹਿਬ, ਜਾਪੁ ਸਾਹਿਬ, ਸ੍ਵੈਯੇ ਪੜ੍ਹਦਿਆਂ ਸਚਿਆਰ ਬਣ ਕੇ ਰਹਰਾਸਿ ਸਾਹਿਬ, ਸੋਹਿਲਾ ਸਾਹਿਬ ਜਪਦਿਆਂ, ਹੁਕਮ 'ਚ ਚੱਲਣ ਦਾ ਆਦਰਸ਼ ਕਾਇਮ ਕਰਨਾ ਹੈ। ਅੰਮ੍ਰਿਤ ਸੰਸਕਾਰ, ਸਿੱਖ ਰਹਿਤ ਮਰਯਾਦਾ ਅਨੁਸਾਰ 'ਗੁਰੂ ਪੰਥ' ਦੇ ਅੰਤਰਗਤ ਹੈ। ਅੰਮ੍ਰਿਤ ਸੰਸਕਾਰ ਦੀ ਰਸਮ ਸਦਾ ਵਿਗਾਸਮਈ, ਖ਼ੂਬਸੂਰਤ, ਸੁਰਤ ਦੀ ਉਚਾਈ ਪਾਉਣ ਲਈ ਤਿਆਰ ਹੋ ਧਰਮੀ ਸੰਘਰਸ਼ੀ ਜੀਵਨ ਦਾ ਅਭਿਆਸ ਹੈ। ਇਸ ਸੰਸਕਾਰ ਦੇ ਹੋਣ ਨਾਲ ਸਿੱਖ ਦੀ ਜ਼ਿੰਦਗੀ ਵਿਚ ਨਿਵੇਕਲਾ ਅਨੁਸ਼ਾਸਨ ਅਤੇ ਜ਼ਿੰਮੇਵਾਰੀ ਦਾ ਪ੍ਰਵੇਸ਼ ਹੋਣਾ ਗੁਰੂ ਦੇ ਨੇੜੇ ਹੋਣਾ ਹੈ। ਪੰਜ ਕਕਾਰੀ ਰਹਿਤ ਖ਼ਾਲਸੇ ਦਾ ਅਨਿਖੜਵਾਂ ਅੰਗ ਹੈ ਜੋ ਅੰਮ੍ਰਿਤਧਾਰੀ ਸਿੱਖ ਨੂੰ ਕਰਤਵ-ਪਾਲਕ ਬਣਾਉਂਦੀ ਹੈ। ਅੰਮ੍ਰਿਤਧਾਰੀ ਸਿੱਖ ਖ਼ਾਲਸਾ ਬਣ ਅਕਾਲੀ ਫ਼ੌਜ ਵਿਚ ਦਾਖਲਾ ਪ੍ਰਾਪਤ ਕਰ ਲੈਂਦਾ ਹੈ-

ਖਾਲਸਾ ਅਕਾਲ ਪੁਰਖ ਕੀ ਫ਼ੌਜ॥ ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ॥

(ਸਰਬਲੋਹ ਗ੍ਰੰਥ)

ਅਸਲ ਵਿਚ ਅੰਮ੍ਰਿਤ ਛਕਣ ਦਾ ਸੰਕਲਪ ਆਉਣਾ ਇਕ ਖ਼ੂਬਸੂਰਤ ਪਲ ਹੈ ਅਤੇ ਫਿਰ ਗੁਰੂ ਬਖ਼ਸ਼ਿਸ਼ ਅੰਮ੍ਰਿਤ ਛਕਣ ਲਈ ਪੂਰਨ ਤਿਆਰ ਹੋ ਕੇ ਗੁਰੂ ਸਾਹਵੇਂ ਬੈਠਣਾ ਮਨੁਖਾ ਜਨਮ ਦੀ ਸ੍ਰੇਸ਼ਟ ਘੜੀ ਹੈ, ਜਦ ਮਨੁੱਖ ਦੀ ਆਪਣੇ 'ਆਪੇ' 'ਤੇ ਜਿੱਤ ਹੁੰਦੀ ਹੈ ਅਤੇ ਉਹ ਗੁਰੂ ਸਨਮੁਖ ਹੋ ਕੇ ਅਜ਼ੀਜ਼ਗੀ ਨਾਲ ਦਾਤ ਮੰਗਦਾ ਹੈ ਅਤੇ ਗੁਰੂ ਆਪਣੇ ਵਰਗਾ ਬਣਨ ਲਈ ਨਿਵਾਜਦਾ ਹੈ। ਗੁਰ ਪ੍ਰਸਾਦਿ ਦੀ ਪ੍ਰਾਪਤੀ ਹੈ, 'ਅੰਮ੍ਰਿਤ ਛਕਣਾ' ਅਤੇ ਸਤਿ-ਚਿਤ-ਅਨੰਦ ਦੀ ਅਵਸਥਾ ਹੈ। ਇਸ ਲਈ ਨਿਤਨੇਮ ਰੂਪੀ ਅਨੁਸ਼ਾਸਨ ਨੂੰ ਜੀਵਨ ਦਾ ਸਦੀਵ ਅੰਗ ਬਣਾਉਣਾ ਹੈ। ਜੀਵ ਅੰਮ੍ਰਿਤ ਛਕ ਕੇ ਵੱਡੇ ਆਦਰਸ਼ ਭਾਵ 'ਖ਼ਾਲਸਾ ਪੰਥ' ਦਾ ਮੈਂਬਰ ਬਣਦਾ ਹੈ, ਜਿਸ ਲਈ ਫਰਜ਼ ਅਤੇ ਜ਼ਿੰਮੇਵਾਰੀ ਵੀ ਵਧਦੀ ਹੈ, ਸਾਡੇ ਵਤੀਰੇ ਨੂੰ ਪਰਖਣ ਲਈ ਸਮਾਜਿਕ ਨਜ਼ਰੀਆ ਬਦਲਦਾ ਹੈ, ਖ਼ਾਲਸੇ ਨੇ ਪੂਰਨ ਮਿਆਰੀ ਜੀਵਨ ਰੂਪੀ ਆਦਰਸ਼ਕ ਮਾਡਲ ਪੇਸ਼ ਕਰਨਾ ਹੁੰਦਾ ਹੈ, ਹੋਰਨਾਂ ਸਾਹਵੇਂ ਕਿ ਇਹ ਹੈ, ਗੁਰੂ ਦਾ ਖ਼ਾਲਸਾ ਜੋ ਆਚਰਨ ਦਾ ਸੂਰਾ ਹੈ ਅਤੇ ਇਸੇ ਤੋਂ ਪੂਰਨ ਆਦਰਸ਼ਕ ਨੇਮਬਧ ਵਿਹਾਰਕ ਜੀਵਨ ਦੀ ਆਸ ਕੀਤੀ ਜਾ ਸਕਦੀ ਹੈ। ਸਿੱਖ ਰਹਿਤ ਮਰਯਾਦਾ ਅਨੁਸਾਰ ਖ਼ਾਲਸਾਈ ਰਹਿਤ ਹੈ ਹੀ 'ਆਦਰਸ਼ਕ ਨੇਮਬਧ ਜੀਵਨ' ਦਾ ਖ਼ੂਬਸੂਰਤ ਸੁਮੇਲ। ਜਿਸ ਵਿਚ ਢਲ ਕੇ ਅੰਮ੍ਰਿਤਧਾਰੀ ਸਿੱਖ, ਗੁਰੂ ਵਲੋਂ ਪ੍ਰਾਪਤ ਬਖ਼ਸ਼ਿਸ਼ ਦੀ ਲੋਕਾਈ ਸਾਹਵੇਂ ਤਰਜ਼ਮਾਨੀ ਕਰਦਾ ਹੈ। ਗੁਰੂ ਨੇ ਜੁਗਤ ਰੂਪੀ ਬਖ਼ਸ਼ਿਸ਼ ਕਰਨੀ ਹੈ, ਸਿੱਖ ਨੇ ਅਨੁਸਰਨ ਕਰਦੇ ਹੋਏ, ਆਦਰਸ਼ ਕਾਇਮ ਕਰਨ ਲਈ ਜੋਦੜੀ ਕਰਨੀ ਹੈ ਤਾਂ ਜੋ ਅਸੀਂ ਕਿਤੇ ਡੋਲ ਨਾ ਜਾਈਏ, ਵਿਸਾਰ ਨਾ ਜਾਈਏ, ਆਪਣੇ ਗੁਰੂ ਨਾਲ ਕੀਤੇ ਪ੍ਰਣ ਨੂੰ।

ਆਓ! ਖ਼ਾਲਸਾ ਸਾਜਣਾ ਦਿਵਸ ਦੇ ਦਿਹਾੜੇ 'ਤੇ ਜੋਦੜੀ ਕਰੀਏ ਕਿ ਗੁਰੂ ਜੀ ਸਾਡੀ ਟੁਟੀ ਗੰਢ ਲੈ, ਸਾਨੂੰ ਆਪਣੇ ਵਰਗਾ ਬਣਾ, ਸੋਝੀ ਦੇ ਕਿ ਅਸੀਂ ਅੰਦਰੂਨੀ/ਬਾਹਰੀ ਚਿੰਬੜੀਆਂ ਅਲਾਮਤਾਂ (ਨਸ਼ਿਆਂ ਦਾ ਕੋਹੜ, ਪਤਿਤਪੁਣਾ, ਆਚਰਣਹੀਣਤਾ, ਆਪਸੀ ਇਤਫਾਕ ਦੀ ਘਾਟ, ਗਦਾਰੀਪੁਣਾ, ਆਦਿ) ਛੱਡ ਕੇ ਸਮੁਚੇ ਵਿਸ਼ਵ ਸਨਮੁਖ ਆਦਰਸ਼ਕ ਮਿਸਾਲ ਪੈਦਾ ਕਰੀਏ। ਕੇਵਲ ਮਨੁਖੀ ਬਾਹਰੀ/ਅੰਦਰੂਨੀ ਬੁਰਾਈਆਂ ਨਹੀਂ, ਸਮੁਚੇ ਵਿਸ਼ਵ ਵਿਚ ਪੈਦਾ ਹੋ ਰਹੀ ਖਲਲ ਨੂੰ ਰੋਕਣ ਲਈ *'ਏਕ ਪਿਤਾ ਏਕਸ ਕੇ ਹਮ ਬਾਰਿਕ'* ਵਾਲੀ ਸੋਝੀ ਨਾਲ ਆਪਸੀ ਸਾਂਝ-ਪਿਆਰ ਦੀਆਂ ਪੀਡੀਆਂ ਤੰਦਾਂ ਵਿਚ ਬੱਝਣ ਲਈ ਯਤਨ ਕਰੀਏ। ਗੁਰੂ ਵਾਲੇ ਬਣ ਕੇ, ਗੁਰੂ ਦੀ ਮੰਨ ਕੇ, ਗੁਰੂ ਅਨੁਸਾਰੀ ਖ਼ਾਲਸਾਈ ਰਹਿਤ-ਬਹਿਤ ਦੇ ਧਾਰਨੀ ਹੋ ਕੇ ਸਮੁਚੀ ਮਾਨਵਤਾ ਨੂੰ ਕਲਾਵੇ ਵਿਚ ਲੈਣ ਲਈ ਕਰਮਸ਼ੀਲ ਹੋਈਏ। ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ ਅਤੇ *'ਇਸੁ ਧਰਤੀ ਮਹਿ ਤੇਰੀ ਸਿਕਦਾਰੀ॥'* ਹੋਣ ਦਾ ਫਰਜ਼ ਅਦਾ ਕਰਨ ਲਈ ਗੁਰੂ ਮੇਹਰ ਦੇ ਪਾਤਰ ਬਣੀਏ।

ਸ੍ਰੀ ਗੁਰੂ ਅਮਰਦਾਸ ਜੀ ਦੀ ਅਕੱਥ ਕਥਾ ਤੇ ਕੁਝ ਨਿੱਜੀ ਪ੍ਰਸ਼ਨ!

–ਡਾ. ਬ੍ਰਿਜਪਾਲ ਸਿੰਘ*

ਸ੍ਰੀ ਗੁਰੂ ਨਾਨਕ ਸਾਹਿਬ ਦੇ ਜੋਤੀ ਜੋਤਿ ਸਮਾਉਣ (੧੫੩੯ ਈ.) ਵੇਲੇ ਬਾਬਾ ਅਮਰਦਾਸ ਜੀ (੧੪੭੯ ਈ.) ਦੀ ਆਪਣੀ ਆਯੂ ਕਰੀਬ ੬੦ ਵਰ੍ਹੇ ਸੀ। ਉਹ ਉਮਰ ਵਿਚ ਸ੍ਰੀ ਗੁਰੂ ਨਾਨਕ ਸਾਹਿਬ ਤੋਂ ਸਿਰਫ ੧੦ ਸਾਲ ਛੋਟੇ ਸਨ। ਸ੍ਰੀ ਗੁਰੂ ਨਾਨਕ ਸਾਹਿਬ ਦੇਵ ਜੀ ਦੇ ਸਾਰੇ ਜੀਵਨ ਕੌਤਕ ਉਨ੍ਹਾਂ ਦੇ ਜਵਾਨੀ ਵੇਲੇ ਵਿਚ ਹੋ ਰਹੇ ਸਨ। ਉਨ੍ਹਾਂ ਨੂੰ ਪਤਾ ਨਹੀਂ ਸੀ, ਪਰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨ ਕਹਾਣੀ ਦੀ ਥਾਂ ਉਨ੍ਹਾਂ ਨੂੰ ਗੁਰੂ ਦੀ ਬਾਣੀ ਨੇ ਅਸਲ ਵਿੱਚ ਵਿੰਨ੍ਹ ਦਿੱਤਾ। ਅੰਦਰ ਦੀ ਧਰਤੀ ਤਿਆਰ ਸੀ, ਗੁਰਬਾਣੀ ਦੇ ਇਕ ਛੱਟੇ ਨੇ ਹੀ ਸੁਰਜੀਤ ਕਰ ਦਿੱਤਾ। ਇੰਝ ਬੀਜ ਬੋਇਆ ਗਿਆ।

ਬਾਬਾ ਅਮਰਦਾਸ ਜੀ ਨੂੰ ਨਵਾਂ ਧੁਰਾ ਮਿਲ ਗਿਆ। ਮੰਜ਼ਲ ਜੋ ਲਭਦੀ ਨਹੀਂ ਸੀ, ਉਹ ਹੁਣ ਅੰਦਰੋਂ ਪ੍ਰਗਟ ਹੋ ਪਈ। ਸਚਮੁਚ ਪੂਰਾ ਗੁਰੂ ਸਾਹਮਣੇ ਹੀ ਅੰਤਹਕਰਣ ਵਿਚ ਪਰਗਟ ਹੋ ਗਿਆ। ਬਾਬਾ ਅਮਰਦਾਸ ਜੀ ਦੀ ਅਕੱਥ ਕਥਾ ਦੀ ਇਹ ਸ਼ੁਰੂਆਤ ਸੀ। ਬਜ਼ੁਰਗੀ ਵਿਚ ਤਾਕਤ, ਚਾਨਣਾ, ਦ੍ਰਿੜਤਾ ਤੇ ਮੰਜ਼ਲ ਦੀ ਥਾਂ, ਸਾਰੇ ਹੀ ਮਿਲ ਗਏ।

ਆਪ ਗੁਰੂ ਬਣਨ ਤਕ, ਉਨ੍ਹਾਂ ਨੂੰ ਗੁਰੂ ਸੇਵਾ ਦਾ ਉਹ ਰਾਹ ਮਿਲ ਪਿਆ ਜੋ ਭਾਈ ਲਹਿਣਾ ਰੂਪ ਵਿਚ ਗੁਰੂ ਅੰਗਦ ਸਾਹਿਬ ਜੀ ਆਪ ਲੈ ਚੁੱਕੇ ਸਨ। ਸੇਵਾ ਦੀ ਅਥਾਹ ਪੂੰਜੀ ਨਾਲ ਬਾਬਾ ਅਮਰਦਾਸ ਜੀ ਨੇ ਅੰਤਹਕਰਣ ਵਿਚੋਂ ਹਉਮੈਂ, ਮੈਂ, ਮੇਰੀ ਤੇ ਮੋਹ ਦੀ ਦੁਨੀਆ ਦਾ ਬੀਜ ਹੀ ਨਾਸ਼ ਹੋਣਾ ਸ਼ੁਰੂ ਹੋ ਗਿਆ। ਨਵਾਂ ਜੀਵਨ ਮਿਲਣਾ ਸ਼ੁਰੂ ਹੋ ਗਿਆ। ਇਹ ਕਲਾ ਸੀ ਨਿਰੰਕਾਰੀ ਜੀਵਨ ਦੇ ਨਵੇਂ ਅਰੰਭ ਦੀ। ਬੀਬੀ ਅਮਰੋ ਜੋ ਬਾਬਾ ਅਮਰਦਾਸ ਜੀ ਦੇ ਭਰਾ ਦੀ ਨੂੰਹ ਸੀ, ਉਨ੍ਹਾਂ ਤੋਂ ਆਪ ਨੇ ਪਹਿਲੀ ਵਾਰ ਗੁਰੂ ਨਾਨਕ ਦੀ ਬਾਣੀ ਸੁਣੀ ਤੇ ਉਨ੍ਹਾਂ ਨੂੰ ਜੀਵਨ ਦੀ ਨਵੀਂ ਰਾਹ ਦਿਸ ਪਈ। ਅਸੀਂ ਜੋ ਰੋਜ਼ ਬਾਣੀ ਪੜ੍ਹਣ ਤੇ ਸੁਣਨ ਦੀ ਡੀਂਗ ਮਾਰਨ ਵਾਲੇ ਹਾਂ, ਉਹ ਜ਼ਰੂਰ ਅੰਦਰ ਝਾਤੀ ਮਾਰ ਕੇ ਇਹ ਪੁਕਾਰ ਕਰੀਏ ਕਿ ਸਾਨੂੰ ਵੀ ਗੁਰਬਾਣੀ ਜੀਵਨ ਦਾ ਨਵਾਂ ਰਾਹ ਦੇ ਕੇ ਅਗੇ ਤੋਰੇ। ਗੁਰੂ ਅਮਰਦਾਸ ਜੀ, ਅਮਰਦਾਸ ਤੋਂ ਅੰਤਮ ਚਰਣ ਵਿਚ ਆਪ ਗੁਰੂ ਪੱਦ 'ਤੇ ਪਹੁੰਚੇ। ਇਹ ਕਿਰਪਾ ਦੀ ਬਿਜਲੀ ਰੰਗੀ ਚਕਾਚੌਂਧ ਦੇ ਅਸੀਂ ਭਾਗੀ ਬਣੀਏ, ਇਹ ਸਾਡੀ ਵੀ ਹਿਰਦੇ ਦੀ ਪੁਕਾਰ ਹੋਣੀ ਚਾਹੀਦੀ ਹੈ।

ਸ੍ਰੀ ਗੁਰੂ ਅਮਰਦਾਸ ਜੀ ਦੀ ਅਕੱਥ ਕਥਾ ਦੇ ਤਿੰਨ ਪੜਾਅ ਹਨ। ਗੁਰੂ ਦੀ ਜਾਈ ਤੇ ਸੱਚੀ ਸਿੱਖ ਬਣੀ, ਬੀਬੀ ਅਮਰੋ ਤੋਂ ਪਹਿਲਾਂ ਦੀ ਘਾਲਣਾ, ਪਹਿਲਾ ਪੜਾਅ ਹੈ। ਦੂਜਾ ਪੜਾਅ, ਆਪਣੇ ਰਿਸ਼ਤੇ ਦੇ ਕੁੜਮ (ਭਤੀਜੇ ਦੇ ਸਹੁਰਾ ਸਾਹਿਬ) ਦੀ ਸੇਵਾ ਦਾ ਕਾਲ ਪੂਰਾ ਕਰਕੇ, ਸ੍ਰੀ ਗੁਰੂ ਅੰਗਦ ਸਾਹਿਬ ਤੋਂ ਗੁਰੂ ਨਾਨਕ ਦਾ ਤੀਜਾ ਰੂਪ-ਸਰੂਪ ਬਣਕੇ ਗੁਰੂ ਹੋ ਕੇ ਨਿਰੰਕਾਰੀ ਜੀਵਨ ਦਾ ਤੀਜੀ ਸੇਵਾ ਦਾ ਕਾਲ ਹੈ। ਇਹ ੧੫੫੨ ਤੋਂ ੧੫੭੪ ਦਾ ਕਾਲ ਹੈ ਤੇ ਆਪਣੀ ੯੫ ਸਾਲ ਦੀ ਆਯੂ ਵਿਚ ਉਹ ਸ੍ਰੀ ਗੁਰੂ ਰਾਮਦਾਸ ਜੀ ਨੂੰ ਗੁਰੂ ਨਾਨਕ ਰੂਪ ਬਣਾ ਕੇ ਸੰਸਾਰ ਯਾਤਰਾ ਪੂਰੀ ਕਰ ਗਏ।

*ਮ.ਨੰ. ੧੧, ਗਰੀਨ ਵਿਊ ਕਾਲੋਨੀ, ਪਟਿਆਲਾ।

ਸ੍ਰੀ ਗੁਰੂ ਅਮਰਦਾਸ ਜੀ ਦਾ ਜੀਵਨ ਕਥਾ ਕਾਲ ਬੀਬੀ ਅਮਰੋ ਜੀ ਨੂੰ ਮਿਲਣ ਤੋਂ ਪਹਿਲਾਂ ਹੀ ਅਰੰਭ ਹੋ ਚੁੱਕਿਆ ਸੀ। ਇਹ ਧਰਤੀ ਨੂੰ ਤਿਆਰ ਹੋਣ ਦਾ ਕਾਲ ਹੈ। ਭਗਤੀ ਦੀ ਭਾਵਨਾ ਅੰਦਰੋਂ ਨਿਰੰਕਾਰੀ ਹੁਕਮ ਨਾਲ ਸ਼ੁਰੂ ਹੋ ਚੁੱਕੀ ਸੀ। ਉਹ ਤੀਰਥਾਂ ਦੇ ਯਾਤਰੂ ਸਨ। ਉਹ ਗੰਗਾ ਇਸ਼ਨਾਨ 'ਤੇ ਜਾਂਦੇ ਸਨ ਤੇ ਜੀਵਨ ਦਾ ਮਨੋਰਥ ਲੱਭ ਕੇ ਰੱਬ ਨਾਲ ਇਕਮਿਕਤਾ ਦੀ ਅਭਿਲਾਸ਼ਾ ਲੈ ਕੇ ਕਰਮਸ਼ੀਲ ਸਨ। ਕਿਰਤ ਵਿਚ ਵੀ ਅਧਿਆਤਮਕ ਜੀਵਨ ਵੱਲ ਪੱਕੇ ਲਗੇ ਹੋਏ ਸਨ। ਦਾਨ-ਪੁੰਨ, ਸੰਤ ਸੇਵਾ ਤੇ ਸੰਤਾਂ ਦੀ ਸੰਗਤ ਦੇ ਵੀ ਖੋਜੀ ਸਨ। ਗੰਗਾ ਯਾਤਰਾ ਹਰ ਸਾਲ ਕਰਦੇ ਸਨ। ਕਰੀਬ ੨੦ ਸਾਲ ਇਹ ਕਰਦੇ ਰਹੇ। ਇੱਕ ਬ੍ਰਹਮਚਾਰੀ ਸਾਧੂ ਨੇ ਝੰਜੋੜਿਆ ਕਿ ਉਹ ਗੁਰੂ ਬਿਨਾਂ ਜੀਵਨ ਵਿਅਰਥ ਕਰ ਰਹੇ ਹਨ। ਸਾਧੂ ਇਨ੍ਹਾਂ ਦਾ ਮਿੱਤਰ ਸੀ। ਮਹੀਨਾ ਭਰ ਸਾਥ ਕੀਤਾ ਸੀ। ਇਨ੍ਹਾਂ ਦੇ ਘਰ ਦਾ ਮਿੱਤਰ ਮਹਿਮਾਨ ਬਣ ਕੇ ਰਹਿ ਰਿਹਾ ਸੀ। ਪਰ ਜਦੋਂ ਉਸਨੂੰ ਪਤਾ ਲਗਿਆ ਕਿ ਬਾਬਾ ਅਮਰਦਾਸ ਦਾ ਗੁਰੂ ਕੋਈ ਨਹੀਂ ਹੈ, ਤਾਂ ਇਨ੍ਹਾਂ ਦੀ ਰੋਟੀ ਖਾਣੀ ਤੇ ਸਾਥ ਦੋਨੋਂ ਛੱਡ ਗਿਆ। ਪਰ ਇਹ ਸਾਧੂ ਗੁਰੂ ਦੀ ਤਾਂਘ ਦਾ ਬੀਜ ਬੋ ਗਿਆ। ਗੁਰੂ ਬਿਨਾਂ ਵਿਆਕੁਲ ਹੋ ਕੇ ਬਾਬਾ ਅਮਰਦਾਸ ਜੀ ਨੇ ਇਸ ਪ੍ਰਸ਼ਨ 'ਤੇ ਖੋਜ ਦਾ ਜੀਵਨ ਸ਼ੁਰੂ ਕਰ ਦਿੱਤਾ।

ਕੀ ਅਸੀਂ ਮਨ ਦੇ ਖੋਜੀ ਹੋ ਕੇ, ਆਪਣੇ ਅੰਦਰ ਝਾਤ ਮਾਰਦੇ ਹਾਂ? ਬਾਬਾ ਅਮਰਦਾਸ ਜੀ ਉਸ ਵੇਲੇ ਲਗਪਗ ੬੧ ਸਾਲ ਦੇ ਸਨ ਤੇ ਅਸਲ ਗੁਰੂ ਨਾਂਹ ਮਿਲਣ 'ਤੇ ਉਦਾਸ ਸਨ। ਭਰਾ ਦੀ ਨੂੰਹ ਤੋਂ ਗੁਰੂ ਨਾਨਕ ਬਾਣੀ ਦਾ ਇਹ ਸ਼ਬਦ ਅੰਮ੍ਰਿਤ ਵੇਲੇ ਉਨ੍ਹਾਂ ਦੇ ਕੰਨਾਂ ਵਿਚ ਪਿਆ:-

ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ॥ ...
ਚਿਤ ਚੇਤਸਿ ਕੀ ਨਹੀ ਬਾਵਰਿਆ॥
ਹਰਿ ਬਿਸਰਤ ਤੇਰੇ ਗੁਣ ਗਲਿਆ॥੧॥ਰਹਾਉ॥ ...
ਭਇਆ ਮਨੂਰੁ ਕੰਚਨੁ ਫਿਰਿ ਹੋਵੈ ਜੇ ਗੁਰੁ ਮਿਲੈ ਤਿਨੇਹਾ॥
ਏਕੁ ਨਾਮੁ ਅੰਮ੍ਰਿਤੁ ਓਹੁ ਦੇਵੈ ਤਉ ਨਾਨਕ ਤ੍ਰਿਸਟਸਿ ਦੇਹਾ॥੪॥੩॥

(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ੯੯੦)

ਇਹ ਮਾਰੂ ਰਾਗ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਵਿੱਤਰ ਸ਼ਬਦ ਬੀਬੀ ਅਮਰੋ (ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁਤਰੀ) ਪੜ੍ਹ ਰਹੀ ਸੀ। ਸੁਣ ਕੇ ਬਾਬਾ ਅਮਰਦਾਸ ਜੀ ਦਾ ਮਨ ਵਿੰਨ੍ਹਿਆ ਗਿਆ। ਕਲੇਜੇ ਨੂੰ ਟੁੰਬ ਗਈ ਇਹ ਪਵਿੱਤਰ ਗੁਰੂ ਨਾਨਕ ਬਾਣੀ। ਬਾਬਾ ਅਮਰਦਾਸ ਜੀ ਨੂੰ ਗੁਰੂ ਨਾਨਕ ਦੀ ਕਥਾ ਮਿਲ ਗਈ। ਬਾਣੀ ਮਿਲ ਗਈ। ਅਜਿਹੇ ਗੁਰੂ ਨੂੰ ਲੱਭਣ ਤੁਰ ਪਏ। ਜਾ ਮਿਲੇ ਗੁਰੂ ਅੰਗਦ ਸਾਹਿਬ ਨੂੰ, ਬੀਬੀ ਅਮਰੋ ਨੂੰ ਲੈ ਕੇ। ਜੀਵਨ ਦਾ ਪਹਿਲਾ ਪੜਾਅ ਮੁੱਕ ਗਿਆ। ਦੂਜੇ ਪੜਾਅ ਵੱਲ, ਗੁਰੂ ਨੂੰ ਮਿਲਣ ਵਾਲੇ ਰਾਹ 'ਤੇ ਤੁਰ ਪਏ। ਹੁਣ ਉਦਾਸ ਨਹੀਂ ਸਨ। ਰਾਹ ਵੀ ਦਿਸ ਪਿਆ। ਗੁਰੂ ਹੀ ਮੰਜ਼ਲ 'ਤੇ ਲੈ ਜਾਏਗਾ।

ਅਸੀਂ ਜੋ ਗੁਰੂ ਵਾਲੇ ਹਾਂ, ਕੀ ਅੰਮ੍ਰਿਤ ਬਾਣੀ ਸਾਨੂੰ ਅੰਮ੍ਰਿਤ ਵੇਲੇ ਸੁਣਦੀ ਹੈ? ਕੀ ਮਨ ਨੂੰ ਵਿੰਨ੍ਹਦੀ ਹੈ? ਕੀ ਗੁਰੂ ਨੂੰ ਲੈ ਕੇ ਵੀ ਹਾਲੇ ਸਾਡਾ ਗੁਰੂ ਵਾਲਾ ਜੀਵਨ ਬਣਿਆ ਹੈ ਕਿ ਨਹੀਂ? ਕੀ ਅਸੀਂ ਮਨੂਰ ਤੋਂ ਕੰਚਨ ਬਣਨ ਦੇ ਹਾਲੇ ਚਾਹਵਾਨ ਵੀ ਹੋਏ ਕਿ ਨਹੀਂ ਹੋਏ?

ਬਾਬਾ ਅਮਰਦਾਸ ਜੀ ਦਾ ਦੂਜਾ ਪੈਂਡਾ ਲਗਪਗ ੬੧ ਸਾਲ ਦੀ ਉਮਰ ਤੋਂ ਸ਼ੁਰੂ ਹੋਇਆ। ਰਾਹ 'ਤੇ ਤੋਰਨ ਵਾਲੇ ਤੇ ਮੰਜ਼ਲ ਵੱਲ ਲਿਜਾਣ ਵਾਲੇ ਸ੍ਰੀ ਗੁਰੂ ਅੰਗਦ ਸਾਹਿਬ ਜੀ ਉਸ ਵੇਲੇ ਲਗਪਗ ੩੫ ਸਾਲ ਦੀ ਉਮਰ ਵਿਚ ਸਨ। ਬਾਬਾ ਅਮਰਦਾਸ ਜੀ ਦਾ ਸਫ਼ਰ ਬਾਸਰਕੇ ਪਿੰਡ ਤੋਂ ਸ਼ੁਰੂ ਹੋਇਆ, ਗੰਗਾ ਦੀਆਂ ਯਾਤਰਾਵਾਂ ਤੋਂ ਲੰਘਦਾ ਹੋਇਆ ਖਡੂਰ ਸਾਹਿਬ ਦੇ ਪਿੰਡ ਵਿਚ ਆ ਕੇ ਟਿੱਕ ਗਿਆ।

ਅਸੀਂ ਕਦੋਂ ਤੇ ਕਿਥੇ ਆ ਕੇ ਹਾਲੇ ਟਿਕਾਂਗੇ! ਗੁਰੂ ਉਮਰ ਨਹੀਂ ਹੁੰਦਾ। ਸੇਵਕ ਵੀ ਉਮਰ ਨਹੀਂ ਹੁੰਦਾ। ਰਿਸ਼ਤਾ ਪ੍ਰੇਮ ਦਾ, ਹੁਕਮ ਤੇ ਚਲਣ ਦਾ ਤੇ ਸੱਤ ਸੰਤੋਖ ਨਾਲ ਨਾਮ ਦੇ ਰਸਤੇ 'ਤੇ ਤੁਰੀ ਜਾਣ ਦਾ ਹੁੰਦਾ ਹੈ। ਸਵਾਲ ਮੇਰੇ ਅੰਦਰ ਦਾ ਹੈ ਕਿ ਮੈਂ ਕਦੋਂ ਆਪਣਾ ਪੈਂਡਾ ਮੰਜ਼ਲ ਵੱਲ ਤੁਰਨਾ ਸ਼ੁਰੂ ਕਰਾਂਗਾ! ਹਾਂ ਜੀ, ਕਦੋਂ?

ਬਾਬਾ ਅਮਰਦਾਸ ਜੀ ਨੇ ਸ੍ਰੀ ਗੁਰੂ ਅੰਗਦ ਦੇਵ ਜੀ ਕੋਲ ਆ ਕੇ ਸੀਸ ਝੁਕਾਅ ਦਿੱਤਾ। ਸ੍ਰੀ ਗੁਰੂ ਅੰਗਦ ਦੇਵ ਜੀ ਦੇ ਆਸਣ ਦੇਣ ਦੀ ਪੇਸ਼ਕਸ਼ ਨੂੰ ਬਾਬਾ ਅਮਰਦਾਸ ਜੀ ਨੇ ਛੱਡ ਕੇ ਚਰਨਾਂ ਵਿਚ ਬੈਠਣ ਦਾ ਮਾਣ ਮਹਿਸੂਸ ਕੀਤਾ। ਗੁਰੂ ਦੇ ਹੁਕਮ ਤੇ ਸੇਵਾ ਵਿਚ ਆ ਕੇ ਨਵਾਂ ਰਾਹ ਸ਼ੁਰੂ ਕੀਤਾ। ਫੇਰ ਪਿੱਛੇ ਨਹੀਂ ਤੱਕਿਆ। "ਆਗਾਹਾ ਕੂ ਤ੍ਰਾਘਿ" ਦੇ ਸਫਰ ਵਿਚ ਨਿਰੰਤਰ ਲੱਗ ਗਏ। ਗੁਰੂ ਤੇ ਸੇਵਕ ਦੇ ਰਿਸ਼ਤੇ ਵਿਚ ਦੁਨਿਆਵੀ ਰਿਸ਼ਤੇ, ਰਿਵਾਜ, ਝਾਕੇ ਤੇ ਮਾਣ ਮੁੱਕ ਕੇ ਨਵੇਂ ਰਾਹ ਵੱਲ ਕਦਮ ਪੁੱਟੇ। ਸ੍ਰੀ ਗੁਰੂ ਅੰਗਦ ਸਾਹਿਬ ਨੇ ਸੇਵਾ ਤੇ ਹੁਕਮ ਦਾ ਰਾਹ ਜੋ ਗੁਰੂ ਨਾਨਕ ਸਾਹਿਬ ਤੋਂ ਲਿਆ ਸੀ, ਉਸੇ ਨੂੰ ਸ੍ਰੀ ਗੁਰੂ ਅਮਰਦਾਸ ਜੀ ਦੇ ਹਵਾਲੇ ਕੀਤਾ।

ਸ੍ਰੀ ਗੁਰੂ ਅਮਰਦਾਸ ਜੀ ਨੂੰ ਵੱਡੀ ਉਮਰ ਵਿਚ ਵੀ ਜੀਵਨ ਉਸਾਰਨ ਦੇ ਕਾਰਜ ਵਿਚ ਜਵਾਨਾਂ ਵਰਗਾ ਉਤਸ਼ਾਹ ਸੀ। ਉਨ੍ਹਾਂ ਨੂੰ ਘਰ ਗੁਜ਼ਾਰੇ ਦੀ ਥੁੜ ਨਹੀਂ ਸੀ। ਰਿਸ਼ਤੇ ਵਿਚ ਗੁਰੂ ਅੰਗਦ ਸਾਹਿਬ ਦੇ ਕੁੜਮ ਦੇ ਨਾਤੇ ਸਮਾਜਕ ਸਨਮਾਨ ਸੀ। ਆਮ ਤੌਰ 'ਤੇ ਪਰਮਾਰਥ ਦੇ ਰਸਤੇ ਦੀ ਇਹੀ ਰੁਕਾਵਟ ਹੁੰਦੀ ਹੈ। ਬਾਬਾ ਅਮਰਦਾਸ ਜੀ ਨੇ ਭਤੀਜੇ ਦੇ ਸਹੁਰਾ ਸਾਹਿਬ ਦੀ ਸੇਵਾ ਗਰੀਬੜੇ, ਨਿਰਮਾਣ ਤੇ ਪਿਆਰ ਭਰਪੂਰ ਸੇਵਕ ਵਾਂਗ ਸ਼ੁਰੂ ਕਰ ਦਿੱਤੀ। ਗੁਰੂ ਦੀ ਖੁਸ਼ੀ ਤੇ ਆਤਮਕ ਵਿਕਾਸ ਤੇ ਵਿਗਾਸ ਹੀ ਉਨ੍ਹਾਂ ਦਾ ਮਨੋਰਥ ਸੀ। ਸ੍ਰੀ ਗੁਰੂ ਅੰਗਦ ਦੇਵ ਜੀ ਖਡੂਰ ਸਾਹਿਬ ਰਹਿ ਕੇ ਗੁਰੂ ਕਾਰਜ, ਸੇਵਾ ਤੇ ਆਤਮ ਵਿਗਾਸ ਦਾ ਪਰਸ਼ਾਦ ਵੰਡ ਰਹੇ ਸਨ।

ਬਾਬਾ ਅਮਰਦਾਸ ਜੀ ਇਥੇ ਹੀ ਰਹਿਣ ਲੱਗ ਪਏ। ਅੱਧੀ ਰਾਤ ਤੋਂ ਬਾਦ ਗਾਗਰ ਲੈ ਕੇ ਬਿਆਸ ਦਰਿਆ ਵੱਲ ਤੁਰ ਪੈਂਦੇ, ਜੋ ਲਗਪਗ ੫ ਮੀਲ ਦੂਰ ਸੀ। ਆਪ ਦਰਿਆ 'ਤੇ ਇਸ਼ਨਾਨ ਕਰਕੇ, ਪਾਣੀ ਦੀ ਗਾਗਰ ਭਰ ਕੇ ਖਡੂਰ ਸਾਹਿਬ ਵੱਲ ਤੁਰ ਪੈਂਦੇ ਤਾਂ ਕਿ ਸ੍ਰੀ ਗੁਰੂ ਅੰਗਦ ਸਾਹਿਬ ਨੂੰ ਅੰਮ੍ਰਿਤ ਵੇਲੇ ਇਸ਼ਨਾਨ ਲਈ ਜਲ ਦੇ ਸਕਣ। ਇਹ ਉਨ੍ਹਾਂ ਦੀ ਬਿਨਾਂ ਕਿਸੇ ਵੀ ਨਾਗੇ ਪਾਏ ਰੋਜ਼ ਦੀ ਨਿਸ਼ਕਾਮ ਪਿਆਰ ਭਰੀ ਸੇਵਾ ਸੀ। ਉਮਰ ਤੋਂ ਸੱਠ-ਸੱਤਰ ਸਾਲ ਵਾਲੇ ਸਰੀਰ ਨਾਲ, ਉਨ੍ਹਾਂ ਲਈ ਰੋਜ਼ ਦਾ ਇਹ ਭਾਰ ਚੁੱਕਣਾ ਸੌਖਾ ਨਹੀਂ ਸੀ। ਅੱਧੇ ਕੁ ਰਸਤੇ ਵਿਚ ਉੱਚੇ ਥੜੇ ਤੇ ਰੁੱਕ ਕੇ ਗਾਗਰ ਰਖਦੇ, ਕੁਝ ਸਰੀਰ ਨੂੰ ਆਰਾਮ ਦਾ ਵਕਤ ਦੇਂਦੇ। ਫਿਰ ਗਾਗਰ ਖੜ੍ਹੇ-ਖੜ੍ਹੇ ਚੁੱਕ ਕੇ ਖਡੂਰ ਸਾਹਿਬ ਵੱਲ ਗੁਰੂ ਜੀ ਨੂੰ ਅੰਮ੍ਰਿਤ ਵੇਲੇ ਇਸ਼ਨਾਨ ਕਰਵਾਣ ਲਈ ਤੁਰ ਪੈਂਦੇ। ਇਸ਼ਨਾਨ ਕਰਵਾਣ ਦੀ ਇਹ ਸੇਵਾ ਲਗਪਗ ੧੨ ਸਾਲ ਕੀਤੀ। ਇਸੇ ਕਾਲ ਵਿੱਚ, ਦਿਨ ਵਿੱਚ ਉਹ ਲੰਗਰ ਦੇ ਭਾਂਡੇ ਮਾਂਜਣ ਦੀ ਸੇਵਾ ਕਰਦੇ, ਪਾਣੀ ਢੋਂਦੇ, ਪੱਖੇ ਝੱਲਦੇ। ਸੇਵਾ ਕਰਦੇ ਮੁਖ ਵਿਚੋਂ ਗੁਰਬਾਣੀ ਦਾ ਪਾਠ ਕਰਦੇ ਰਹਿੰਦੇ। ਹੋਰਨਾਂ ਨਾਲ ਗੱਲਬਾਤ ਬਹੁਤ ਘੱਟ ਕਰਦੇ। ਇਹ ਸੇਵਾ ਸਖ਼ਤ ਸਰਦੀ, ਸਖ਼ਤ ਗਰਮੀ ਤੇ ਬਰਸਾਤ ਵਿਚ ਵੀ ਬਿਨਾਂ ਰੁਕਾਵਟ ਚਲਦੀ ਰਹੀ। ਬਿਰਧ ਸਰੀਰ ਦੀ ਇਹ ਕਠਨ ਸੇਵਾ ਆਤਮ ਰਸ ਪੀਂਦੇ ਹੋਏ ਹੀ ਹੁੰਦੀ ਰਹਿੰਦੀ।

ਸ੍ਰੀ ਗੁਰੂ ਅੰਗਦ ਦੇਵ ਜੀ ਦੇ ਹੁਕਮ ਵਿਚ ਦਰਿਆ ਬਿਆਸ ਦੇ ਨੇੜੇ ਗੋਇੰਦਵਾਲ ਦੀ ਬਸਤੀ ਵਿਚ ਬਾਬਾ ਅਮਰਦਾਸ ਜੀ ਆ ਕੇ ਰਹਿਣ ਲੱਗ ਪਏ। ਗੋਂਦੇ ਭਾਈ ਦੀ ਇਸ ਜ਼ਮੀਨ ਤੇ ਇਲਾਕੇ ਵਿਚ ਲੋਕਾਂ ਨੂੰ ਭੂਤ ਪ੍ਰੇਤਾਂ ਦੇ ਡਰ ਕਾਰਨ ਨਗਰੀ ਵਸਦੀ ਨਹੀਂ ਸੀ। ਬਾਬਾ ਅਮਰਦਾਸ ਜੀ ਦੇ ਆਉਣ ਨਾਲ ਸਭ ਦੇ ਡਰ ਭਉ ਮੁੱਕ ਗਏ ਪਰ ਖਡੂਰ ਸਾਹਿਬ ਦੀ ਗੁਰੂ ਇਸ਼ਨਾਨ ਸੇਵਾ ਬਾਬਾ ਅਮਰਦਾਸ ਜੀ ਨਾਲ ਦੀ ਨਾਲ ਹੀ ਕਰਦੇ ਰਹੇ। ੧੫੫੨ ਈ. ਤਕ ਇਹ ਸੇਵਾ, ਸਿਮਰਨ ਤੇ ਗੁਰੂ ਹੁਕਮ ਦੀ

ਪਾਲਣਾ ਗੁਰਬਾਣੀ ਪਾਠ ਸਮੇਤ ਆਪ ਕਰਦੇ ਰਹੇ। ਗੁਰੂ ਤੋਂ ਇਸ ਸੇਵਾ ਭਰਪੂਰ ਸੱਚੇ-ਸੁੱਚੇ ਜੀਵਨ ਤੋਂ ਇਲਾਵਾ ਕੁਝ ਵੀ ਨਹੀਂ ਮੰਗਿਆ। ਸਰੀਰ ਬਿਰਧ ਹੁੰਦਾ ਗਿਆ। ਉਸੇ ਸਰੀਰ ਵਿਚੋਂ ਹੀ ਆਤਮਾ ਗੁਰੂ-ਨਿਰੰਕਾਰ ਨਾਲ ਜੁੜ ਕੇ ਬਲਵਾਨ ਹੁੰਦੀ ਗਈ।

ਅੰਮ੍ਰਿਤ ਵੇਲੇ ਦੇ ਗਾਗਰ-ਇਸ਼ਨਾਨ ਕਰਵਾਣ ਦੀ ਸੇਵਾ ਵਿਚ ਇਕ ਦਿਨ ਬਹੁਤ ਭਾਰੀ ਮੀਂਹ ਵਿਚੋਂ ਲੰਘਦੇ ਹੋਏ, ਇਕ ਜੁਲਾਹੇ ਦੇ ਘਰ ਦੇ ਬਾਹਰ ਖੱਡੀ ਨਾਲ ਪੈਰ ਅਟਕਿਆ। ਡਿਗਦੇ ਹੋਏ ਵੀ ਗਾਗਰ ਨਹੀਂ ਡਿਗਣ ਦਿੱਤੀ। ਜੁਲਾਹੇ ਤੇ ਜੁਲਾਹੀ ਦੇ ਉੱਚੇ ਵਾਰਤਾਲਾਪ ਵਿਚੋਂ ਸੁਣਿਆ ਕਿ "ਇਹ ਅਮਰੂ ਨਿਥਾਵਾਂ ਹੀ ਹੋਣਾ ਹੈ!" ਆਪ ਜੀ ਨੇ ਸਿਰਫ਼ ਇੰਨਾ ਹੀ ਕਿਹਾ। ਕਮਲੀਏ "ਮੇਰਾ ਤਾਂ ਗੁਰੂ ਅੰਗਦ ਸਾਹਿਬ ਹੀ ਮੇਰੀ ਥਾਂ ਅਤੇ ਮੰਜ਼ਲ ਹੈ। ਮੈਂ ਨਿਥਾਵਾਂ ਨਹੀਂ ਹਾਂ" ਕਮਲੀ ਹੋਈ ਜੁਲਾਹੀ ਨੂੰ ਉਸ ਦਾ ਪਤੀ ਗੁਰੂ ਕੋਲ ਬਖ਼ਸ਼ਾਣ ਲਈ ਲਿਆਇਆ। ਗੁਰੂ ਜੀ ਨੇ ਬਖ਼ਸ਼ਿਸ਼ ਕਰ ਕੇ ਇਹ ਕਿਹਾ ਕਿ ਅਮਰਦਾਸ ਆਪ ਨਿਥਾਵਿਆਂ ਦੀ ਥਾਂਵ ਹੈ। ਨਿਆਸਰਿਆਂ ਦਾ ਆਸਰਾ ਹੈ। ਨਿਗਤਿਆਂ ਦੀ ਗੱਤ ਹੈ। ਇਸ ਤਰ੍ਹਾਂ ਕਈ ਵਰ ਦੇਂਦੇ ਹੋਏ, ਜੁਲਾਹੀ ਨੂੰ ਮਾਫ਼ ਕਰ ਦਿੱਤਾ। ਇਹ ਬਚਨ ਬਾਬਾ ਅਮਰਦਾਸ ਜੀ ਨੂੰ ਪ੍ਰਾਪਤ ਹੋਏ।

ਕੀ ਅਸੀਂ ਬਾਬਾ ਅਮਰਦਾਸ ਜੀ ਦੀ ਇਹ ਵੱਡੀ ਉਮਰ ਦੀ ਸੇਵਾ ਦੀ ਘਾਲ, ਮਿਠਾਸ, ਗੁਰੂ ਪਿਆਰ ਤੇ ਵਿਸ਼ਵਾਸ਼ ਆਪਣੇ, ਆਤਮਕ ਵਿਕਾਸ ਤੇ ਵਿਗਾਸ ਲਈ, ਕੁਝ ਅੰਸ਼ ਮਾਤਰ ਵੀ ਲੈਂਦੇ ਜਾਂ ਕਰਦੇ ਹਾਂ? ਕਿਸੇ ਵੀ ਉਮਰ ਵਿਚ ਸ਼ੁਰੂ ਹੋ ਸਕਦਾ ਹੈ, ਜੇ ਹਾਲੇ ਨਹੀਂ ਤਾਂ ਹੁਣੇ ਤੋਂ ਹੀ ਸ਼ੁਰੂ ਹੋ ਜਾਈਏ। ਵਸਤੂਆਂ ਤੇ ਸੇਵਾਵਾਂ ਮੰਗਣ ਲਈ ਨਹੀਂ, ਕੇਵਲ ਨਾਮ ਪਦਾਰਥ ਮੰਗਣ ਲਈ ਹੀ। ਇਹ ਹੀ ਅਸਲ ਸੇਵਾ ਹੈ।

ਬਾਬਾ ਅਮਰਦਾਸ ਜੀ ਨੂੰ ਧੰਨ ਸ੍ਰੀ ਗੁਰੂ ਅੰਗਦ ਸਾਹਿਬ ਨੇ ਸਿੱਖ ਪੰਥ ਦਾ ਗੁਰੂ ਸਾਜ ਤੇ ਨਿਵਾਜ ਕੇ, ਸ੍ਰੀ ਗੁਰੂ ਨਾਨਕ ਦੇਵ ਦੀ ਦਿੱਤੀ ਰੀਤ ਨੂੰ ਅੱਗੇ ਤੋਰਦੇ ਹੋਏ ਆਪਣੇ ਸੇਵਕ ਨੂੰ ਗੁਰਿਆਈ ਸੌਂਪ ਦਿੱਤੀ। ਇੰਝ ਸ੍ਰੀ ਗੁਰੂ ਅਮਰਦਾਸ ਜੀ ਨੂੰ ਸੇਵਾ, ਸਿਮਰਨ ਤੇ ਸਿੱਖੀ ਵੰਡਣ ਦੀ ਸੇਵਾ ਦੇ ਕਾਰਜ ਵਿੱਚ ਲਾ ਦਿੱਤਾ।

੧੫੫੨ ਈ. ਤੋਂ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਦਾ ਨਵਾਂ ਪੈਂਡਾ ਤੀਜੇ (ਨਵੇਂ) ਪੜਾਅ ਤੋਂ ਹੁਣ ਸ਼ੁਰੂ ਹੋ ਗਿਆ।

ਸ੍ਰੀ ਗੁਰੂ ਅਮਰਦਾਸ ਜੀ ਹੋ ਕੇ ਨਿਜੀ ਜੀਵਨ ਵਿਚ ਸੇਵਾ ਸਿਮਰਨ-ਗੁਰਬਾਣੀ ਨੂੰ ਅੱਗੇ ਵਾਂਗ ਹੀ ਜਾਰੀ ਰਖਿਆ ਤੇ ਇਹ ਹੁਣ ਵੰਡਣ ਦੀ ਜ਼ਿੰਮੇਵਾਰੀ ਵਿਚ ਵੀ ੧੫੫੨ ਈ. ਤੋਂ ਲੱਗ ਗਏ।

ਸ੍ਰੀ ਗੁਰੂ ਅਮਰਦਾਸ ਜੀ ਨੇ ਪੁਰਾਣੀ ਚਲਦੀ ਮਰਿਯਾਦਾ, ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਅੰਗਦ ਦੇਵ ਜੀ ਦੇ ਚਲਾਏ ਲੰਗਰ ਪ੍ਰਬੰਧ ਨੂੰ ਹੋਰ ਪੱਕਾ ਕੀਤਾ। ਗੁਰੂ ਦਰਸ਼ਨ, ਗੁਰੂ ਮੇਲ ਤੇ ਗੁਰੂ ਵਿਚਾਰ ਤੋਂ ਵੀ ਪਹਿਲਾਂ ਲੰਗਰ ਤੇ ਪੰਗਤ ਜਰੂਰੀ ਕਰ ਦਿੱਤੇ। ਸਭ ਲਈ ਇਕੋ ਹੀ ਹਦਾਇਤ ਤੇ ਅਸੂਲ ਹੋ ਗਿਆ। ਦਿਹਾੜੀ ਵਾਲਾ ਮਜ਼ਦੂਰ ਤੇ ਸ਼ਹਿਨਸ਼ਾਹ ਅਕਬਰ ਵੀ ਇਕੋ ਪੰਗਤ, ਇਕੋ ਮਰਯਾਦਾ ਵਿਚ, ਇਕੋ ਜਿਹਾ ਲੰਗਰ ਛੱਕਦੇ ਸਨ। "ਅਤੁੱਟ" ਲੰਗਰ ਮਰਯਾਦਾ ਦਾ ਇਹੀ ਮਤਲਬ ਸੀ।

ਕੀ ਅਸੀਂ ਇਹੋ ਕੁਝ ਕਰਦੇ ਹਾਂ? ਕੀ ਅਸੀਂ ਖਾਸ ਬੰਦਿਆਂ ਲਈ ਖਾਸ ਸਲੂਕ ਤਾਂ ਨਹੀਂ ਕਰਦੇ? ਕੀ ਅਸੀਂ ਆਪਣੇ ਲਈ ਖਾਸ ਸਹੂਲਤਾਂ ਤਾਂ ਨਹੀਂ ਮੰਗਦੇ?

੨੨ ਸਾਲ ਗੁਰੂ ਰੂਪ ਵਿਚ ਹੋਰ ਵੀ ਸੇਵਾਵਾਂ ਕੀਤੀਆਂ?

੨੨ ਮੰਜੀਆਂ ਕਾਇਮ ਹੋਈਆਂ। ਸਾਰੇ ਸਿੱਖ ਜਗਤ ਦੀਆਂ ੨੨ ਪ੍ਰਬੰਧਕ ਇਕਾਈਆਂ ਬਣ ਗਈਆਂ। ਗੁਰੂ ਤੇ ਸੰਗਤ ਦਾ ਸਿੱਧਾ ਸੰਬੰਧ ਹੋ ਗਿਆ। ਸਾਂਝੇ ਸਿੱਖ ਸੰਗਤ ਦੇ ਕਾਰਜਾਂ ਲਈ ਦਸਵੰਧ ਦਾ ਸਿੱਧਾ

ਤੇ ਸੌਖਾ ਰਾਹ ਸੰਗਤ ਨੂੰ ਮਿਲ ਗਿਆ। ਗੁਰੂ ਮਿਲਾਪ ਲਈ ਯਾਤਰਾਵਾਂ ਸੌਖੀਆਂ ਹੋ ਗਈਆਂ। ਗੁਰੂ ਉਪਦੇਸ਼ ਤੇ ਗੁਰੂ ਹੁਕਮ ਤੇ ਪ੍ਰਸਪਰ ਮਿਲਾਪ ਵਾਲੀ ਸੰਗਤ ਇਕੱਠੀ ਹੋ ਗਈ।

ਅੱਜ ਇੰਟਰਨੈੱਟ ਦੇ ਯੁਗ ਵਿਚ ਸੰਪਰਕ ਤੇ ਸੌਖ ਵੱਧ ਗਏ ਹਨ। ਪਰ ਮਿਲ ਕੇ ਸੰਗਤ ਰੂਪ ਵਿਚ ਬੈਠਣਾ ਘੱਟ ਗਿਆ ਹੈ ਜਾਂ ਹੱਟ ਗਿਆ ਹੈ। ਇਹ ਪ੍ਰਣਾਲੀ ਕਿਵੇਂ ਸੁਰਜੀਤ ਕਰੀਏ? ਕੀ ਅਸੀਂ ਕੁਝ ਸੋਚ ਜਾਂ ਉਪਰਾਲਾ ਕੀਤਾ ਹੈ ਕਿ ਨਹੀਂ?

ਗੁਰੂ ਦੀ ਬਾਣੀ (ਸ੍ਰੀ ਗੁਰੂ ਨਾਨਕ ਸਾਹਿਬ, ਸ੍ਰੀ ਗੁਰੂ ਅੰਗਦ ਸਾਹਿਬ) ਤੇ ਆਪਣੀ ਰਚੀ ਬਾਣੀ ਨੂੰ ਇਕ ਥਾਂ ਪੋਥੀ ਰੂਪ ਕਰਨ ਦੀ ਲੋੜ ਨੂੰ ਸ੍ਰੀ ਗੁਰੂ ਅਮਰਦਾਸ ਜੀ ਨੇ ਪੂਰਾ ਕੀਤਾ। ਗੁਰਬਾਣੀ ਦੀ ਹੁਣ ਪੋਥੀ ਰੂਪ ਵਿਚ ਪਹੁੰਚ ਸੌਖੀ ਕਰ ਦਿੱਤੀ। ਗੁਰਬਾਣੀ ਦਾ ਪਿਆਰ, ਸਤਿਕਾਰ ਤੇ ਭਰੋਸਾ ਵੀ ਵੱਧ ਗਿਆ।

ਅੱਜ ਇੰਟਰਨੈੱਟ ਰਾਹੀਂ, ਕੰਪਿਊਟਰ ਰਾਹੀਂ ਗੁਰਬਾਣੀ ਤੇ ਇਤਿਹਾਸ ਸਾਡੇ ਕੋਲ ਹਨ ਤੇ ਵਰਤੋਂ ਲਈ ਸੌਖੇ ਹੋ ਗਏ ਹਨ। ਪਰ ਅਸੀਂ ਪੋਥੀ ਰੂਪ ਤੋਂ ਪਰ੍ਹੇ ਹੋ ਕੇ, ਸਤਿਕਾਰ, ਪਿਆਰ ਤੇ ਸ਼ਰਧਾ ਤੋਂ ਦੂਰ ਹੋ ਕੇ ਸਿਰਫ ਖੋਜ, ਵਿਚਾਰ ਤੇ ਵਿਦਵਤਾ ਵੱਲ ਹੀ ਨਾਂਹ ਲਗ ਪਈਏ ਤੇ ਸਿਰਫ ਇਵੇਂ ਹੀ ਤੁਰਦੇ ਨਾਂਹ ਰਹੀਏ। ਨਿੱਜੀ ਰੂਪ ਵਿਚ ਅਸੀਂ ਆਪਣੇ ਪਰਿਵਾਰ ਨੂੰ ਇਸ ਪਾਸੇ ਇੰਝ ਲਗਾਈਏ ਕਿ ਉਹ ਗੁਟਕਾ ਸਾਹਿਬ ਤੋਂ, ਪੋਥੀ ਸਾਹਿਬ ਤੋਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਤੋਂ ਪਾਠ ਤੇ ਅਭਿਆਸ ਕਰਨਾ ਸਿਖੀਏ।

ਸਿੱਖ ਸੰਗਤ ਵਿਚ ਸ਼ਰਧਾ, ਪਿਆਰ ਤੇ ਸਤਿਕਾਰ ਭਰਨ ਲਈ ਹੀ ਸ੍ਰੀ ਗੁਰੂ ਅਮਰਦਾਸ ਜੀ ਨੇ ਹੁਕਮ ਕੀਤਾ ਕਿ ਸਿੱਖੀ ਦੇ ਕਾਰਜ ਵਿਚ ਤੇ ਸਮਾਜਕ ਦਰਜੇ ਵਿਚ, ਇਸਤ੍ਰੀ ਜਗਤ ਤੇ ਮਰਦ ਜਗਤ ਦੋ ਵੱਖ ਟੁਕੜੀਆਂ ਨਹੀਂ ਹਨ। ਇਕੋ ਇਕਾਈ ਹਨ। ਇਸੇ ਪਰਗਟ ਇਕਾਈ ਨੂੰ ਦ੍ਰਿੜ ਕਰਵਾਣ ਲਈ ਤੇ ਵਿਹਾਰ ਵਿਚ ਦੱਸਣ ਲਈ ਘੁੰਡ ਤੇ ਪਰਦਾ ਖਤਮ ਕਰ ਕੇ ਸਾਦੇ ਰੂਪ ਵਿਚ ਸੰਗਤ ਦਾ ਗਠਨ ਹੋ ਗਿਆ।

ਕੀ ਅਸੀਂ ਇਸ ਨੂੰ ਅੱਜ ਰੋਲ-ਘਚੋਲ ਕਰ ਕੇ, ਇਸਤ੍ਰੀ ਫੈਸ਼ਨ ਤੇ ਡ੍ਰੈਸਾਂ ਰਾਹੀਂ (ਲਹਿੰਗੇ, ਕੈਪਰੀ, ਗਹਿਣੇ, ਵਿਖਾਵੇ ਦੀਆਂ ਲਾਈਟਾਂ, ਬੇਲੋੜੀਆਂ ਸਜਾਵਟਾਂ ਆਦਿ ਰਾਹੀਂ) ਆਪਣੇ ਆਪ ਨੂੰ ਆਤਮਕ ਰੂਪ ਤੋਂ ਪਰ੍ਹੇ ਹੋ ਗਏ ਹਾਂ। ਅੱਜ ਅਸੀਂ ਜੋੜ ਮੇਲ, ਇਕੱਠ, ਸ਼ੋਰ-ਗੁਲ ਤੇ ਪਿਕਨਿਕ ਦੇ ਮੇਲੇ ਬਣਾ ਕੇ, ਕੀ ਅਸੀਂ ਗੁਰੂ ਆਸ਼ੇ ਦੀ ਸਿੱਖੀ ਤੋਂ ਪਰ੍ਹੇ ਨਹੀਂ ਹੋ ਰਹੇ? ਕਿਵੇਂ ਤੇ ਕਦੋਂ ਗੁਰੂ ਤੋਂ ਸਿੱਖੀ ਜੀਵਨ ਜਾਂਚ ਤੇ ਆਤਮਕ ਰਸ ਵਾਲੀ ਪਦਵੀ ਮੰਗਾਂਗੇ? ਆਪਣੇ ਆਪ ਤੇ ਜਾਂ ਪਰਿਵਾਰ ਤੋਂ ਕਦੋਂ ਸ਼ੁਰੂ ਹੋਵਾਂਗੇ?

ਸ੍ਰੀ ਗੁਰੂ ਅਮਰਦਾਸ ਜੀ ਨੇ ਸੱਚੇ ਪਿਆਰ ਨੂੰ ਤੇ ਸੱਚੇ ਜੀਵਨ ਨੂੰ ਲਿਆਣ ਵਾਸਤੇ ਹੀ ਸਤੀ ਪ੍ਰਥਾ ਨੂੰ ਸਿੱਖੀ ਵਿਚੋਂ ਵਰਜਿਤ ਕੀਤਾ। ਇੰਝ ਔਰਤ ਤੇ ਮਰਦ ਦੀ ਸਮਾਨਤਾ ਹੀ ਸਿੱਖੀ ਵਿਚ ਕਬੂਲ ਹੈ। ਇਸੇ ਲਈ ਧਰਮ ਦੀ ਸੱਚੀ ਸੁੱਚੀ ਕਿਰਤ, ਸਾਦਾ ਜੀਵਨ ਤੇ ਪਰਿਵਾਰ ਇਕਾਈ ਵਿਚ ਸਮਾਨਤਾ ਲਿਆਂਦੀ।

ਕੀ ਅਸੀਂ ਇਸ ਨੂੰ ਵਿਗਾੜ ਕੇ ਫੈਸ਼ਨ ਪ੍ਰਸਤੀ ਤੇ ਬੇਲੋੜੀ ਖੁਲ੍ਹ ਅਤੇ ਵਿਕਾਰਾਂ ਜਾਂ ਵਿਭਚਾਰਾਂ ਵਾਲੀ ਦੁਨੀਆਂ ਵਲ ਗੁਰੂ-ਆਸ਼ੇ, ਗੁਰੂ ਅਸੂਲ ਤੇ ਉੱਚੇ ਸੁੱਚੇ ਗੁਰੂ ਜੀਵਨ ਦੀ ਥਾਂ ਉਲਟ ਪੁਲਟ ਹੋ ਕੇ ਨਹੀਂ ਤੁਰ ਪਏ? ਕੀ ਅਸੀਂ ਬੀਬੀ ਭਾਨੀ ਤੋਂ ਇਸਤ੍ਰੀ ਜੀਵਨ ਦੀ ਸਿੱਖਿਆ ਲਈ ਹੈ?

ਸ੍ਰੀ ਗੁਰੂ ਅਮਰਦਾਸ ਜੀ ਨੇ ੮੪ ਪਉੜੀਆਂ ਵਾਲਾ ਬਾਉਲੀ ਸਾਹਿਬ ਗੋਇੰਦਵਾਲ ਵਿੱਚ ਬਣਵਾ ਕੇ ਨਾਮ, ਸਿਮਰਨ ਤੇ ਇਸ਼ਨਾਨ ਦਾ ਇਕ ਸੰਗਮ ਸਥਾਨ ਅਧਿਆਤਮਤਾ ਦਾ ਸਿਖਰ ਬਣਾਇਆ। ਕੀ ਅਸੀਂ ਇਸ ਨੂੰ ਸੌਖਾ ਮੁਕਤੀ-ਰਾਹ ਬਣਾ ਕੇ ਗੁਰੂ ਜੀ ਦੇ ਅੰਤਰੀਵ ਆਸ਼ੇ ਤੋਂ ਪਰ੍ਹੇ ਹੋ ਕੇ ਹਠ ਵਾਲੇ ੮੪ ਇਸ਼ਨਾਨ ਤਕ ਹੀ ਸੀਮਤ ਨਹੀਂ ਹੋ ਗਏ?

ਸ੍ਰੀ ਗੁਰੂ ਅਮਰਦਾਸ ਜੀ ਨੇ ਆਪਣੀ ਰਚੀ ਬਾਣੀ ਰਾਹੀਂ ਵੀ ਨਵੇਂ ਜੀਵਨ ਦੇ ਮੀਲ ਪੱਥਰ ਲਾਏ। ਅੱਜ ਰਾਮਕਲੀ ਰਾਗ ਵਾਲਾ ਅਨੰਦ ਸਾਹਿਬ (ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮ ਨਾਲ) ਅੰਮ੍ਰਿਤ ਸੰਚਾਰ ਅਤੇ ਨਿਤਨੇਮ ਦਾ ਵੀ ਹਿਸਾ ਹੈ। ਇਹ ਰੋਜ ਦੇ ਆਤਮ ਰਸ ਤੇ ਆਤਮ ਖੋਜ ਦਾ ਵੀ ਹਿਸਾ ਹੈ। ਅਨੰਦ ਸਾਹਿਬ ਜੀ ਦੀਆਂ ਪਹਿਲੀਆਂ ਪੰਜ ਪਉੜੀਆਂ ਤੇ ਅਖੀਰਲੀ ਚਾਲ੍ਹੀਵੀਂ ਪਉੜੀ ਰਲਾ ਕੇ ਇਹ ਵਿਆਹ ਸਮਾਗਮ ਅਤੇ ਸੋਗ ਸਮਾਗਮ ਤੇ ਕਿਸੇ ਵੀ ਭੋਗ ਸਮਾਗਮ ਦਾ ਵੀ ਅੰਤਮ ਹਿਸਾ ਹੋ ਗਿਆ ਹੈ ਤਾਂ ਕਿ ਜੀਵਨ ਨੂੰ ਸਹੀ ਰਸਤੇ ਤੋਰਨ ਦਾ ਸਾਡਾ ਨਿਤ ਦਾ ਚਿੰਤਨ ਬਣੇ ਅਤੇ ਜੀਵਨ ਦੀ ਸਾਰਥਕ ਸਚਾਈ ਪ੍ਰਗਟ ਕਰੇ ਕਿ ਅਸਲ ਪਰਿਵਾਰ ਸਾਡਾ ਨਿਰੰਕਾਰ ਤੇ ਸਿੱਖ ਜਗਤ ਹੈ। ਇਹ ਸਾਡੀ ਰੋਜ ਦੀ ਜੀਵਨ ਚਿਤਾਵਨੀ ਵੀ ਹੈ।

ਕੀ ਅਸੀਂ ਇਸ ਚਿਤਾਵਨੀ ਨੂੰ ਆਤਮਾ ਵਿਚ ਸਮੇਟਦੇ ਹਾਂ ਕਿ ਕੇਵਲ ਅਰਦਾਸ, ਪਰਸ਼ਾਦ ਵਰਤਾਣ ਦੀ ਰੀਤ ਤਕ ਸੀਮਤ ਹੋ ਗਏ ਹਾਂ।

ਸਿੱਖ ਸੰਗਤ ਨੂੰ ਦਿਵਾਲੀ, ਵੈਸਾਖੀ ਤੇ ਮਾਘੀ ਤਿਉਹਾਰ ਦੇ ਕੇ ਸ੍ਰੀ ਗੁਰੂ ਅਮਰਦਾਸ ਜੀ ਨੇ ਸੰਗਤ ਜੋੜਨ ਤੇ ਸੰਗਤ ਵਿਚ ਜੁੜਨ ਦਾ ਰਾਹ ਖੋਲ੍ਹਿਆ। ਪਰ ਇਹ ਮੇਲੇ, ਬਜ਼ਾਰ ਤੇ ਫੈਸ਼ਨ ਵਸਤਾਂ ਬਣਾ ਕੇ ਅਸੀਂ ਅਧਿਆਤਮਿਕਤਾ ਤੋਂ ਪਰ੍ਹੇ ਹੋ ਕੇ ਜੋ ਜੀਵਨ ਦਾਤ ਸਿੱਖੀ ਤੋਂ ਮਿਲੀ ਹੈ ਉਸ ਤੋਂ ਅਸੀਂ ਪਰ੍ਹੇ ਹੁੰਦੇ ਜਾ ਰਹੇ ਹਾਂ।

ਸ੍ਰੀ ਗੁਰੂ ਅਮਰਦਾਸ ਜੀ ਦੀ ਅਕੱਥ ਕਥਾ ਨੂੰ ਭੁੱਲ ਕੇ ਅੱਜ ਅਸੀਂ ਆਪਣੇ ਅੰਦਰ ਝਾਤੀ ਨਾਂਹ ਮਾਰ ਕੇ ਰੋਲ-ਘਚੋਲ ਵਾਲਾ ਫੈਸ਼ਨ ਭਰਿਆ ਤੇ ਮਾਡਰਨ ਜੀਵਨ ਦੇ ਭੁਲਾਵੇ ਵਿੱਚ ਅਸੀਂ ਸਿੱਖੀ ਤੋਂ ਪਰ੍ਹੇ ਤਾਂ ਨਹੀਂ ਜਾ ਰਹੇ?

ਇਹੀ ਸਾਡਾ ਰੋਜ ਦਾ ਵਿਚਾਰ ਹੋਵੇ ਤੇ ਸਾਰਿਆਂ ਦਾ ਨਿਤ ਦਾ ਸਿੱਖੀ ਜੀਵਨ ਹੋਵੇ ਤੇ ਇਹੀ ਮਨੁਖਤਾ ਦਾ ਸਾਡੇ ਵੱਲੋਂ ਉਪਕਾਰ ਬਣੇ।

ਸ੍ਰੀ ਗੁਰੂ ਅਮਰਦਾਸ ਜੀ ਦੀ ਅਕੱਥ ਕਹਾਣੀ ਤੇ ਸਾਰੇ ਗੁਰੂਆਂ ਦੇ ਸਾਰੇ ਜੀਵਨ ਉਪਕਾਰ ਸਾਡੇ ਲਈ ਰੋਜ ਦੀ ਸੇਧ ਤੇ ਵਿਹਾਰ ਹੋਣ।

ਧਾਰਮਿਕ ਪ੍ਰੀਖਿਆ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਦਰਜਾ ਪਹਿਲਾ-ਦੂਜਾ ਨਵੰਬਰ ਅਤੇ ਦਰਜਾ ਤੀਜਾ-ਚੌਥਾ ਮਹੀਨਾ ਫਰਵਰੀ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁ: ਪ੍ਰ: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਖ਼ਾਲਸਾ-ਪੰਥ

-ਪ੍ਰੋ. ਪੂਰਨ ਸਿੰਘ

'ਖ਼ਾਲਸਾ-ਪੰਥ' ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਜਿਆ। ਇਹ ਉਨ੍ਹਾਂ ਅਣਖੀ ਸੂਰਮਿਆਂ ਦਾ ਪੰਥ ਹੈ, ਜਿਹੜੇ ਨਾਮ ਅਤੇ ਸਿਮਰਨ ਵਾਲਾ ਅੰਤਰਮੁਖੀ ਜੀਵਨ ਜਿਊਂਦੇ ਹਨ। ਉਹ, ਉਹ ਹਨ ਜਿਨ੍ਹਾਂ ਦੀ ਮੌਜੂਦਗੀ ਸ਼ਾਂਤ-ਅੰਮ੍ਰਿਤ ਨਾਲ ਦੁਆਲਾ ਰੰਗ ਦਿੰਦੀ ਹੈ। ਉਹ ਨਾ ਹੀ ਰਾਜ ਚਾਹੁੰਦੇ ਹਨ ਅਤੇ ਨਾ ਹੀ ਮੁਕਤੀ, ਕੇਵਲ 'ਮਨਿ ਪ੍ਰੀਤਿ ਚਰਨ ਕਮਲਾਰੇ' ਦੇ ਧਾਰਣੀ ਹਨ। ਨਾ ਹੀ ਉਹ ਯੋਗ ਦੀ ਰਹੱਸ-ਪੂਰਨ ਅਤੇ ਨਾ ਹੀ ਭੋਗ ਦੀ ਵਾਸ਼ਨਾ-ਪੂਰਨ ਖੁਸ਼ੀ ਦੇ ਇੱਛਕ ਹਨ, ਉਹ ਤਾਂ ਕੇਵਲ ਉਸ ਦਾ ਪਿਆਰ ਅੰਮ੍ਰਿਤ ਮੰਗਦੇ ਹਨ, ਉਸ ਦੀ ਬਾਣੀ ਦੀ ਸ਼ਬਨਮ ਦੇ ਛਲਕਦੇ ਜਾਮ। ਉਹ ਜੀਵਨ ਦੇ ਦਾਰਸ਼ਨਿਕ ਗ਼ਮਾਂ ਨਾਲ ਭਰੇ ਪੀਤੇ ਪਏ ਹਨ ਅਤੇ ਉਹ ਆਪਣੀ ਪਿਆਸ ਅਤੇ ਸਭ ਦੁਖੀਆਂ ਦੀ ਪਿਆਸ ਬੁਝਾਉਣ ਲਈ ਬੰਬੀਹੇ ਵਾਂਗ ਸਵਾਂਤੀ ਬੂੰਦ ਨੂੰ ਟੇਰਦੇ ਹਨ। ਮਹਿਬੂਬ ਦਾ ਨਾਮ ਜਪਣ ਨਾਲ ਹੀ ਉਹ ਇਸ ਰੂਹਾਨੀ ਸਥਿਤੀ ਨੂੰ ਕਾਇਮ ਰੱਖ ਸਕਦੇ ਹਨ ਅਤੇ ਕਿਉਂਕਿ ਉਹਨਾਂ ਦੀ ਇਹ ਪਿਆਸ ਅਸੀਮ ਹੈ ਅਤੇ ਜਾਪ, ਪੰਛੀਆਂ ਦੀ ਨਿਰੰਤਰ ਕੂਕ ਵਰਗਾ। ਰੂਹਾਨੀ ਮਰਦਾਨਗੀ ਦਾ ਭੇਦ ਮਹਿਬੂਬ ਪ੍ਰਤਿ ਵਿਗਸਿਆ ਪਿਆਰ ਹੈ ਅਤੇ ਇਹ ਪਿਆਰ ਗੁਰੂ-ਬਾਣੀ ਦੇ ਨਿਰੰਤਰ ਪਾਠ ਅਤੇ ਗੁਰੂ ਦਾ ਨਾਮ ਜਪਣ ਵਿੱਚ ਹੈ।

ਇਸ ਪੰਥ ਦੀ ਰੰਗ ਰੱਤੜੀ ਹਸਤੀ ਬਾਣੀ ਨਾਲ ਜੁੜੀ, ਪਿਆਰ ਵਿਗੁਤੀ ਸ਼ਕਤੀਸ਼ਾਲੀ ਅਤੇ ਨਿਮਰ, ਨਿਰਭੈ, ਮੌਤ ਨੂੰ ਮਖੌਲਾਂ ਕਰਦੀ, ਮੌਤ ਨੂੰ ਜੱਫੀਆਂ ਪਾਉਂਦੀ, ਮਾਲਕ ਦੇ ਨਾਂ ਤੋਂ ਸਦਾ ਨਿਰਸਵਾਰਥ ਜਾਨ ਵਾਰ ਦਿੰਦੀ, ਸ਼ਮ੍ਹਾਂ ਦੁਆਲੇ ਪਰਵਾਨੇ ਵਾਂਗ ਸੜ ਉਠਦੀ, ਨਾਇਕਾ ਵਾਂਗ ਜਿਊਂਦੀ, ਚੰਦਰ-ਮੰਡਲ ਵਾਂਗ ਚਮਕਦੀ, ਮਸਤੀ ਭਰੀ, ਹਰ ਸਮੇਂ ਮਿੱਠਤ ਹੁਲਸਾਈ, ਜੀਵਨ ਦੇ ਗ਼ਮਾਂ ਤੋਂ ਉਪਰ ਉਠੀ, ਸਰਬੱਤ ਦਾ ਭਲਾ ਮੰਗਦੀ ਅਤੇ ਨਿਸ਼ਕਾਮ ਵਿਚਰਦੀ ਹੈ। ਸਵਾਸ-ਸਵਾਸ ਨਾਮ ਜਪਣਾ ਸੱਚਾਈ ਹੈ, ਨਿੱਜੀ ਸੱਚਾਈ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖ਼ਾਲਸੇ ਲਈ ਸੰਪੂਰਨ ਸੱਚਾਈ।

ਜਿਵੇਂ ਕਿ ਗੁਰੂ ਸਾਹਿਬਾਂ ਫ਼ਰਮਾਇਆ ਹੈ, ਅਜਿਹੀ ਅਗੰਮੀ ਹਸਤੀ ਦੀ ਪਛਾਣ, ਜੋ ਰੱਬ ਵਾਂਗ ਨਿਰਾਕਾਰ ਹੈ, ਮਨ-ਮੰਦਰ ਵਿੱਚ, ਨਾਮ ਦੀ ਜੋਤ, ਜੀਵਨ ਸ਼ਮ੍ਹਾਂ ਨੂੰ ਸਦਾ ਬਲਦਿਆਂ ਰੱਖਣ ਨਾਲ ਹੁੰਦੀ ਹੈ। ਜਿਸ ਦੇ ਮਨ-ਮੰਦਰ ਵਿੱਚ ਅਜਿਹੀ ਸ਼ਮ੍ਹਾਂ ਨਿਸ-ਬਾਸਰ ਬਲਦੀ ਰਹੇ, ਉਹ ਸੱਚਾ ਖ਼ਾਲਸਾ ਹੈ।

ਉਸ ਜੋਤ ਦਾ ਚਿੰਨ੍ਹਾਤਮਕ ਪ੍ਰਗਟਾਵਾ ਨਾਮ ਜਪਣਾ ਹੈ। ਮਨੁੱਖ ਦੇ ਸਵਾਸ ਉਸ ਨਾਲ ਗੂੰਜਦੇ ਹਨ ਅਤੇ ਰੋਮ-ਰੋਮ ਵਿੱਚ ਉਸ ਦਾ ਅੰਮ੍ਰਿਤ ਭਰਿਆ ਪਿਆ ਹੈ। ਉਪਰਲੀਆਂ ਪਿਪਣੀਆਂ ਹੇਠ, ਅੱਖਾਂ ਉਪਰ ਵੱਲ ਅੱਧ ਤਕ ਪੁੱਜ ਜਾਂਦੀਆਂ ਹਨ, ਮੱਥਾ ਅੰਮ੍ਰਿਤ ਭਿੰਨਾ ਹੋ ਜਾਂਦਾ ਹੈ, ਜਿਵੇਂ ਕਿ ਉਹ ਕੋਈ ਸੋਮਾ ਹੋਵੇ ਅਤੇ ਹਜ਼ਾਰਾਂ ਸਾਫ਼ ਚਸਮੇ ਇਸ ਹਿਮਾਲੀਆ ਵਿਚੋਂ ਹੇਠਾਂ ਨੂੰ ਵਹਿ ਰਹੇ ਹੋਣ, ਜੋ ਕੇਵਲ ਇਕ ਮਨੁੱਖ ਦੀ ਧਰਤ ਨੂੰ ਜਰਖੇਜ਼ ਨਹੀਂ ਕਰਦੇ, ਸਗੋਂ ਉਨ੍ਹਾਂ ਸਾਰਿਆਂ ਨੂੰ, ਜੋ ਉਸ ਦੀ ਜ਼ਦ ਵਿੱਚ ਆਉਂਦੇ ਹਨ। ਖ਼ਾਲਸਾ ਕਿਸੇ ਝੀਲ, ਸੋਮੇ, ਦਰਿਆ ਵਾਂਗ ਸੁਤੇ-ਸਿੱਧ ਵਿਸ਼ਵ-ਵਿਆਪੀ ਸਦ-ਭਾਵਨਾ, ਸ਼ਾਂਤ ਅਤੇ ਪਿਆਰ ਦੀਆਂ ਝਲਕਾਂ ਮਾਰਨ ਲੱਗ ਪੈਂਦਾ ਹੈ। ਚਾਰੇ ਪਾਸੇ ਚਟਾਕ ਚਾਨਣਾ ਹੋ ਜਾਂਦਾ ਹੈ, ਕੋਈ ਭੂਤ-ਪ੍ਰੇਤ ਜਾਂ ਭੈੜੀ ਰੂਹ ਅਜਿਹੀ ਹਸਤੀ ਦੇ ਨੇੜੇ ਨਹੀਂ ਫਟਕ ਸਕਦੀ।

---

*ਗੁਰਪੁਰਵਾਸੀ

ਉਨ੍ਹਾਂ ਦਾ 'ਨੀਤੀ-ਸ਼ਾਸਤਰ ਕਿਤਾਬੀ ਨਹੀਂ, ਅਲਜਬਰੇ ਦੇ ਫਾਰਮੂਲਿਆਂ ਦਾ ਵੀ ਨਹੀਂ, ਅਖੌਤੀ ਇਖ਼ਲਾਕੀ ਜਾਂ ਗੈਰ-ਇਖ਼ਲਾਕੀ ਕਰਣੀ ਨੂੰ ਚਤੁਰਾਈ ਨਾਲ ਸਹੀ ਸਿੱਧ ਕਰਨ ਦਾ ਵੀ ਨਹੀਂ। ਉਹ ਆਪਣੀ ਪਵਿੱਤਰ ਨਿਸ਼ਕਾਮਤਾ ਕਾਰਣ, ਕੁਦਰਤ ਦੀ ਰੂਹ ਨਾਲ ਇਕ-ਸੁਰ ਹਨ। ਉਹ ਪਰਬਤ ਹਨ, ਦਰਿਆ ਹਨ, ਬੱਦਲ ਹਨ ਅਤੇ ਫੁੱਲ ਹਨ। ਜਿੱਥੇ ਵੀ ਕੋਈ ਗੁਲਾਬ ਦਾ ਫੁੱਲ ਹੈ, ਉਹ ਖੁਸ਼ਬੂ ਆਲੇ-ਦੁਆਲੇ ਆਪਣੇ-ਆਪ ਖਲੇਰ ਦਿੰਦਾ ਹੈ। ਖ਼ਾਲਸਾ ਆਪਣੀ ਰੂਹਾਨੀ ਮਿੱਠਤ ਨੂੰ ਧਰਤੀ ਦੇ ਜਿਸ ਕੋਨੇ 'ਤੇ ਵੀ ਹੋਵੇ, ਵੰਡ ਹੀ ਨਹੀਂ ਦਿੰਦਾ, ਸਗੋਂ ਉਹ ਤਾਂ ਆਪਣੇ-ਆਪ ਨਿਕਲ-ਨਿਕਲ ਪੈਂਦੀ ਹੈ, ਇਕ ਜ਼ੋਰਦਾਰ ਸੁਹਿਰਦਤਾ ਨਾਲ। ਉਹ ਸਦਾ ਦਇਆ ਦਾ ਸ਼ਹਿਜ਼ਾਦਾ ਹੈ।

ਸ੍ਰੀ ਗੁਰੂ ਅਮਰਦਾਸ ਜੀ ਕਿਸੇ ਵਿਧਵਾ ਦੇ, ਉਸ ਦੇ ਪਤੀ ਦੇ ਸਵਰਗਵਾਸ ਹੋਣ 'ਤੇ ਪਾਏ ਕੀਰਨੇ ਅਤੇ ਕਿਸੇ ਮਾਂ ਦਾ ਆਪਣੇ ਪੁੱਤਰ ਦੀ ਮੌਤ 'ਤੇ ਕੀਤਾ ਵਿਰਲਾਪ, ਨਹੀਂ ਸਨ ਸੁਣ ਸਕਦੇ ਅਤੇ ਇਸ ਤਰ੍ਹਾਂ ਹੋਇਆ ਕਿ ਮਾਲਕ ਦੇ ਨਿਵਾਸ ਸਥਾਨ, ਗੋਇੰਦਵਾਲ ਵਿੱਚ ਉਨ੍ਹਾਂ ਦੇ ਜੀਵਨ ਭਰ ਦੇ ਸਮੇਂ ਦੇ ਦੌਰਾਨ ਅਜਿਹੀ ਕੋਈ ਦੁਰਘਟਨਾ ਨਹੀਂ ਹੋਈ।

ਦਸ ਗੁਰੂ ਸਾਹਿਬਾਨ, ਉਨ੍ਹਾਂ ਦੇ ਸਿੱਖਾਂ ਅਤੇ ਆਪਣੇ ਵਡੇਰਿਆਂ ਦੀ ਰੂਹਾਨੀ ਵਿਰਾਸਤ ਤੋਂ ਮਿਲਦੀ ਪ੍ਰੇਰਣਾ ਅਨੁਸਾਰ 'ਖ਼ਾਲਸਾ' ਉਹ ਹੈ, ਜੋ ਉਤਸ਼ਾਹ ਦੀ ਮਸ਼ਾਲ ਜਲਾਈ ਰੱਖਦਾ ਹੈ, ਕਿਸੇ ਸੰਕਲਪ ਖਾਤਰ ਨਹੀਂ, ਕਿਸੇ ਲਾਭ ਖਾਤਰ ਨਹੀਂ, ਸਗੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮ ਦੀ ਪਾਲਣਾ ਵਿੱਚ ਅਤੇ ਸਹਿਜੇ ਹੀ ਉਸ ਦੇ ਨਾਮ ਸਿਮਰਨ ਵਿੱਚ ਜੁੜਿਆ ਰਹਿੰਦਾ ਹੈ। ਖ਼ਾਲਸਾ ਆਪਣੀ ਰੂਹ ਦੇ ਟਾਂਗੇ ਦਾ ਕੋਚਵਾਨ ਹੈ। ਜਦੋਂ ਸਿਮਰਨ ਦੀ ਜੋਤ ਜਗਦੀ ਹੈ, ਸਿੱਖ ਮਰ ਜਾਂਦਾ ਹੈ। ਜਿਵੇਂ ਰੁੱਖ ਨੂੰ ਬੂਰ ਪੈਂਦਾ ਹੈ, ਉਸ ਤਰ੍ਹਾਂ ਸਿੱਖ ਨਾਮ ਅਤੇ ਸਿਮਰਨ ਦੀ ਖੁਸ਼ੀ ਨਾਲ ਖੇੜੇ 'ਤੇ ਆ ਜਾਂਦਾ ਹੈ। ਜਿਵੇਂ ਰੁੱਖ ਚਲਦੀ ਹਵਾ ਨੂੰ ਆਪਣੀ ਉੱਤਮ ਵਸਤੂ ਦੇ ਦਿੰਦਾ ਹੈ, ਇਸ ਤਰ੍ਹਾਂ ਸਿੱਖ ਸਭ ਨੂੰ ਖੁਸ਼ਬੋਈ ਦੇ ਦਿੰਦਾ ਹੈ। ਮੇਰੀ ਅਧਿਆਤਮਕ ਕਰਣੀ ਲਈ, ਮੈਂ ਨਹੀਂ, ਉਹ ਜ਼ਿੰਮੇਵਾਰ ਹੈ, ਜੋ ਬਸੰਤ ਸਮੇਂ ਹਰ ਰੁੱਖ 'ਤੇ ਜੋਬਨ ਲੈ ਆਉਂਦਾ ਹੈ, ਜੋ ਸਾਰਿਆਂ ਨੂੰ ਚਮਕ ਬਖਸ਼ਦਾ ਹੈ। ਮੈਂ ਜੀਵਨ-ਭੇਦ ਪਾ ਲਿਆ ਹੈ ਅਤੇ ਮੈਂ ਆਪਣੇ-ਆਪ ਨੂੰ ਬੱਦਲ ਦੀ ਟੁਕੜੀ ਵਾਂਗ ਰੱਖਦਾ ਹਾਂ, ਉਸ ਦੇ ਆਦੇਸ਼ ਵਿੱਚ ਵੱਸ ਪੈਂਦਾ ਹਾਂ, ਬਿਜਲੀ ਬਣ ਚਮਕ ਪੈਂਦਾ ਹਾਂ। ਮੇਰੀ ਕਰਣੀ ਮੇਰੇ ਜਜ਼ਬਾਤ ਦੀ ਮੂੰਹ ਬੋਲਦੀ ਤਸਵੀਰ ਹੈ, ਅਜਿਹੀ ਉਸ ਦੀ ਖੁਸ਼ੀ ਹੈ। ਸਾਰੇ ਕਾਰਜ, ਮੇਰੇ ਲਈ, ਉਸੇ ਸੁਪਨਮਈ ਲੈਅ ਵਿੱਚ ਸੈੱਟ ਹਨ, ਅਜਿਹੀ ਉਸ ਦੀ ਰਜ਼ਾ ਹੈ।

ਸੰਸਾਰ ਦੇ ਸੱਚ ਮੇਰੇ ਲਈ ਝੂਠ ਹਨ, ਉਨ੍ਹਾਂ ਲਈ ਨਿਰ- ਵਿਵਾਦ, ਹਨੇਰੇ ਦੇ ਵਿਚਾਰ ਹਨ। ਗੈਰ-ਹਕੀਕੀ, ਭੂਤਾਂ ਵਰਗੇ, ਜਿਨ੍ਹਾਂ ਦੀ ਛਾਇਆ ਤੋਂ ਵੀ ਮੈਨੂੰ ਡਰ ਲਗਦਾ ਹੈ ਅਤੇ ਜਿਨ੍ਹਾਂ ਤੋਂ ਮੈਂ ਦੂਰ ਭੱਜਦਾ ਹਾਂ। ਮੇਰੇ ਪੰਥ ਦੇ ਤਾਂ, ਮਨੁੱਖਤਾ ਦੇ ਇਤਿਹਾਸ ਵਿੱਚ ਵਿਰਲੇ ਹਨ, ਜਿਹੜੇ ਆਪਣੇ ਆਪ ਨੂੰ ਖ਼ਾਲਸਾ ਅਖਵਾਉਂਦੇ ਹਨ। ਪਰ ਅੰਦਰ ਰੂਹਾਨੀ ਤੌਰ 'ਤੇ ਨਿਯਤਨ, ਇਲਹਾਮੀ ਹਨ ਅਤੇ ਅਚੇਤ ਤੌਰ 'ਤੇ ਗੁਰੂ ਦੇ ਨਹੀਂ ਹਨ-ਦਾ ਨਾਂ ਸੂਚੀ ਵਿਚੋਂ ਕੱਟ ਦਿੱਤਾ ਗਿਆ ਹੈ। ਉਨ੍ਹਾਂ ਸਾਰਿਆਂ ਨੂੰ, ਜਿਨ੍ਹਾਂ ਨੂੰ ਰੂਹਾਨੀ ਜੀਵਨ ਦੀ ਖ਼ਾਲਸੇ ਵਾਲੀ ਸਥਿਤੀ ਪ੍ਰਾਪਤ ਹੈ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਘਰ ਵਿੱਚ ਥਾਂ ਮਿਲਦੀ ਹੈ ਅਤੇ ਉਹ ਸਾਡੇ ਹਨ। ਪੰਥ ਦਾ ਪਸਾਰਾ ਹਵਾ, ਪਾਣੀ, ਅੱਗ, ਬੱਦਲਾਂ, ਸੂਰਜ ਅਤੇ ਤਾਰਿਆਂ ਵਿਚ ਹੈ। ਮੈਂ ਇਸ ਪਵਿੱਤਰ 'ਗੁਪਤ-ਪੰਥ' ਦੀ ਜੈ-ਜੈਕਾਰ, ਫੁੱਲਾਂ ਦੀਆਂ ਪੱਤੀਆਂ, ਪ੍ਰਕਿਰਤਕ ਨਜ਼ਾਰਿਆਂ ਦੀ ਸੁੰਦਰਤਾ ਤੋਂ ਘੜੇ ਸੰਗੀਤ ਰੂਪ ਬੁੱਤਾਂ ਤੋਂ ਸੁਣਦਾ ਹਾਂ। ਬੱਦਲ ਮੇਰੇ ਨਾਲ ਹਮਦਰਦੀ ਕਰਦਾ ਹੈ ਅਤੇ ਸੂਰਜ ਦਾ ਮੇਰੇ ਪ੍ਰਤੀ ਪਿਆਰ ਅਸੀਮ ਅਤੇ ਬਿਨਾਂ ਕਿਸੇ ਸ਼ਰਤ ਤੋਂ ਹੈ। ਮਰਦਾਂ ਅਤੇ ਇਸਤਰੀਆਂ ਦੀ ਸੰਗਤ ਵਿੱਚ ਇਕ ਵਡੱਪਣ ਹੈ, ਇਕ ਨਾਦਰ ਝਲਕਾਰਾ, ਜੋ ਕਿਸੇ ਇਕੱਲੇ ਵਿੱਚ ਨਹੀਂ; ਇਕ ਚਮਕਾਰ ਬੱਦਲਾਂ ਦੇ ਇਕੱਠ ਵਿਚੋਂ ਨਿਕਲਣ ਵਾਂਗ ਲੋਕਾਂ ਦੀ ਸੰਗਤ ਵਿੱਚੋਂ ਨਿਕਲਦਾ ਹੈ। ਇਨ੍ਹਾਂ

ਸਾਰਿਆਂ ਵਿੱਚ ਮਾਲਕ ਦੀ ਚਮਕਾਂ ਮਾਰਦੀ ਕਲਗ਼ੀ ਦੀ ਚਮਕ ਹੈ, ਜੋ ਉਹ ਲਾਉਂਦਾ ਹੈ ਅਤੇ ਨੀਲੇ ਘੋੜੇ 'ਤੇ ਚੜ੍ਹਿਆ ਖ਼ਾਲਸੇ ਦੇ, ਸਿੱਖਾਂ ਦੇ ਘਰੀਂ ਜਾਂਦਾ ਹੈ।

ਭਾਈ ਵੀਰ ਸਿੰਘ ਜੀ ਦੇ ਸ਼ਬਦਾਂ ਵਿੱਚ, "ਇਸ ਪੰਥ ਦੇ ਸਿਧਾਂਤ ਇਨ੍ਹਾਂ ਪੰਜ ਸ਼ਬਦਾਂ ਵਿੱਚ ਨਿਹਤ ਹਨ-ਨਾਮ, ਦਾਨ, ਇਸ਼ਨਾਨ, ਕਿਰਤ ਕਰਨਾ ਅਤੇ ਵੰਡ ਛਕਣਾ।'

ਨਾਮ

ਉਸ ਦਾ ਨਾਮ ਜਪਣਾ, ਹਸਤੀ ਦਾ ਰਹੱਸ, ਜਿਸ ਦਾ ਕੋਈ ਨਿੱਜੀ ਮਨੋਰਥ, ਇੱਛਾ ਜਾ ਖੁਦਗਰਜੀ ਨਹੀਂ। ਪਿਆਰ ਨਾਲ ਸੁਆਰਥ ਤੋਂ ਉਤਾਂਹ ਉਠਿਆ ਜਾ ਸਕਦਾ ਹੈ। ਇਸ ਲਈ ਉਸ ਵਿਚ ਰਹਿਣ, ਉਸ ਦਾ ਜਾਪ ਜਪਣ, ਉਸ ਵਿੱਚ ਫਨਾਹ ਹੋ ਜਾਣ, ਉਸ ਦੇ ਪਿਆਰ ਵਿੱਚ ਮਨੁੱਖ ਉਹ ਸਾਹਸ ਪ੍ਰਾਪਤ ਕਰਦਾ ਹੈ, ਜੋ ਸਦਾ ਅਗੰਮੀ ਹੈ ਅਤੇ ਨਿਰ ਸੁਆਰਥ ਹੈ। ਰੂਹ ਦੀ ਅਸਲੀ ਪ੍ਰਕਿਰਤੀ ਨਿਸ਼ਕਾਮਤਾ ਹੈ। ਨਾਮ ਰਾਹੀਂ ਪਹਿਲਾਂ ਆਪਣੇ ਆਪੇ ਦੀ ਪਛਾਣ ਇਸ ਪੰਥ ਦਾ ਜੀਵਨ ਹੈ। ਇਸ ਤਰ੍ਹਾਂ ਇਸ ਸੰਘਰਸ਼-ਮਈ ਭੌਤਿਕ ਸੰਸਾਰ ਵਿੱਚ ਸਰੀਰਕ ਉੱਦਮ ਰਾਹੀਂ ਰੂਹਾਨੀ ਪ੍ਰਵਿਰਤੀ ਨੂੰ ਬਣਾਈ ਰੱਖਣਾ ਹੈ।

ਦਾਨ

ਦਾਨ ਦੇਣਾ, ਆਪਣਾ ਸਭ ਕੁਝ ਦੇ ਦੇਣਾ, ਕੁਦਰਤੀ ਹਮਦਰਦੀ ਕਾਰਣ, ਜੀਵਨ ਪ੍ਰਤਿ ਅਸੀਮ ਫਲਸਫ਼ੀਆਨਾ ਵੈਰਾਗ ਵਿੱਚ ਅਤੇ ਅਸੀਮ ਵਿੱਚ ਪਰੰਤੂ ਚੁੱਪ-ਚਾਪ ਬਿਨਾਂ ਧੱਕੇ, ਬਿਨਾਂ ਜਬਰ, ਫੁੱਲ ਜਾਂ ਦਰਿਆ ਵਾਂਗ ਮਨੁੱਖਤਾ ਦੀ ਭਲਾਈ ਦੇ ਚਾਓ ਨਾਲ। ਇਹ ਉਚਿਆਏ ਜੀਵਨ ਦੀ ਹੀ ਪ੍ਰਵਿਰਤੀ ਹੈ ਜੋ ਬਿਨਾਂ ਜਾਣੇ ਦਿੰਦੀ ਹੈ। ਜਿਵੇਂ ਗਰਮ ਪਦਾਰਥ ਦੁਆਲੇ ਦੇ ਠੰਡਿਆਂ ਪਦਾਰਥਾਂ ਨੂੰ ਸ਼ਕਤੀ ਦੇ ਫਰਕ ਕਾਰਣ ਹੀ ਆਪਣੇ ਆਪ ਗਰਮਾ ਦਿੰਦੇ ਹਨ, ਇਸ ਤਰ੍ਹਾਂ ਕਰਦਾ ਹੈ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੰਥ ਦਾ ਮੈਂਬਰ।

ਦਾਨ ਦਾ ਭਾਵ ਨਿਰਸੰਦੇਹ, ਗੁਰੂ ਸਾਹਿਬ ਦੇ ਪੰਥ ਵਿੱਚ ਸੁਚੇਤ ਰੂਪ ਵਿੱਚ ਖ਼ੈਰਾਤ ਜਾਂ ਦਾਨ ਦੇਣ ਤੋਂ ਨਹੀਂ। 'ਸਭ ਕੁਝ ਗੁਰੂ ਦਾ ਹੈ' ਇਸੇ ਤਰ੍ਹਾਂ ਖ਼ਾਲਸਾ ਮਹਿਸੂਸਦਾ ਹੈ, *'ਮੇਰਾ ਮੁਝ ਮਹਿ ਕਿਛੁ ਨਹੀ ਜੋ ਕਿਛੁ ਹੈ ਸੋ ਤੇਰਾ।'* ਅਜਿਹੀ ਸਨੇਹ-ਮਈ ਪ੍ਰਵਿਰਤੀ ਕਿਸੇ ਸਮਾਜਿਕ ਜ਼ਾਬਤੇ ਜਾਂ ਨਿਯਮਾਂ ਅਧੀਨ ਨਹੀਂ ਆਉਂਦੀ। ਇਸ ਵਿੱਚ ਕੁਝ ਵੀ ਮਕਾਨਕੀ ਨਹੀਂ। ਇਹ ਗਹਿਰਾ ਅਤੇ ਸੰਜੀਵ ਹੈ। ਖ਼ਾਲਸੇ ਦੀ ਇਹ ਖੈਰਾਤ ਦਰਿਆਵਾਂ ਵਾਂਗ ਉਸ ਦੇ ਆਪੇ ਵਿਚੋਂ ਨਿਕਲ ਤੁਰਦੀ ਹੈ। ਖ਼ਾਲਸਾ ਆਪਣਾ ਆਪਾ, ਆਪਣੀ ਮਿਹਨਤ, ਆਪਣਾ ਹੱਡ ਮਾਸ, ਆਪਣਾ ਜੀਵਨ ਅਤੇ ਆਪਣੀ ਰੂਹ ਵੀ ਆਪਣੇ ਮਾਲਕ, ਮਹਿਬੂਬ ਤੋਂ ਨਿਛਾਵਰ ਕਰ ਚੁੱਕਾ ਹੈ।

ਇਸ਼ਨਾਨ

ਸਰੀਰ ਦਾ ਠੰਡੇ ਪਾਣੀ ਨਾਲ ਨਾਹੁਣਾ, ਮਨ ਦਾ ਅੰਮ੍ਰਿਤ ਦੇ ਚਸ਼ਮੇ ਵਿੱਚ ਅਤੇ ਰੂਹ ਦਾ ਉਸ ਦੇ ਪਿਆਰ ਵਿੱਚ ਗੋਤਾ ਲਾਉਣਾ, ਇਸ਼ਨਾਨ ਹੈ।

ਕਿਰਤ ਕਰਨਾ

ਇਹ ਚਿੰਨ੍ਹਾਤਮਕ ਦਾਨ ਹੈ ਜੋ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੰਥ ਨੂੰ ਮਿਹਨਤ-ਕਸਾਂ ਦੀ ਸਾਰੀ ਲੋਕਾਈ ਨਾਲ ਜੋੜਦਾ ਹੈ। ਗੁਰੂ ਪਾਸ ਕੋਈ ਅਮੀਰ ਨਹੀਂ। ਉਸ ਦੇ ਪੰਥ ਵਿੱਚ ਕੋਈ ਵਿਹਲੜ ਅਮੀਰ ਨਹੀਂ, ਉਸ ਲਈ ਤਾਂ ਕੋਈ ਥਾਂ ਨਹੀਂ, ਸਾਰਿਆਂ ਨੂੰ ਕਿਰਤ ਕਰਨੀ ਪੈਂਦੀ ਹੈ, ਅੰਨ ਪੈਦਾ ਕਰਨ ਲਈ ਪਸੀਨਾ ਵੀਟਣਾ ਪੈਂਦਾ ਹੈ। ਲੋਹੇ, ਲੱਕੜੀ ਅਤੇ ਪੱਥਰ ਵਿਚੋਂ ਨਵੇਂ ਰੂਪ ਘੜਨੇ ਪੈਂਦੇ ਹਨ। ਕੰਮ ਕਰਨਾ, ਕਿਰਤ ਕਰਨੀ ਅਤੇ ਮਿਹਨਤ ਦੀ ਕਮਾਈ ਦਾ ਵੀ ਤਿਆਗ ਅਤੇ ਇਸ ਸੁਤੇ-ਸਿੱਧ ਤਿਆਗ ਕਾਰਨ ਗੁਰੂ ਅਤੇ ਅੱਜ ਦੇ ਕਾਮਗਾਰਾਂ ਵਿਚਾਲੇ ਫਰਕ ਸਪੱਸ਼ਟ ਹੈ।

(ਬਾਕੀ ਪੰਨਾ ੨੨ 'ਤੇ)



ਹੋਲਾ-ਮਹੱਲਾ ਦਿਹਾੜੇ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਨਾਲ ਹਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀ. ਮੁੱਖ ਗ੍ਰੰਥੀ ਸਿੰਘ ਸਾਹਿਬ ਗਿ. ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿ. ਟੇਕ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿ. ਮਲਕੀਤ ਸਿੰਘ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (4 ਮਾਰਚ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੋਨੇ ਦੀ ਪੁਆਈ ਸੇਵਾ ਦੀ ਅਰੰਭਤਾ ਸਮੇਂ ਅਰਦਾਸ ਕਰਦੇ ਹੋਏ ਮੁੱਖ ਅਰਦਾਸੀਆ ਭਾਈ ਪ੍ਰੇਮ ਸਿੰਘ ਅਤੇ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀ. ਮੁੱਖ ਗ੍ਰੰਥੀ ਸਿੰਘ ਸਾਹਿਬ ਗਿ. ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਭਾਈ ਸਾਹਿਬ ਭਾਈ ਮਹਿੰਦਰ ਸਿੰਘ ਬਰਮਿੰਘਮ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਫੂੰਮਣ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ,ਸਿੱਖ ਵਿਦਵਾਨ ਭਾਈ ਗੁਰਬਖ਼ਸ਼ ਸਿੰਘ ਗੁਲਸ਼ਨ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (6 ਮਾਰਚ)



ਨਾਨਕਸ਼ਾਹੀ ਸੰਮਤ 558 ਦਾ ਕੈਲੰਡਰ ਜਾਰੀ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੇਜਰ ਸਿੰਘ ਢਿੱਲੋਂ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਫੂਮਣ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਤੇ ਹੋਰ ਸ਼ਖ਼ਸੀਅਤਾਂ। (6 ਮਾਰਚ)



ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰਾਨ ਅਤੇ ਸ਼੍ਰੋਮਣੀ ਕਮੇਟੀ ਅਧਿਕਾਰੀ। (6 ਮਾਰਚ)



ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁੜਾ ਭਾਈਆ' ਨਾਮ ਹੇਠ ਖ਼ਾਲਸਾ ਮਾਰਚ ਦੀ ਅਰੰਭਤਾ ਸਮੇਂ ਸ਼ਾਮਲ ਪੰਜ ਪਿਆਰੇ ਸਾਹਿਬਾਨ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਜੈਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੇਤਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਮੈਨੇਜਰ ਸ. ਨਰਿੰਦਰ ਸਿੰਘ, ਹੋਰ ਸ਼ਖ਼ਸੀਅਤਾਂ ਅਤੇ ਸੰਗਤ। (9 ਮਾਰਚ)



ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਨੁਮਾਇੰਦਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ 15 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਸੌਂਪਦੇ ਹੋਏ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨਾਲ ਹਨ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੇਤਾ। (10 ਮਾਰਚ)



ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਮੁੱਖ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਅਤੇ ਸਟੇਜ 'ਤੇ ਹਾਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਬੰਤਾ ਸਿੰਘ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਅਤੇ ਹੋਰ ਸ਼ਖ਼ਸੀਅਤਾਂ। (14 ਮਾਰਚ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਿਆਈ ਦਿਵਸ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਅਰਦਾਸ ਵਿਚ ਸ਼ਾਮਲ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੇੜਾ, ਮੈਨੇਜਰ ਸ. ਜਸਪਾਲ ਸਿੰਘ ਢੰਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਯੁਵਰਾਜ ਸਿੰਘ ਤੇ ਸੰਗਤ। (17 ਮਾਰਚ)



ਸ੍ਰੀ ਕੀਰਤਪੁਰ ਸਾਹਿਬ ਦਾ 400 ਸਾਲਾ ਸਥਾਪਨਾ ਦਿਵਸ ਦੀ ਸ਼ਤਾਬਦੀ ਸੰਬੰਧੀ ਸਬ-ਕਮੇਟੀ ਦੀ ਇਕੱਤਰਤਾ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਕਮੇਟੀ ਮੈਂਬਰ ਸ, ਦਲਜੀਤ ਸਿੰਘ ਭਿੰਡਰ, ਸ, ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਸ, ਭਗਵੰਤ ਸਿੰਘ ਸਿਆਲਕਾ, ਸ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ, ਅਜਮੇਰ ਸਿੰਘ ਖੇੜਾ, ਸ, ਪ੍ਰਿਤਪਾਲ ਸਿੰਘ ਪਾਲੀ, ਸ, ਸੁਖਵਰਸ਼ ਸਿੰਘ ਪੰਨੂ, ਓਐਸਡੀ ਸ, ਸਤਬੀਰ ਸਿੰਘ, ਸਕੱਤਰ ਸ, ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ, ਬਿਜੈ ਸਿੰਘ, ਮੀਤ ਸਕੱਤਰ ਸ, ਜਸਵਿੰਦਰ ਸਿੰਘ ਜੱਸੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ, ਮਲਕੀਤ ਸਿੰਘ ਤੇ ਵਧੀਕ ਮੈਨੇਜਰ ਸ, ਹਰਦੇਵ ਸਿੰਘ। (20 ਮਾਰਚ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਯੂ.ਕੇ. ਦੇ ਐਮ.ਪੀ. ਬੀਬੀ ਪ੍ਰੀਤ ਕੌਰ ਗਿੱਲ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ, ਦਲਜੀਤ ਸਿੰਘ ਭਿੰਡਰ, ਸ, ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ, ਅਜਮੇਰ ਸਿੰਘ ਖੇੜਾ, ਸ, ਪ੍ਰਿਤਪਾਲ ਸਿੰਘ ਪਾਲੀ, ਭਾਈ ਅਜੈਬ ਸਿੰਘ ਅਭਿਆਸੀ, ਬੀਬੀ ਪਰਮਜੀਤ ਕੌਰ ਤੇ ਸਕੱਤਰ ਸ, ਬਲਵਿੰਦਰ ਸਿੰਘ ਕਾਹਲਵਾਂ। (20 ਮਾਰਚ)



ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਦਰਸ਼ਨੀ ਡਿਉੜ੍ਹੀ ਦੇ ਬਾਹਰ ਮੋਟਰਸਾਈਕਲ-ਸਕੂਟਰ ਸਟੈਂਡ, ਜੋੜਾ ਘਰ, ਗਠੜੀ ਘਰ ਅਤੇ ਵਾਸ਼ਰੂਮ ਬਣਾਉਣ ਲਈ ਕਾਰ ਸੇਵਾ ਅਰੰਭ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਗੁਰਬਖਸ਼ ਸਿੰਘ ਖ਼ਾਲਸਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਸੰਗਤ। (20 ਮਾਰਚ)



ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਦੇ ਸਲਾਨਾ ਬਰਸੀ ਸਮਾਗਮਾਂ ਸਮੇਂ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਅਵਤਾਰ ਸਿੰਘ ਸੁਰਸਿੰਘ, ਨਾਲ ਹਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਬਾਬਾ ਜੋਗਾ ਸਿੰਘ ਤੇ ਹੋਰ। (22 ਮਾਰਚ)



ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਮਰੀਜ਼ਾਂ ਲਈ ਲੰਗਰ ਸੇਵਾ ਦੀ ਸ਼ੁਰੂਆਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਸ. ਗੁਰਮੀਤ ਸਿੰਘ ਬੂਹ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਬਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਡੀਕਲ ਕਾਲਜ ਅਤੇ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ, ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ, ਮੁੱਖ ਅਰਦਾਸੀਆ ਭਾਈ ਪ੍ਰੇਮ ਸਿੰਘ, ਵਧੀਕ ਮੈਨੇਜਰ ਸ. ਬਲਵਿੰਦਰ ਸਿੰਘ ਤੇ ਹੋਰ। (27 ਮਾਰਚ)



“ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025” ਦੇ ਸੰਬੰਧ 'ਚ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਉਚ ਪੱਧਰੀ ਕਮੇਟੀ ਦੀ ਹੋਈ ਇਕੱਤਰਤਾ ਉਪਰੰਤ ਪ੍ਰੈੱਸ ਨੂੰ ਸੰਬੋਧਨ ਕਰਦੇ ਹੋਏ ਰਿਟਾ. ਜਸਟਿਸ ਸ. ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀ. ਐਡਵੋਕੇਟ ਸ. ਪੂਰਨ ਸਿੰਘ ਹੁੰਦਲ, ਸਾਬਕਾ ਜ਼ਿਲ੍ਹਾ ਅਟਾਰਨੀ ਐਡਵੋਕੇਟ ਬਲਤੇਜ ਸਿੰਘ ਢਿੱਲੋਂ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਸਾਬਕਾ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਸ. ਕੇਹਰ ਸਿੰਘ, ਮੈਂਬਰ ਸਿੱਖ ਇਤਿਹਾਸ ਰਿਸਰਚ ਬੋਰਡ ਬੀਬੀ ਪ੍ਰਭਜੋਤ ਕੌਰ, ਐਡਵੋਕੇਟ ਸ. ਆਮਰਦੀਪ ਸਿੰਘ ਧਾਰਨੀ, ਐਡਵੋਕੇਟ ਸ. ਬਰਜਿੰਦਰ ਸਿੰਘ ਸੋਢੀ, ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਤੇ ਮੀਤ ਸਕੱਤਰ ਸ. ਲਖਵੀਰ ਸਿੰਘ (ਕੋਆਰਡੀਨੇਟਰ)। (27 ਮਾਰਚ)



ਬੇਅਦਬੀ ਬਾਰੇ ਕਾਨੂੰਨ ਬਣਾਉਣ ਦੇ ਮਾਮਲੇ ਸੰਬੰਧੀ ਪ੍ਰੈੱਸ ਨੂੰ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਨਾਲ ਹਨ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਐਡੀਟਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੰਟੇਵੱਡ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਅਜਮੇਰ ਸਿੰਘ ਖੇੜਾ, ਸ. ਪਰਮਜੀਤ ਸਿੰਘ ਲੱਖੋਵਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਓਐਸਡੀ ਸ. ਸਤਬੀਰ ਸਿੰਘ ਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ। (30 ਮਾਰਚ)



ਸੇਵਾ ਮੁਕਤ ਹੋ ਚੁੱਕੇ ਮੀਤ ਸਕੱਤਰ ਸ. ਗੁਰਚਰਨ ਸਿੰਘ ਕੋਹਾਲਾ, ਪ੍ਰੋ. ਸੁਖਦੇਵ ਸਿੰਘ, ਮੈਨੇਜਰ ਸ. ਹਰਪ੍ਰੀਤ ਸਿੰਘ, ਸਹਾਇਕ ਸੁਪਰਵਾਈਜ਼ਰ ਸ. ਗੁਰਦੇਵ ਸਿੰਘ, ਗੁਰਦੁਆਰਾ ਇੰਸਪੈਕਟਰ ਸ. ਸੁਰਤ ਸਿੰਘ, ਖ਼ਜ਼ਾਨਚੀ ਸ. ਸ਼ਮਸ਼ੇਰ ਸਿੰਘ ਤੇ ਸੇਵਾਦਾਰ ਭਾਈ ਬਲਜੀਤ ਸਿੰਘ ਅਧਿਕਾਰੀ ਤੇ ਕਰਮਚਾਰੀ ਭਲਾਈ ਫੰਡ ਸਕੀਮ ਤਹਿਤ ਸਨਮਾਨਿਤ ਕਰਦੇ ਹੋਏ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਖਿਜੇ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਬਲਵਿੰਦਰ ਸਿੰਘ ਖੈਰਾਬਦ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਬਲਜੀਤ ਸਿੰਘ ਤੇ ਹੋਰ। (30 ਮਾਰਚ)



ਸ਼੍ਰੋਮਣੀ ਕਮੇਟੀ ਤੋਂ ਸੇਵਾ ਮੁਕਤ ਹੋਏ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਪਲਵਿੰਦਰ ਸਿੰਘ ਤੇ ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਨਾਲ ਹਨ ਮੈਂਬਰ ਸ. ਸੁਖਹਰਪ੍ਰੀਤ ਸਿੰਘ ਰੋਡੇ, ਭਾਈ ਈਸ਼ਰ ਸਿੰਘ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਮੇਜਰ ਸਿੰਘ, ਸ. ਪਰਜਿੰਦਰ ਸਿੰਘ ਤੇ ਹੋਰ ਅਧਿਕਾਰੀ। (31 ਮਾਰਚ)

(ਪੰਨਾ ੧੮ ਦਾ ਬਾਕੀ)

ਵੰਡ ਛਕਣਾ

ਕਿਰਤ ਕਮਾਈ ਦੀ ਇਕਸਾਰ ਵੰਡ। 'ਉਹ ਰੋਟੀ ਨਾ ਖਾ, ਜੋ ਤੂੰ ਆਪਣੇ ਖ਼ਾਲਸਾ ਵੀਰ ਨੂੰ ਨਹੀਂ ਵੰਡੀ।' ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਰਤਮਾਨ ਯੁਗ ਦੇ ਗੁਰੂ ਹਨ, ਜਿਨ੍ਹਾਂ ਨੇ ਮਨੁੱਖੀ-ਸਮਾਜ ਦੀ ਨਾਮ, ਦਾਨ, ਇਸ਼ਨਾਨ, ਕਿਰਤ ਕਰਨ, ਵੰਡ ਛਕਣ ਦੇ ਆਧਾਰ 'ਤੇ ਪੰਥ ਦੇ ਰੂਪ ਵਿੱਚ ਪੁਨਰ ਉਸਾਰੀ ਕੀਤੀ ਹੈ।

ਨਾਮ, ਮੁਕੰਮਲ ਅਤੇ ਸੰਪੂਰਨ ਤਿਆਗ ਅਤੇ ਸਰੀਰ, ਮਨ ਅਤੇ ਰੂਹ ਦਾ ਅਸੀਮ ਵਿੱਚ ਇਸ਼ਨਾਨ। ਹਰੇਕ ਮਨੁੱਖ ਮਾਤਰ ਲਈ, ਕਿਰਤ ਕਰਨਾ, ਪੈਦਾ ਕਰਨਾ ਅਤੇ ਇਸ ਕਮਾਈ ਦਾ ਕਿਸੇ ਨਿਰਾਸ਼ਾਮਈ ਭਾਵਨਾ ਅਧੀਨ ਤਿਆਗ ਨਹੀਂ, ਸਗੋਂ ਦਿਲੋਂ ਇਸ ਕਮਾਈ ਨੂੰ ਆਪਣੇ ਖ਼ਾਲਸਾ ਭਰਾਵਾਂ ਵਿੱਚ ਵੰਡ ਦੇਣਾ, ਲਾਜ਼ਮੀ ਰੂਹਾਨੀ ਲੋੜ ਹੈ। ਜੇ ਪੰਜਾਬ ਦੇ ਸਿੱਖ ਸਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਨਿਰਮਲ-ਪੰਥ ਦੀ ਮਾੜੀ ਜਿਹੀ 'ਯਾਦ' ਦਿਵਾਉਂਦੇ ਹਨ ਤਾਂ ਇਹ ਕੀ ਵੱਡੀ ਗੱਲ ਹੈ, ਜਦੋਂ ਕਿ ਸਾਰਾ ਸੰਸਾਰ ਅੰਦਰੋਂ-ਅੰਦਰੇ ਇਸ ਨੂੰ ਅਪਨਾਉਣ ਦੀ ਦਿਲੀ ਇੱਛਾ ਕਰ ਰਿਹਾ ਹੈ।

ਇਥੇ ਗੁਰੂ ਦਾ ਸਾਰੇ ਸੰਸਾਰ ਨੂੰ ਸੱਦਾ ਹੈ ਅਤੇ ਸਾਡੇ ਵਿਚੋਂ ਕੌਣ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਤਿ ਸਾਰੇ ਸੰਸਾਰ ਦੇ ਅਸਪੱਸ਼ਟ ਅਤੇ ਅਚੇਤ ਪਰ ਜ਼ੋਰਦਾਰ ਹੁੰਗਾਰੇ ਨੂੰ ਨਹੀਂ ਵੇਖਦਾ? ਉਸ ਦੀ ਪ੍ਰਤਿਭਾ ਨੂੰ ਸਮਝਣ ਲਈ ਮਨੁੱਖ ਨੂੰ ਸਦੀਆਂ ਲੱਗਣਗੀਆਂ, ਜਦੋਂ ਉਹ ਗੁਰੂ ਸਾਹਿਬ ਦੇ ਰੂਹਾਨੀ ਪੰਥ ਨੂੰ ਪਾ ਲਵੇਗਾ।

ਯਕੀਨਨ ਭਾਰਤ ਦੇ ਗ਼ੁਲਾਮਾਂ ਨੇ ਉਸ ਨੂੰ ਅਜੇ ਤਕ ਨਾ ਹੀ ਸਮਝਿਆ ਹੈ ਅਤੇ ਨਾ ਹੀ ਉਸ ਦੀ ਪ੍ਰਤਿਭਾ ਨੂੰ ਸਮਝਣ ਦੇ ਯੋਗ ਹਨ। ਉਸ ਦੀ ਮਹਾਨ ਸ਼ਖ਼ਸੀਅਤ ਦਾ ਪਰਛਾਵਾਂ ਬਹੁਤ ਦੂਰ ਸਦੀਆਂ ਤੋਂ ਪਰੇ ਤੱਕ ਪੈਂਦਾ ਹੈ ਅਤੇ ਭਾਰਤ ਦੇ ਅਖੌਤੀ ਮਹਾਨ ਵਿਦਵਾਨ, ਜਦੋਂ ਗੁਰੂ ਨੂੰ ਸਮਝਾਉਣ ਦਾ ਮਨ ਬਣਾਉਂਦੇ ਹਨ, ਕੇਵਲ ਕੰਡਿਆਂ ਨਾਲ ਝਰੀਟੇ ਜਾਂਦੇ ਹਨ ਅਤੇ ਉਨ੍ਹਾਂ ਨੂੰ ਗੁਰੂ ਨਾਨਕ ਜਿਨ੍ਹਾਂ ਰੂਹਾਨੀਅਤ ਵਾਲਾ ਨਾ ਸਮਝ ਕੇ, ਛੱਡ ਦਿੰਦੇ ਹਨ। ਇਸ ਤੋਂ ਉਨ੍ਹਾਂ ਦੁਆਲੇ ਪਸਰੇ ਹਨੇਰੇ ਦਾ ਹੀ ਅਨੁਭਵ ਹੁੰਦਾ ਹੈ, ਜੇ ਉਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿੱਚ ਗੁਰੂ ਨਾਨਕ ਜੀ ਦੇ ਉੱਚੇ ਅਤੇ ਚਮਕਦੇ ਸਿਖਰ ਨੂੰ ਨਹੀਂ ਵੇਖ ਸਕਦੇ, ਯਕੀਨਨ ਉਹ ਧਾਰਮਿਕ ਵਿਚਾਰਧਾਰਾ ਦੀ ਕ੍ਰਾਂਤੀ ਦੇ ਸ਼ਹਿਨਸ਼ਾਹ ਨੂੰ ਨਹੀਂ ਸਮਝ ਸਕੇ। ਉਸ ਦੇ ਇਕ-ਇਕ ਨਿਮਰਤਾ ਭਰੇ ਸ਼ਬਦ ਵਿੱਚ ਵੀ ਅਸੰਖ ਲਾਟਾਂ ਹਨ, ਜੋ ਬਿਜਲੀ ਵਾਂਗ ਅਸੰਖਾਂ ਸ਼ਮਸ਼ੀਰਾਂ ਹੋ ਟੁਟਦੀਆਂ ਹਨ, ਜੋ ਮਨੁੱਖੀ ਖ਼ੂਨ ਵਿੱਚ ਹਲੂਲ (ਦਾਖ਼ਲ) ਕਰ ਜਾਂਦੀਆਂ ਹਨ, ਨਾਮ ਜਿਸ ਦੇ ਜਪਣ ਨੇ ਕਿਰਤ ਕਰਦੇ ਮਨੁੱਖ ਦੀ ਪਿਆਰ, ਕਿਰਤ ਅਤੇ ਸੰਪੂਰਨ ਤਿਆਗ ਦੀ ਭਾਵਨਾ ਤੇ ਸੰਭਾਵੀ ਸਲਤਨਤ ਦੀ ਬੁਨਿਆਦ ਰੱਖਣੀ ਹੈ।

ਵਿਚਾਰਕਾਂ ਨੇ ਅਜੇ ਦਸ ਗੁਰੂ ਸਾਹਿਬਾਨ ਦੇ ਵਿਚਾਰਾਂ, ਜਿਨ੍ਹਾਂ ਨੂੰ ਪ੍ਰਗਟਾਉਣ ਲਈ ਵਰਤੀ ਗਈ ਬ੍ਰਾਹਮਣੀ ਭਾਸ਼ਾ ਕਾਰਨ ਅਤੇ ਵਿਰੋਧੀ ਬ੍ਰਾਹਮਣੀ ਮਾਹੌਲ, ਜੋ ਸਦਾ ਮਨੁੱਖ ਦੇ ਅਸਲੀ ਸਭਿਆਚਾਰਕ ਵਿਕਾਸ ਵਿੱਚ ਬਾਧਕ ਰਿਹਾ ਹੈ, ਦੀ ਮਹਾਨਤਾ ਨੂੰ ਸਮਝਣਾ ਹੈ।

ਗੁਰੂ ਸਾਹਿਬਾਨ ਦੀ ਪ੍ਰਤਿਭਾ ਆਪਣੇ ਕ੍ਰਾਂਤੀਕਾਰੀ ਵਿਚਾਰ, ਉਸੇ ਵਿਸ਼ੇਸ਼ ਦੇਸੀ ਭਾਸ਼ਾ ਵਿੱਚ, ਆਪਣੇ ਵਿਚਾਰਾਂ ਦਾ ਵਿਰੋਧ ਕਰਦੇ ਹੋਏ, ਪ੍ਰਗਟ ਕਰਦੀ ਹੈ ਅਤੇ ਆਪਣੇ ਵਿਚਾਰਾਂ ਦੇ ਮੱਥੇ 'ਤੇ ਪਈਆਂ ਪਰਸਪਰ ਕੱਟਦੀਆਂ ਲਕੀਰਾਂ ਅਤੇ ਵਿਚਾਰ ਮੰਡਲਾਂ ਨੂੰ ਆਪਣੇ ਜੀਵਨ ਅਤੇ ਕਾਰਨਾਮਿਆਂ ਦੇ ਅਨੁਕਰਣ ਵਿੱਚ ਅਤੇ ਪਿਆਰ ਤੇ ਸੰਪੂਰਨ ਤਿਆਗ ਦਾ, ਜੋ ਪੰਥ ਉਨ੍ਹਾਂ ਸਾਜਿਆ, ਨੂੰ ਪੜ੍ਹਨ ਲਈ ਪਾਠਕ 'ਤੇ ਛੱਡ ਦਿੰਦੀ ਹੈ। ਮੇਰਾ ਇਹ ਵਿਸ਼ਵਾਸ ਹੈ ਕਿ ਇਕ ਰਾਤ ਵਿਚ ਅਤੇ ਇਕ ਦਿਨ ਵਿਚ ਜਦੋਂ ਗੁਰੂ ਸਾਹਿਬ

ਦੇ ਵਿਚਾਰ, ਜੋ ਕਿ ਧਰਮ ਅਤੇ ਜੀਵਨ-ਜਾਚ ਸੰਬੰਧੀ ਪੂਰਬੀ ਵਿਚਾਰਾਂ ਵਿੱਚ ਮੁਕੰਮਲ ਕ੍ਰਾਂਤੀ ਹਨ, ਵੇਖੇ ਜਾਣ ਅਤੇ ਜੇ ਇਹ ਸੰਪੂਰਨ ਸਾਦਗੀ ਨਾਲ ਅਤੇ ਸੁਯੋਗ ਭਾਸ਼ਾ ਵਿੱਚ ਬਿਆਨ ਕੀਤੇ ਜਾਣ ਤਾਂ ਦਸਾਂ ਗੁਰੂ ਸਾਹਿਬਾਨ ਦੀ ਚੇਤਨਤਾ ਸਾਰੇ ਮਨੁੱਖੀ ਸਭਿਆਚਾਰ 'ਤੇ ਛਾ ਜਾਵੇਗੀ। ਉਨ੍ਹਾਂ ਦੀ ਵਡਿਆਈ ਦੀ ਸਾਖੀ, ਮਨੁੱਖ ਦੀ ਬਹੁਪੱਖੀ ਉੱਨਤੀ ਦੀਆਂ ਕਈ ਸਦੀਆਂ ਨੇ ਭਰਨੀ ਹੈ। ਮੈਂ ਇਥੇ ਕਹਿ ਦੇਣਾ ਚਾਹੁੰਦਾ ਹਾਂ ਕਿ ਗੁਰੂ ਸਾਹਿਬਾਨ ਦਾ ਧਰਮ, ਨਿਰਸੰਦੇਹ ਕੁਦਰਤ ਅਤੇ ਰੂਹ ਦਾ ਧਰਮ ਹੈ। ਇਹ ਬ੍ਰਾਹਮਣਾਂ ਦੇ ਅਧਿਆਤਮਿਕ ਅਤੇ ਦਾਰਸ਼ਨਿਕ ਬਕੜਵਾਦ ਤੋਂ ਬਿਲਕੁਲ ਵੱਖਰਾ ਹੈ।

ਗੁਰੂ ਸਾਹਿਬਾਨ ਦਾ ਮਜ਼ਬ ਸੰਖੇਪ ਵਿੱਚ, ਜੀਵਨ-ਜਾਚ, ਅਗੰਮੀ ਜੋਤ ਨੂੰ ਜਾਗਦੇ ਰੱਖਣ ਦਾ ਹੈ। ਇਹ ਅਧਿਆਤਮਿਕ ਜਾਂ ਧਰਮ-ਸ਼ਾਸਤਰਾਂ ਅਨੁਸਾਰ ਹੋਣ ਦੀ ਬਜਾਏ ਵਧੇਰੇ ਕਲਾਮਈ ਹੈ ਅਤੇ ਇਹ ਕਿਰਤ, ਕਾਰੀਗਰੀ ਮਨੁੱਖ ਕੁਦਰਤ ਅਤੇ ਉਨ੍ਹਾਂ ਦੀ ਘਾੜਤ ਵਿਚਲੇ ਹੁਸਨ ਦੀ ਪ੍ਰਸੰਸਾ ਨਾਲ ਭਰਪੂਰ ਹੈ। ਇਸ ਵਿੱਚ ਅਸੀਮ ਖੁਸ਼ੀ ਹੈ ਅਤੇ ਅਸੀਮ ਗ਼ਮ ਵੀ ਹਨ। ਗੁਰੂ-ਪ੍ਰਣਾਲੀ ਵਿੱਚ ਖੁਸ਼ੀ, ਜੀਵਨ ਦੇ ਗ਼ਮਾਂ ਰੂਪੀ ਰੁੱਖ 'ਤੇ ਖਿੜਿਆ ਫੁੱਲ ਹੈ। ਜਿਨ੍ਹਾਂ ਨੂੰ ਜੀਵਨ ਵਿੱਚ ਗ਼ਮ ਦਾ ਅਹਿਸਾਸ ਪ੍ਰਾਪਤ ਨਹੀਂ ਹੋਇਆ, ਉਨ੍ਹਾਂ ਲਈ ਨਿਰੀ ਖੁਸ਼ੀ ਹੌਕੇ ਭਰੀ, ਧੋਖਾ ਅਤੇ ਟਹਿਣੀਓਂ ਟੁੱਟੇ ਫੁੱਲ ਦੇ ਮੁਰਝਾਉਣ ਸਮੇਂ ਦੇ ਰੰਗਾਂ ਵਾਂਗ ਤਤਵਹੀਣ ਹੈ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਖ਼ਾਲਸਾ ਪੰਥ ਇਕ ਅਜਿਹਾ ਪੰਥ ਹੈ, ਜਿਸ ਵਿੱਚ ਇਸਤਰੀਆਂ ਖੁੱਲ੍ਹਾ ਅਤੇ ਬਰਾਬਰ ਦਾ ਭਾਗ ਲੈਂਦੀਆਂ ਹਨ। ਪੂਰਬ ਦੇ ਇਤਿਹਾਸ ਵਿੱਚ ਪਹਿਲੀ ਵਾਰੀ ਇਸਤਰੀ ਨੂੰ ਮਰਦਾਂ ਦੇ ਬਰਾਬਰ ਦਾ ਹੱਕ ਮਿਲਿਆ ਹੈ। ਗੁਰੂ ਸਾਹਿਬਾਨ ਵੱਲੋਂ ਰਚੇ ਗਏ ਸਿੱਖ ਸਾਹਿਤ ਵਿੱਚ ਸਿੱਖਣੀ ਸ਼ਬਦ ਕਿਤੇ ਨਹੀਂ ਮਿਲਦਾ। ਅਨੁਯਾਈ ਜਾਂ ਸਿੱਖ ਲਿੰਗ-ਰਹਿਤ ਨਾਂਵ ਹੈ। ਇਹ ਨਾਮਕਰਣ ਸਭ ਨੂੰ ਦਿੱਤਾ ਜਾਂਦਾ ਹੈ, ਜੋ ਸੰਗਤ ਵਿੱਚ ਆਉਂਦਾ ਹੈ। ਇਥੇ ਤਾਂ ਪਿਆਰ ਦੇ ਸੇਵਕਾਂ, ਮਰਦਾਂ ਅਤੇ ਇਸਤਰੀਆਂ ਲਈ ਸਿੱਖੀ ਅਤੇ ਪਿਆਰ ਦੇ ਬਰਾਬਰ ਦੇ ਅਧਿਕਾਰਾਂ 'ਤੇ ਸਮਾਜ ਦੀ ਪੁਨਰ-ਉਸਾਰੀ ਕੀਤੀ ਗਈ ਹੈ। ਗੁਰੂ ਸਾਹਿਬਾਨ ਦਾ ਆਦਰਸ਼ ਲਾਸਾਨੀ ਅਤੇ ਕ੍ਰਾਂਤੀਕਾਰੀ ਹੈ।

ਆਓ ਫਿਰ! ਉਹ ਪੰਜਾਬ ਦੇ ਸਿੱਖ ਨੌਜਵਾਨੋਂ! ਅਤੇ ਉਸ ਦੇ ਨਾਮ 'ਤੇ ਸਭ ਕੁਝ ਤਿਆਗ ਕੇ, ਗੁਰੂ ਦਾ ਝੰਡਾ ਬੁਲੰਦ ਅਤੇ ਝੂਲਦਾ ਰੱਖੋ। ਆਓ! ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖ਼ਾਲਸੇ ਬਣੀਏ ਅਤੇ ਇਸ ਜੀਵਨ ਰੂਪੀ ਜੰਗਲ ਦੇ ਕੱਖ-ਕਾਣ ਵਰਗੇ ਅਖਾਉਤੀ ਅਵਤਾਰਾਂ ਦੇ ਫ਼ਿਰਕਿਆਂ, ਸਭਾਵਾਂ ਜਾਂ ਕਲੱਬਾਂ ਦੀ ਹੋ ਰਹੀ ਖੁੰਬਾਂ ਵਰਗੀ ਉਤਪਤੀ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰ ਦਈਏ।

(*ਗੁਰਮਤਿ ਪ੍ਰਕਾਸ਼*, ਅਪ੍ਰੈਲ ੧੯੯੪)

ਸ਼੍ਰੋਮਣੀ ਕਮੇਟੀ ਖ਼ਬਰਨਾਮਾ

ਮੱਧ ਪ੍ਰਦੇਸ਼ 'ਚ ਲੋਕ ਸੇਵਾ ਕਮਿਸ਼ਨ ਵੱਲੋਂ ਲਈ ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਬੱਚੀ ਦੀ ਦਸਤਾਰ ਤੇ ਕਿਰਪਾਨ ਲੁਹਾਉਣਾ ਮੰਦਭਾਗਾ- ਐਡਵੋਕੇਟ ਧਾਮੀ

ਅੰਮ੍ਰਿਤਸਰ- ਮੱਧ ਪ੍ਰਦੇਸ਼ ਦੇ ਰਤਲਾਮ ਵਿਖੇ ਬੀਤੇ ਕੱਲ੍ਹ ਲੋਕ ਸੇਵਾ ਕਮਿਸ਼ਨ ਵੱਲੋਂ ਲਈ ਗਈ ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਸਿੱਖ ਪ੍ਰੀਖਿਆਰਥੀ ਬੱਚੀ ਦੀ ਦਸਤਾਰ ਅਤੇ ਕਿਰਪਾਨ ਲੁਹਾਉਣ ਦੇ ਮਾਮਲੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੇ ਸਿਧਾਂਤਾਂ ਅਤੇ ਰਵਾਇਤਾਂ ਤੋਂ ਸਾਰੇ ਦੇਸ਼ ਦੇ ਲੋਕ ਚੰਗੀ ਤਰ੍ਹਾਂ ਜਾਣੂ ਹਨ ਅਤੇ ਸਿੱਖ ਕਕਾਰਾਂ ਤੋਂ ਵੀ ਲੋਕਾਂ ਨੂੰ ਕਿਸੇ ਕਿਸਮ ਦੀ ਅਗਿਆਨਤਾ ਨਹੀਂ ਹੈ ਪ੍ਰੰਤੂ ਇਸ ਦੇ ਬਾਵਜੂਦ ਵੀ ਕਕਾਰਾਂ 'ਤੇ ਸਵਾਲ ਚੁੱਕਣੇ ਦੁਖਦਾਈ ਹਨ। ਬਾਰ-ਬਾਰ ਸਿੱਖ ਬੱਚਿਆਂ ਨੂੰ ਪ੍ਰੀਖਿਆਵਾਂ ਵਿਚ ਕਕਾਰ ਪਹਿਨਣ ਤੋਂ ਰੋਕਣਾ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ ਅਤੇ ਸਿੱਖਾਂ ਨੂੰ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਦਾ ਅਹਿਸਾਸ ਕਰਾਉਣ ਵਾਂਗ ਹੈ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਭਾਵੇਂ ਕਿ ਪ੍ਰੀਖਿਆ ਸਟਾਫ਼ ਵੱਲੋਂ ਮੁਆਫ਼ੀ ਮੰਗ ਲਈ ਗਈ ਹੈ ਪ੍ਰੰਤੂ ਅਜਿਹਾ ਵਾਪਰਨ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜੀ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੀਆਂ ਘਟਨਾਵਾਂ ਪ੍ਰਤੀ ਆਪਣੇ ਜਨਰਲ ਇਜਲਾਸ ਦੌਰਾਨ ਵਿਸ਼ੇਸ਼ ਮਤੇ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾਂਦੇ ਹਨ, ਜਿਸ 'ਤੇ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਹਰ ਸੂਬੇ ਦੀ ਸਰਕਾਰ ਨੂੰ ਸਿੱਖਾਂ ਦੇ ਕਕਾਰਾਂ ਅਤੇ ਧਾਰਮਿਕ ਚਿੰਨ੍ਹਾਂ ਬਾਰੇ ਇਹ ਆਦੇਸ਼ ਜਾਰੀ ਕਰੇ ਕਿ ਕਿਸੇ ਵੀ ਪ੍ਰੀਖਿਆ ਦੌਰਾਨ ਸਿੱਖ ਕਕਾਰਾਂ ਦਾ ਸਨਮਾਨ ਬਹਾਲ ਰੱਖਿਆ ਜਾਵੇ ਅਤੇ ਜੇ ਕੋਈ ਇਸ ਦੀ ਉਲੰਘਣਾ ਕਰੇ ਤਾਂ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। (੨ ਮਾਰਚ)

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੋਨੇ ਦੀ ਧੁਆਈ ਸੇਵਾ ਸ਼ੁਰੂ

ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਤੇ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਬਰਮਿੰਘਮ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਰਹੀਆਂ ਹਾਜ਼ਰ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੱਗੇ ਸੋਨੇ ਦੀ ਧੁਆਈ ਅਤੇ ਸਾਫ-ਸਫਾਈ ਦੀ ਸੇਵਾ ਅੱਜ ਅਰਦਾਸ ਉਪਰੰਤ ਅਰੰਭ ਕੀਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਮੁਖੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਨੂੰ ਸੌਂਪੀ ਗਈ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਉਪਰ ਗੁੰਬਦਾਂ 'ਤੇ ਲੱਗੇ ਸੋਨੇ ਦੀ ਧੁਆਈ ਦੇ ਕਾਰਜ ਦੀ ਅਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਤੇ ਨਿਸ਼ਕਾਮ ਸੇਵਕ ਜਥੇ ਦੇ

ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗੇ ਸੋਨੇ ਦੀ ਸਾਫ-ਸਫਾਈ ਅਤੇ ਸਾਂਭ-ਸੰਭਾਲ ਨੂੰ ਮੁੱਖ ਰੱਖਦਿਆਂ ਸਮੇਂ-ਸਮੇਂ 'ਤੇ ਇਸ ਦੀ ਧੁਆਈ ਦਾ ਕਾਰਜ ਕੀਤਾ ਜਾਂਦਾ ਹੈ, ਜਿਸ ਦੀ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਾ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਬਰਮਿੰਘਮ ਵਾਲਿਆਂ ਵੱਲੋਂ ਸੰਗਤ ਦੇ ਸਹਿਯੋਗ ਨਾਲ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਨਿਸ਼ਕਾਮ ਸੇਵਕ ਜਥਾ ਇਹ ਸੇਵਾ ਨਿਸ਼ਕਾਮ ਰੂਪ ਵਿਚ ਕਰਦਾ ਹੈ। ਇਨ੍ਹਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਗੁੰਬਦ, ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਦੇ ਗੁੰਬਦ ਅਤੇ ਘੰਟਾ ਘਰ ਡਿਓੜੀ ਦੇ ਗੁੰਬਦਾਂ ਦੇ ਉੱਪਰ ਲੱਗੇ ਸੁਨਹਿਰੀ ਪੱਤਰਿਆਂ ਦੀ ਸੇਵਾ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਿਸ਼ਕਾਮ ਸੇਵਕ ਜਥੇ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰਲੇ ਹਿੱਸੇ ਵਿਚ ਸੁਨਹਿਰੀ ਪੱਤਰਿਆਂ ਅਤੇ ਮੀਨਾਕਾਰੀ ਦੀ ਲੋੜ ਅਨੁਸਾਰ ਮੁਰੰਮਤ ਦਾ ਕਾਰਜ ਵੀ ਨਿਰੰਤਰ ਚੱਲ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ ਦੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਇਹ ਇਸੇ ਤਰ੍ਹਾਂ ਹੀ ਗੁਰੂ ਘਰ ਦੀਆਂ ਸੇਵਾਵਾਂ ਨਿਭਾਉਂਦੇ ਰਹਿਣਗੇ।

ਇਸ ਦੌਰਾਨ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੀ ਕਿਰਪਾ ਸਦਕਾ ਜਥੇ ਵੱਲੋਂ ਹਰ ਸਾਲ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸੋਨੇ ਦੀ ਧੁਆਈ ਦਾ ਕਾਰਜ ਕੀਤਾ ਜਾਂਦਾ ਹੈ। ਇਸੇ ਤਹਿਤ ਹੀ ਇਸ ਵਾਰ ਵੀ ਸੰਗਤ ਸੋਨੇ ਦੀ ਧੁਆਈ ਦੀ ਸੇਵਾ ਵਾਸਤੇ ਵਿਸ਼ੇਸ਼ ਤੌਰ 'ਤੇ ਆਈ ਹੈ। ਉਨ੍ਹਾਂ ਦੱਸਿਆ ਕਿ ਇਹ ਸੇਵਾ ਕਰੀਬ ੧੦-੧੨ ਦਿਨ ਜਾਰੀ ਰਹੇਗੀ, ਜਿਸ ਤਹਿਤ ਪਾਵਨ ਅਸਥਾਨ ਦੇ ਬਾਹਰੀ ਹਿੱਸੇ 'ਤੇ ਲੱਗੇ ਸੋਨੇ ਦੀ ਧੁਆਈ ਕੁਦਰਤੀ ਢੰਗ ਨਾਲ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸੋਨੇ ਦੀ ਧੁਆਈ ਲਈ ਰੀਠੇ ਨੂੰ ਉਬਾਲ ਕੇ ਉਸ ਦਾ ਪਾਣੀ ਅਤੇ ਨਿੰਬੂ ਦਾ ਰਸ ਵਰਤਿਆ ਜਾਂਦਾ ਹੈ। ਇਹ ਬਿਲਕੁਲ ਕੁਦਰਤੀ ਤਰੀਕਾ ਹੈ ਅਤੇ ਇਸ ਵਿਚ ਕਿਸੇ ਵੀ ਰਸਾਇਣ ਦੀ ਵਰਤੋਂ ਨਹੀਂ ਕੀਤੀ ਜਾਂਦੀ।

ਸੇਵਾ ਅਰੰਭ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਫੂੰਮਣ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਸਿੱਖ ਵਿਦਵਾਨ ਭਾਈ ਗੁਰਬਖ਼ਸ਼ ਸਿੰਘ ਗੁਲਸ਼ਨ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਭਾਈ ਪ੍ਰੇਮ ਸਿੰਘ, ਨਿਸ਼ਕਾਮ ਸੇਵਕ ਜਥੇ ਵੱਲੋਂ ਭਾਈ ਇੰਦਰਜੀਤ ਸਿੰਘ, ਭਾਈ ਗੁਰਦਿਆਲ ਸਿੰਘ, ਭਾਈ ਗੁਰਨਾਮ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਸੋਮਾ ਸਿੰਘ, ਭਾਈ ਇਕਬਾਲ ਸਿੰਘ, ਸ. ਸ਼ਮਸ਼ੇਰ ਸਿੰਘ ਜੇ.ਈ. ਸਮੇਤ ਸੰਗਤ ਮੌਜੂਦ ਸੀ। (੬ ਮਾਰਚ)

ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਐਡਵੋਕੇਟ ਧਾਮੀ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਾਨਕਸ਼ਾਹੀ ਸੰਮਤ ੫੫੯ ਦਾ ਕੈਲੰਡਰ ਕੀਤਾ ਜਾਰੀ

ਨਾਨਕਸ਼ਾਹੀ ਕੈਲੰਡਰ ਅਨੁਸਾਰ ਸੰਗਤ ਮਨਾਵੇ ਇਤਿਹਾਸਕ ਦਿਹਾੜੇ- ਜਥੇਦਾਰ

ਐਡਵੋਕੇਟ ਧਾਮੀ ਨੇ ਨਾਨਕਸ਼ਾਹੀ ਸੰਮਤ ੫੫੯ ਦੀ ਸਿੱਖ ਜਗਤ ਨੂੰ ਦਿੱਤੀ ਵਧਾਈ

ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅੱਜ ਨਾਨਕਸ਼ਾਹੀ ਸੰਮਤ ੫੫੯ (ਸੰਨ ੨੦੨੬-

੨੭) ਦਾ ਕੈਲੰਡਰ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਮੁੱਖ ਸ਼ਖਸੀਅਤਾਂ ਦੀ ਮੌਜੂਦਗੀ ਵਿਚ ਜਾਰੀ ਕੀਤਾ। ਇਸ ਵਾਰ ਦਾ ਨਾਨਕਸ਼ਾਹੀ ਕੈਲੰਡਰ ਭਗਤ ਰਵਿਦਾਸ ਜੀ ਦੇ ੬੫੦ ਸਾਲਾ ਜਨਮ ਦਿਹਾੜੇ ਅਤੇ ਸ੍ਰੀ ਕੀਰਤਪੁਰ ਸਾਹਿਬ ੪੦੦ ਸਾਲਾ ਸਥਾਪਨਾ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ ਹੈ।

ਕੈਲੰਡਰ ਜਾਰੀ ਕਰਨ ਮੌਕੇ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਨੇ ਸਿੱਖ ਜਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਸਿੱਖਾਂ ਦਾ ਨਵਾਂ ਵਰ੍ਹਾ ੧ ਚੇਤ ਤੋਂ ਸ਼ੁਰੂ ਹੁੰਦਾ ਹੈ ਅਤੇ ਇਸ ਦਿਨ ਹਰ ਗੁਰਦੁਆਰਾ ਸਾਹਿਬਾਨ ਅੰਦਰ ਗੁਰਮਤਿ ਸਮਾਗਮ ਕਰਕੇ ਇਸ ਦੀ ਅਰੰਭਤਾ ਕਰਨੀ ਚਾਹੀਦੀ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਨੂੰ ਮਾਣ ਹੈ ਕਿ ਇਸ ਦੀ ਮੌਲਿਕਤਾ ਅਤੇ ਵਿਲੱਖਣਤਾ ਨੂੰ ਦਰਸਾਉਂਦਾ ਆਪਣਾ ਕੈਲੰਡਰ ਹੈ ਅਤੇ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣੇ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਸਿੱਖ ਜਗਤ ਨੂੰ ਨਾਨਕਸ਼ਾਹੀ ਕੈਲੰਡਰ ਹਰ ਗੁਰੂ-ਘਰ ਅਤੇ ਆਪੋ-ਆਪਣੇ ਘਰਾਂ ਵਿਚ ਲਗਾਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਸਾਲ ਭਗਤ ਰਵਿਦਾਸ ਜੀ ਦਾ ੬੫੦ ਸਾਲਾ ਜਨਮ ਦਿਹਾੜਾ ਅਤੇ ਸ੍ਰੀ ਕੀਰਤਪੁਰ ਸਾਹਿਬ ਦਾ ੪੦੦ ਸਾਲਾ ਸਥਾਪਨਾ ਦਿਵਸ ਕੌਮ ਵੱਲੋਂ ਚੜ੍ਹਦੀ ਕਲਾ ਅਤੇ ਪੰਥਕ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੀ ਸ਼ਤਾਬਦੀ ਸੰਬੰਧੀ ਭਾਈਚਾਰੇ ਨਾਲ ਮਿਲ ਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ ਰੇਖਾ ਉਲੀਕੀ ਜਾਵੇਗੀ। ਇਸੇ ਤਰ੍ਹਾਂ ਹੀ ਸ੍ਰੀ ਕੀਰਤਪੁਰ ਸਾਹਿਬ ਦੇ ੪੦੦ ਸਾਲਾ ਸਥਾਪਨਾ ਦਿਵਸ ਨੂੰ ਵੀ ਸਮੂਹ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ ਦੇ ਸਹਿਯੋਗ ਨਾਲ ਯਾਦਗਾਰੀ ਬਣਾਉਣ ਵਾਸਤੇ ਕਾਰਜ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਭਾਈ ਤਾਰਾ ਸਿੰਘ ਵਾਂ ਦੇ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ੧੧ ਤੋਂ ੧੪ ਮਾਰਚ ੨੦੨੬ ਤੱਕ ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ ਸ਼ਤਾਬਦੀ ਸਮਾਗਮ ਹੋਣਗੇ। ਉਨ੍ਹਾਂ ਜਿਥੇ ਸੰਗਤ ਨੂੰ ਇਨ੍ਹਾਂ ਸ਼ਤਾਬਦੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ, ਉਥੇ ਹੀ ਨਾਨਕਸ਼ਾਹੀ ਸੰਮਤ ੫੫੮ ਦੀ ਅਰੰਭਤਾ ਮੌਕੇ ੧੩ ਮਾਰਚ ਦੀ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋ ਰਹੇ ਗੁਰਮਤਿ ਸਮਾਗਮ ਵਿਚ ਪੁੱਜਣ ਲਈ ਵੀ ਕਿਹਾ। ਐਡਵੋਕੇਟ ਧਾਮੀ ਨੇ ਆਉਣ ਵਾਲੇ ਨਾਨਕਸ਼ਾਹੀ ਸੰਮਤ ੫੫੮ ਦੀ ਸਿੱਖ ਜਗਤ ਨੂੰ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੇਜਰ ਸਿੰਘ ਢਿੱਲੋਂ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਫੁੰਮਣ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਹਰਪਾਲ ਸਿੰਘ ਜੱਲ੍ਹਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਬਗੀਚਾ ਸਿੰਘ, ਸ. ਮਲਕੀਤ ਸਿੰਘ ਆਦਿ ਹਾਜ਼ਰ ਸਨ। (੬ ਮਾਰਚ)

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਅਹਿਮ ਫੈਸਲੇ

ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਇਜਲਾਸ ੨੮ ਮਾਰਚ ਨੂੰ ਹੋਵੇਗਾ- ਐਡਵੋਕੇਟ ਧਾਮੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਬਜਟ ਇਜਲਾਸ ੨੮ ਮਾਰਚ

ਨੂੰ ਦੁਪਹਿਰ ੧੨ ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਹੋਈ ਅੰਤ੍ਰਿੰਗ ਕਮੇਟੀ ਨੇ ਬਜਟ ਸਬ-ਕਮੇਟੀ ਦੀਆਂ ਸਿਫਾਰਸ਼ਾਂ ਨੂੰ ਪ੍ਰਵਾਨ ਕਰਦਿਆਂ ਇਹ ਫੈਸਲਾ ਲਿਆ ਹੈ।

ਇਕੱਤਰਤਾ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਦੀ ਇਕੱਤਰਤਾ 'ਚ ਸਾਲ ੨੦੨੬-੨੦੨੭ ਦਾ ਸਾਲਾਨਾ ਬਜਟ ੨੮ ਮਾਰਚ ਨੂੰ ਸੱਦੇ ਜਾਣ ਦਾ ਫੈਸਲਾ ਹੋਇਆ ਹੈ। ਇਸ ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਟਰੱਸਟ ਵਿਭਾਗ, ਜਨਰਲ ਬੋਰਡ ਫੰਡ, ਵਿਦਿਅਕ ਅਦਾਰੇ, ਪ੍ਰਿੰਟਿੰਗ ਪ੍ਰੈੱਸਾਂ, ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਰਿਸਰਚ ਬੋਰਡ ਆਦਿ ਦਾ ਸਾਲਾਨਾ ਬਜਟ ਪਾਸ ਕਰਨ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਵੱਲੋਂ ਭਵਿੱਖ ਵਿਚ ਕੀਤੇ ਜਾਣ ਵਾਲੇ ਕਾਰਜ ਵਿਚਾਰੇ ਜਾਣਗੇ। ਐਡਵੋਕੇਟ ਧਾਮੀ ਨੇ ਅੰਤ੍ਰਿੰਗ ਕਮੇਟੀ ਦੇ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਬੇਅਦਬੀਆਂ ਦੇ ਮਾਮਲਿਆਂ ਸੰਬੰਧੀ ਕਾਨੂੰਨ ਬਣਾਉਣ ਲਈ ਸਮਾਣਾ ਵਿਖੇ ਭਾਈ ਗੁਰਜੀਤ ਸਿੰਘ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਪੂਰਨ ਸਮਰਥਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਬੇਅਦਬੀਆਂ ਦੇ ਮਾਮਲੇ 'ਤੇ ਸਖ਼ਤ ਕਾਨੂੰਨ ਦੀ ਹਮੇਸ਼ਾ ਮੰਗ ਕਰਦੀ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰੇ ਧਰਮ ਅਤੇ ਧਰਮ ਗ੍ਰੰਥ ਸਤਿਕਾਰਯੋਗ ਹਨ ਪ੍ਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਸਾਹਿਬ ਨੇ ਸ਼ਬਦ ਗੁਰੂ ਦੇ ਰੂਪ ਵਿਚ ਸਨਮਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਗੁਰਬਾਣੀ ਦੀ ਬੇਅਦਬੀ ਦੇ ਮਾਮਲੇ ਵਿਚ ਮਿਸਾਲੀ ਸਜ਼ਾ ਲਈ ਵੱਖਰਾ ਕਾਨੂੰਨ ਬੇਹੱਦ ਜ਼ਰੂਰੀ ਹੈ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਪਿਛਲੇ ਦਿਨੀਂ ਮੱਧ ਪ੍ਰਦੇਸ਼ ਦੇ ਰਤਲਾਮ ਵਿਚ ਲੋਕ ਸੇਵਾ ਕਮਿਸ਼ਨ ਦੀ ਪ੍ਰੀਖਿਆ ਦੌਰਾਨ ਸਿੱਖ ਬੱਚੀ ਦੀ ਦਸਤਾਰ ਅਤੇ ਕਿਰਪਾਨ ਉਤਾਰੇ ਜਾਣ ਦੀ ਘਟਨਾ ਬਾਰੇ ਨਿੰਦਾ ਮਤਾ ਪਾਸ ਕਰਦਿਆਂ, ਇਸ ਨੂੰ ਸਿੱਖਾਂ ਦੇ ਮੌਲਿਕ ਅਧਿਕਾਰਾਂ 'ਤੇ ਹਮਲਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਅਤੇ ਖ਼ੁਸ਼ਹਾਲੀ ਲਈ ਹਮੇਸ਼ਾ ਵੱਡਾ ਰੋਲ ਅਦਾ ਕੀਤਾ ਹੈ। ਦੇਸ਼ ਦੇ ਸੰਵਿਧਾਨ ਅੰਦਰ ਧਰਮ ਦੀ ਅਜ਼ਾਦੀ ਲਈ ਮਿਲੇ ਅਧਿਕਾਰਾਂ ਨੂੰ ਪ੍ਰੀਖਿਆਵਾਂ ਸਮੇਂ ਖੋਹਿਆ ਜਾ ਰਿਹਾ ਹੈ ਜੋ ਵੱਡੀ ਚਿੰਤਾ ਦਾ ਵਿਸ਼ਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕੌਮ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤ ਦੇ ਸਹਿਯੋਗ ਨਾਲ ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ ੧੧ ਮਾਰਚ ਤੋਂ ੧੪ ਮਾਰਚ ੨੦੨੬ ਤੱਕ ਖ਼ਾਲਸਈ ਜਾਹੋ-ਜਲਾਲ ਨਾਲ ਮਨਾਈ ਜਾਵੇਗੀ, ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ੧੧ ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਸੇ ਤਰ੍ਹਾਂ ੧੨ ਮਾਰਚ ਨੂੰ ਅੰਮ੍ਰਿਤ ਸੰਚਾਰ ਸਮਾਗਮ ਹੋਵੇਗਾ ਅਤੇ ੧੩ ਮਾਰਚ ਵੀ ਗੁਰਮਤਿ ਸਮਾਗਮ ਜਾਰੀ ਰਹਿਣਗੇ। ਸ਼ਤਾਬਦੀ ਦਾ ਮੁੱਖ ਸਮਾਗਮ ੧੪ ਮਾਰਚ ਨੂੰ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਅਤੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਹਰ ਹਲਕੇ ਵਿਚ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਜਾਣਗੇ।

ਇਕ ਸਵਾਲ ਦੇ ਜਵਾਬ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਕ ਚੈਨਲ ਵੱਲ ਸ਼੍ਰੋਮਣੀ ਕਮੇਟੀ ਦਾ ਬਕਾਇਆ ਹੋਣ ਬਾਰੇ ਗ਼ਲਤ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਆਪਣਾ ਯੂ-ਟਿਊਬ ਚੈਨਲ ਸ਼ੁਰੂ ਕੀਤਾ ਸੀ ਅਤੇ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਪੱਤਰ ਦੀ ਰੌਸ਼ਨੀ ਵਿਚ ਸੰਗਤ ਦੀ ਮੰਗ ਅਤੇ ਭਾਵਨਾਵਾਂ ਅਨੁਸਾਰ ਪੀਟੀਸੀ ਚੈਨਲ 'ਤੇ ਗੁਰਬਾਣੀ ਪ੍ਰਸਾਰਣ ਜਾਰੀ ਰੱਖਣ ਦਾ ਫੈਸਲਾ ਹੋਇਆ ਸੀ। ਉਨ੍ਹਾਂ ਸਪਸ਼ਟ ਕੀਤਾ ਕਿ ਚੈਨਲ ਨੂੰ ਚਲਾਉਣ ਲਈ ਵੱਖ-ਵੱਖ ਕੰਪਨੀਆਂ ਨਾਲ ਚਰਚਾ ਹੋਈ ਸੀ, ਜਿਸ 'ਚ ਮਹੀਨਾਵਾਰ ਵੱਡੀ ਰਾਸ਼ੀ ਦਾ ਖਰਚ ਮੰਗਿਆ ਗਿਆ ਸੀ। ਪੀਟੀਸੀ ਚੈਨਲ ਵੱਲੋਂ ਆਪਣਾ ਸੈਟਅੱਪ ਲਗਾ ਕੇ ਸ਼੍ਰੋਮਣੀ ਕਮੇਟੀ ਦਾ ਵੈੱਬ ਚੈਨਲ ਬਿਨਾਂ ਕਿਸੇ ਖਰਚੇ ਦੇ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣਾ ਸੈਟੇਲਾਈਟ ਚੈਨਲ ਚਲਾਉਣ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਅਮੀਰ ਸਿੰਘ ਰਸੀਦਾਂ ਤੇ ਟੈਕਸਲਾ ਟੈਲੀਵੀਜ਼ਨ ਦੇ ਸੰਸਥਾਪਕ ਸ. ਰਾਜਾ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਸਤਿਕਾਰ ਭੇਟ ਕੀਤਾ ਗਿਆ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਆਦਿ ਸ਼ਾਮਲ ਹਨ। (੬ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਵਾਂ ਦੇ ਸ਼ਹੀਦੀ ਦਿਹਾੜੇ ਦੀ ੩੦੦ ਸਾਲਾ ਸ਼ਤਾਬਦੀ: ੯ ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋਵੇਗਾ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ' ਖ਼ਾਲਸਾਈ ਮਾਰਚ

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਨਾਲ ਕੀਤੀ ਇਕੱਤਰਤਾ

ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਤਾਰਾ ਸਿੰਘ ਜੀ ਵਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਸ਼ੁਰੂ ਕਰਨ ਤੋਂ ਪਹਿਲਾਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਨਾਲ ਇੱਕ ਵਿਸ਼ੇਸ਼ ਇਕੱਤਰਤਾ ਕੀਤੀ। ਇਸ ਦੌਰਾਨ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਤਾਰਾ ਸਿੰਘ ਜੀ ਵਾਂ ਦੀ ਸ਼ਹੀਦੀ ਸ਼ਤਾਬਦੀ ਨੂੰ ਮਨਾਉਣ ਲਈ ਵੱਡੇ ਉਪਰਾਲੇ ਕੀਤੇ ਗਏ ਹਨ। ਇਸੇ ਤਹਿਤ ਹੀ ਵੱਖ-ਵੱਖ ਪਿੰਡਾਂ ਤੋਂ ਨਗਰ ਕੀਰਤਨ ਤਰਨ ਤਾਰਨ ਜ਼ਿਲ੍ਹੇ ਦੇ ਵਾਂ ਪਿੰਡ ਪਹੁੰਚਣਗੇ ਅਤੇ ੧੧ ਤੋਂ ੧੪ ਮਾਰਚ ਤੱਕ ਉੱਥੇ ਵੱਡੇ ਪੱਧਰ ਉੱਤੇ ਸ਼ਤਾਬਦੀ ਦੇ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਤਹਿਤ ਹੀ ਮਿਤੀ ੯ ਮਾਰਚ ਨੂੰ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ' ਖ਼ਾਲਸਾਈ ਮਾਰਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ, ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਏ ਜਾਣਗੇ। ਇਹ ਵਿਸ਼ੇਸ਼ ਨਗਰ ਕੀਰਤਨ ੯ ਮਾਰਚ ਨੂੰ ਸਵੇਰੇ ੯ ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋ ਕੇ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਦੋ ਰਾਤਾਂ ਦੇ ਪੜਾਅ ਕਰਕੇ ੧੧ ਮਾਰਚ ਨੂੰ ਵਾਂ ਪਿੰਡ ਵਿਖੇ ਸੰਪੂਰਨ ਹੋਵੇਗਾ। ਪਹਿਲੇ ਦਿਨ ੯ ਮਾਰਚ ਨੂੰ ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ, ਘਿਓ ਮੰਡੀ, ਭੰਡਾਰੀ ਪੁਲ, ਚੀਫ਼ ਖ਼ਾਲਸਾ ਦੀਵਾਨ, ਪੁਤਲੀ ਘਰ, ਖ਼ਾਲਸਾ ਕਾਲਜ ਅੰਮ੍ਰਿਤਸਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਖੰਡਵਾਲਾ, ਗੁਰਦੁਆਰਾ ਛੇਹਰਟਾ ਸਾਹਿਬ, ਗੁਰੂ ਕੀ ਵਡਾਲੀ, ਗਮੂੰਵਾਲ, ਕੋਟਲੀ, ਗੁਰਦੁਆਰਾ ਸੰਨ੍ਹ ਸਾਹਿਬ, ਢੰਡ, ਕਸੇਲ, ਮੀਆਂਪੁਰ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਰਾਤਰੀ ਵਿਸ਼ਰਾਮ ਕਰੇਗਾ। ਦੂਜੇ ਦਿਨ ੧੦ ਮਾਰਚ ਨੂੰ ਨਗਰ ਕੀਰਤਨ ਬਘਿਆੜੀ ਮੋੜ, ਝਬਾਲ ਅੱਡਾ, ਪੰਜਵੜ, ਗੱਗੋਬੂਆ, ਮੂਸੇ, ਛਿਛਰੇਵਾਲ, ਸੁਰ ਸਿੰਘ, ਸਿੰਘਪੁਰਾ, ਭਿੱਖੀਵਿੰਡ ਤੋਂ ਹੁੰਦਾ ਹੋਇਆ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਪਹੂਵਿੰਡ ਵਿਖੇ ਰਾਤਰੀ ਵਿਸ਼ਰਾਮ ਕਰੇਗਾ। ਤੀਸਰੇ ਦਿਨ ੧੧ ਮਾਰਚ ਨੂੰ ਨਗਰ ਕੀਰਤਨ ਦਰਾਜਕੇ, ਪਹਿਲ ਵਾਨਕੇ, ਮਾੜੀ ਉਦੋਕੇ, ਮਾੜੀ ਕੰਬੋਕੇ ਤੋਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਪਿੰਡ ਪਹੁੰਚੇਗਾ।

ਉਨ੍ਹਾਂ ਕਿਹਾ ਕਿ ਇਸ ਮਾਰਚ ਦਾ ਮਕਸਦ ਸਿੱਖ ਨੌਜਵਾਨੀ ਨੂੰ ਸਿੱਖੀ ਤੇ ਸਿੱਖ ਇਤਿਹਾਸ ਨਾਲ ਜੋੜਣਾ ਅਤੇ ਜੋ ਧਰਮ ਪਰਿਵਰਤਨ ਕਰਕੇ ਦੂਜੇ ਪਾਸੇ ਲੋਕ ਗਏ ਦੱਸੇ ਜਾ ਰਹੇ ਹਨ, ਉਨ੍ਹਾਂ ਨੂੰ ਗੁਰੂ ਸਾਹਿਬ ਜੀ ਦਾ ਸੱਚਾ ਉਪਦੇਸ਼ ਦੇਣਾ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਇਸ ਨਗਰ ਕੀਰਤਨ ਵਿੱਚ ਵੱਧ ਤੋਂ ਵੱਧ ਸਹਿਯੋਗ ਅਤੇ ਸ਼ਮੂਲੀਅਤ ਕਰਨ ਲਈ ਕਿਹਾ। (੬ ਮਾਰਚ)

ਸ਼੍ਰੋਮਣੀ ਕਮੇਟੀ ਯੂਪੀਐਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਸਿੱਖ ਵਿਦਿਆਰਥੀਆਂ ਦਾ ਇੱਕ-ਇੱਕ ਲੱਖ ਰੁਪਏ ਨਾਲ ਕਰੇਗੀ ਸਨਮਾਨ- ਐਡਵੋਕੇਟ ਧਾਮੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਯੂਪੀਐਸੀ ਦੀ ਪ੍ਰੀਖਿਆ ਪਾਸ ਕਰਕੇ ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਚੁਣੇ ਗਏ ਸਿੱਖ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ੧ ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕਰਨ ਦਾ ਐਲਾਨ ਕੀਤਾ ਹੈ।

ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿਚ ਐਡਵੋਕੇਟ ਧਾਮੀ ਨੇ ਕਿਹਾ ਕਿ ਯੂਪੀਐਸਸੀ ਵਰਗੀ ਸਖ਼ਤ ਪ੍ਰੀਖਿਆ ਵਿਚ ਕਾਮਯਾਬੀ ਹਾਸਲ ਕਰਨਾ ਨੌਜਵਾਨਾਂ ਦੀ ਮਿਹਨਤ ਲਗਨ ਅਤੇ ਦ੍ਰਿੜ੍ਹ ਨਿਸ਼ਚੇ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਸਿਮਰਨਦੀਪ ਕੌਰ ਤੇ ਸੁਨਵਰਦੀਪ ਸਿੰਘ ਸਮੇਤ ਹੋਰ ਸਿੱਖ ਵਿਦਿਆਰਥੀਆਂ ਨੇ ਯੂਪੀਐਸਸੀ ਦੀ ਮੁਕਾਬਲਾ ਪ੍ਰੀਖਿਆ ਨੂੰ ਪਾਸ ਕਰਕੇ ਜਿਥੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ, ਉਥੇ ਹੀ ਇਹ ਸਿੱਖ ਕੌਮ ਲਈ ਵੀ ਮਾਣ ਵਾਲੀ ਗੱਲ ਹੈ।

ਉਨ੍ਹਾਂ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਦੇਸ਼ ਭਰ ਵਿੱਚੋਂ ੧੫ਵਾਂ ਸਥਾਨ ਪ੍ਰਾਪਤ ਕਰਨ ਵਾਲੀ ਬੱਚੀ ਸਿਮਰਨਦੀਪ ਕੌਰ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਖ਼ਾਲਸਾ ਕਾਲਜ ਪਟਿਆਲਾ ਦੀ ਵਿਦਿਆਰਥਣ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ

ਪ੍ਰੀਖਿਆਵਾਂ ਲਈ ਉਤਸ਼ਾਹਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਯੂਪੀਐਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਸਿੱਖ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਹੌਂਸਲਾ ਅਫ਼ਜਾਈ ਦੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕਰੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਨੌਜਵਾਨਾਂ ਨੂੰ ਸਿੱਖਿਆ ਦੇ ਖੇਤਰ ਵਿਚ ਅੱਗੇ ਵਧਣ ਲਈ ਸ਼੍ਰੋਮਣੀ ਕਮੇਟੀ ਹਮੇਸ਼ਾ ਯਤਨਸ਼ੀਲ ਰਹੀ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਕਾਰਜਸ਼ੀਲ ਰਹੇਗੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਸ਼੍ਰੋਮਣੀ ਕਮੇਟੀ ਦੇ ਆ ਰਹੇ ਬਜਟ ਵਿਚ ਪ੍ਰਸ਼ਾਸਕੀ ਪ੍ਰੀਖਿਆਵਾਂ ਦੀ ਤਿਆਰੀ ਵਾਸਤੇ ਵਿਸ਼ੇਸ਼ ਰਾਸ਼ੀ ਰੱਖੀ ਜਾਵੇਗੀ, ਜਿਸ ਨਾਲ ਲੋੜਵੰਦ ਗੁਰਸਿੱਖ ਬੱਚਿਆਂ ਨੂੰ ਇਸ ਖੇਤਰ ਲਈ ਸਹਿਯੋਗ ਕੀਤਾ ਜਾਵੇਗਾ। ਉਨ੍ਹਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਚੇਰੇ ਭਵਿੱਖ ਦੀ ਕਾਮਨਾ ਵੀ ਕੀਤੀ। (੭ ਮਾਰਚ)

'ਅਕਾਲੀ ਅਖ਼ਬਾਰ ਤੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ' ਪੁਸਤਕ ਐਡਵੋਕੇਟ ਧਾਮੀ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਕੀਤੀ ਸੰਗਤ ਅਰਪਣ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ 'ਅਕਾਲੀ ਅਖ਼ਬਾਰ ਤੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ' ਪੁਸਤਕ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਸੰਗਤ ਅਰਪਣ ਕੀਤੀ ਗਈ। ਇਹ ਪੁਸਤਕ ਸਿੱਖ ਇਤਿਹਾਸ ਰੀਚਰਸ ਬੋਰਡ ਦੇ ਸਕਾਲਰ ਬੀਬੀ ਗੁਰਮੀਤ ਕੌਰ ਦੁਆਰਾ ਤਿਆਰ ਕੀਤੀ ਗਈ ਹੈ। ਪੁਸਤਕ ਜਾਰੀ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਵੀਹਵੀਂ ਸਦੀ ਦਾ ਮੁੱਢਲਾ ਦੌਰ ਸਿੱਖ ਇਤਿਹਾਸ ਵਿਚ ਮਹੱਤਵਪੂਰਨ ਸਥਾਨ ਰੱਖਦਾ ਹੈ ਕਿਉਂਕਿ ਇਹ ਦੌਰ ਸਿੱਖ ਪੰਥ ਲਈ ਚੁਣੌਤੀਆਂ ਭਰਪੂਰ ਅਤੇ ਸੰਘਰਸ਼ਮਈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦਹਾਕੇ ਵਿਚ 'ਅਕਾਲੀ' ਅਖ਼ਬਾਰ ਇਕ ਪੰਥਕ ਅਖ਼ਬਾਰ ਸੀ। ਅਕਾਲੀ ਅਖ਼ਬਾਰ ਨੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਲਈ ਸਿੱਖਾਂ ਨੂੰ ਲਾਮਬੰਦ ਕਰਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲੀ ਦਲ ਨੂੰ ਜਥੇਬੰਦ ਕਰਨ ਸਮੇਤ ਸਿੱਖ ਮੋਰਚਿਆਂ ਸਮੇਂ ਜੋ ਮਹੱਤਵਪੂਰਨ ਰੋਲ ਨਿਭਾਇਆ, ਉਹ ਇਤਿਹਾਸਕ ਹੈ। ਐਡਵੋਕੇਟ ਧਾਮੀ ਨੇ ਇਸ ਖੋਜ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੁਸਤਕ ਵਿਚ ਪੰਥਕ 'ਅਕਾਲੀ' ਅਖ਼ਬਾਰ ਸੰਬੰਧੀ ਤੱਥਾਂ 'ਤੇ ਅਧਾਰਿਤ ਸਾਰਥਿਕ ਅਤੇ ਵਿਸਥਾਰਤ ਜਾਣਕਾਰੀ ਹੈ, ਜਿਸ ਤੋਂ ਪਾਠਕ ਭਰਪੂਰ ਲਾਹਾ ਲੈਣਗੇ।

ਪੁਸਤਕ ਜਾਰੀ ਕਰਨ ਮੌਕੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਸਕਾਲਰ ਸ. ਕਰਮਜੀਤ ਸਿੰਘ, ਡਾ. ਗੁਰਮਿੰਦਰ ਸਿੰਘ, ਬੀਬੀ ਗੁਰਮੀਤ ਕੌਰ, ਡਾ. ਹਰਪ੍ਰੀਤ ਕੌਰ, ਬੀਬੀ ਕਿਰਨਦੀਪ ਕੌਰ ਆਦਿ ਸ਼ਾਮਲ ਸਨ। (੭ ਮਾਰਚ)

ਪਿੰਡ ਸਠਿਆਲਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਹੋਈ ਬੇਅਦਬੀ ਦੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੀਤੀ ਸਖ਼ਤ ਨਿੰਦਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਬਕਾਲਾ ਸਾਹਿਬ ਨੇੜਲੇ ਪਿੰਡ ਸਠਿਆਲਾ ਸਥਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਲਗਾਤਾਰ ਵਾਪਰ ਰਹੀਆਂ ਬੇਅਦਬੀਆਂ ਦੀ ਘਟਨਾਵਾਂ 'ਤੇ ਚਿੰਤਾ ਜ਼ਾਹਰ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਵਿਚ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਦਾ ਲਗਾਤਾਰ ਵਾਪਰਨਾ ਵੱਡੀ ਸਾਜਿਸ਼ ਹੈ, ਜਿਸ ਦੇ ਦੋਸ਼ੀਆਂ ਨੂੰ ਸਾਹਮਣੇ ਲਿਆਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮਨੁੱਖ ਨੂੰ ਜੀਵਨ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀਆਂ ਅਜਿਹੀਆਂ ਘਟਨਾਵਾਂ ਵਾਪਰਨ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪੁੱਜਦੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਬਾਣੀ ਦੀ ਬੇਅਦਬੀ ਕਰਨ ਵਾਲਿਆਂ ਲਈ ਸਖ਼ਤ ਸਜ਼ਾ ਦਾ ਪ੍ਰਬੰਧ ਹੋਣਾ ਜ਼ਰੂਰੀ ਹੈ, ਜਿਸ ਦੀ ਸਿੱਖ ਸੰਗਤ ਵੱਲੋਂ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਹੈ। ਸਰਕਾਰਾਂ ਵੱਲੋਂ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਨਾ ਹੋਣ ਕਾਰਨ ਅਜਿਹੇ ਅਨਸਰਾਂ ਦੇ ਹੌਂਸਲੇ ਹੋਰ ਵੱਧ ਰਹੇ ਹਨ। ਐਡਵੋਕੇਟ ਧਾਮੀ ਨੇ ਸਰਕਾਰ ਨੂੰ ਆਖਿਆ ਕਿ ਬੇਅਦਬੀ ਦੇ ਦੋਸ਼ੀਆਂ ਦਾ ਪਤਾ ਲਗਾ ਕੇ ਉਨ੍ਹਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਅਤੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਗੁਰਦੁਆਰਾ ਸਾਹਿਬਾਨ ਅੰਦਰ ਪਹਿਰੇਦਾਰੀ ਲਾਜ਼ਮੀ ਬਣਾਉਣ, ਤਾਂ ਜੋ ਅਜਿਹੀਆਂ ਘਟਨਾਵਾਂ ਨਾ ਵਾਪਰਨ। (੭ ਮਾਰਚ)

ਗੁਰਦੁਆਰਾ ਅੰਬ ਸਾਹਿਬ ਦੀ ਜ਼ਮੀਨ ਸੰਬੰਧੀ ਸੱਤ ਮੈਂਬਰੀ ਪੜਤਾਲੀਆ ਕਮੇਟੀ ਦੀ ਹੋਈ ਇੱਕਤਰਤਾ

ਮਾਮਲੇ ਵਿੱਚ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ: ਸ. ਕੁਲਵੰਤ ਸਿੰਘ ਮੰਨਣ

ਅੰਮ੍ਰਿਤਸਰ/ ਚੰਡੀਗੜ੍ਹ- ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੀ ਜ਼ਮੀਨ ਨੂੰ ਧੋਖਾਧੜੀ ਨਾਲ ਵੇਚਣ ਦੇ ਮਾਮਲੇ ਦੀ ਪੜਤਾਲ ਸੰਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬਣਾਈ ਗਈ ਸਬ ਕਮੇਟੀ ਦੀ ਇਕੱਤਰਤਾ ਅੱਜ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਹੋਈ। ਜਿਸ ਵਿਚ ਪੜਤਾਲੀਆ ਕਮੇਟੀ ਨੇ ਸਾਰੇ ਮਾਮਲੇ ਤੇ ਗੰਭੀਰਤਾ ਨਾਲ ਵਿਚਾਰ ਕੀਤੀ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਬਣਾਈ ਗਈ ਸੱਤ ਮੈਂਬਰੀ ਪੜਤਾਲੀਆ ਕਮੇਟੀ ਪਹਿਲੇ ਦਿਨ ਤੋਂ ਹੀ ਇਸ ਕੇਸ ਨੂੰ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਸਾਰੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ। ਇਸ ਸੰਬੰਧੀ ਮੀਡੀਏ ਵਿੱਚ ਕੁੱਝ ਲੋਕਾਂ ਵੱਲੋਂ ਬਗੈਰ ਤੱਥਾਂ ਤੋਂ ਬਿਆਨਬਾਜੀ ਕੀਤੀ ਜਾ ਰਹੀ ਹੈ।

ਉਨ੍ਹਾਂ ਜਾਣਕਾਰੀ ਦਿੱਤੀ ਕਿ ੫ ਫਰਵਰੀ ੨੦੨੬ ਨੂੰ ਪੜਤਾਲੀਆ ਕਮੇਟੀ ਵੱਲੋਂ ਐਸਐਸਪੀ ਮੋਹਾਲੀ ਨਾਲ ਮੀਟਿੰਗ ਕਰਕੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਲਈ ਦਰਖ਼ਾਸਤ ਦਿੱਤੀ ਗਈ ਸੀ। ਜਿਸ ਦੇ ਅਧਾਰ 'ਤੇ ੭ ਫਰਵਰੀ ੨੦੨੬ ਨੂੰ ਦੋਸ਼ੀਆਂ ਵਿਰੁੱਧ ਐਫਆਈਆਰ ੩੫ ਦਰਜ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਇਸੇ ਦੌਰਾਨ ਦੋਸ਼ੀਆਂ ਵੱਲੋਂ ਮਿਤੀ ੧੬ ਫਰਵਰੀ ੨੦੨੬ ਨੂੰ ਸ਼ੈਸਨ ਕੋਰਟ

ਵਿਖੇ ਜਮਾਨਤ ਲਈ ਅਰਜੀ ਦਾਇਰ ਕੀਤੀ ਗਈ, ਜਿਸ ਨੂੰ ਸ਼੍ਰੋਮਣੀ ਕਮੇਟੀ ਦੇ ਵਕੀਲਾਂ ਨੇ ਰੱਦ ਕਰਵਾ ਦਿੱਤਾ। ਇਸ ਤੋਂ ਬਾਅਦ ਮਿਤੀ ੧੯ ਫਰਵਰੀ ੨੦੨੬ ਨੂੰ ਦੋਸ਼ੀਆਂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਰੁਖ ਕੀਤਾ, ਉੱਥੇ ਵੀ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਸੀਨੀਅਰ ਵਕੀਲ ਸ. ਪੂਰਨ ਸਿੰਘ ਹੁੰਦਲ ਅਤੇ ਸ. ਅਮਨਬੀਰ ਸਿੰਘ ਸਿਆਲੀ ਵੱਲੋਂ ਤੱਥਾਂ ਦੇ ਅਧਾਰ 'ਤੇ ਜ਼ਮਾਨਤ ਰੱਦ ਕਰਵਾ ਦਿੱਤੀ ਗਈ। ਇਸ ਕੇਸ ਵਿੱਚ ਸੰਸਥਾ ਪ੍ਰਸਾਸ਼ਨ ਨਾਲ ਪੂਰਾ ਰਾਬਤਾ ਬਣਾ ਕੇ ਰਖ ਰਹੀ ਹੈ ਅਤੇ ਨਿਰੰਤਰ ਕੇਸ ਦੀ ਪੈਰਵਾਈ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪੜਤਾਲੀਆ ਕਮੇਟੀ ਵਲੋਂ ਜਾਅਲੀ ਪੱਤ੍ਰਿਕਾ 'ਤੇ ਕੀਤੇ ਸ੍ਰ. ਪ੍ਰਤਾਪ ਸਿੰਘ ਸਕੱਤਰ ਦੇ ਦਸਤਖ਼ਤਾਂ ਦੀ ਜਾਂਚ ਵੀ ਕਰਵਾਈ ਗਈ, ਜਿਸ ਦੀ ਰਿਪੋਰਟ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਭੇਜੀ ਗਈ ਹੈ। ਜਿਸ ਉੱਤੇ ਜਲਦ ਤੋਂ ਜਲਦ ਉਚਿਤ ਕਾਰਵਾਈ ਕਰਨ ਦੀ ਸਿਫਾਰਿਸ਼ ਕੀਤੀ ਗਈ ਹੈ।

ਪੜਤਾਲੀਆ ਕਮੇਟੀ ਨੇ ਕਿਹਾ ਕਿ ਕੇਸ ਬਹੁਤ ਗੰਭੀਰ ਹੈ, ਜਿਸ ਕਾਰਨ ਇਸ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਸੀਂ ਵਿਸ਼ਵਾਸ਼ ਦਵਾਉਂਦੇ ਹਾਂ ਕਿ ਇਸ ਕੇਸ ਵਿੱਚ ਜੋ ਵੀ ਦੋਸ਼ੀ ਸਾਬਤ ਹੁੰਦਾ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਤਾਂ ਜੋ ਅੱਗੇ ਤੋਂ ਕੋਈ ਅਜਿਹਾ ਕਰਨ ਦੀ ਹਿਮਾਕਤ ਨਾ ਕਰੇ। ਸਬ ਕਮੇਟੀ ਦੀ ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਅਜਮੇਰ ਸਿੰਘ ਖੇੜਾ, ਸ. ਸੁਰਜੀਤ ਸਿੰਘ ਭਿਟੇਵੱਡ, ਸ. ਗੁਰਬਖਸ਼ ਸਿੰਘ ਖ਼ਾਲਸਾ, ਸ. ਪਰਮਜੀਤ ਸਿੰਘ ਲੱਖੇਵਾਲ ਅਤੇ ਸ. ਅਮਨਬੀਰ ਸਿੰਘ ਸਿਆਲੀ ਕਾਨੂੰਨੀ ਸਲਾਹਕਾਰ ਹਾਜ਼ਰ ਸਨ। (੮ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋਇਆ ਖ਼ਾਲਸਾ ਮਾਰਚ

ਅੰਮ੍ਰਿਤਸਰ- ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ' ਨਾਮ ਹੇਠ ਖ਼ਾਲਸਾ ਮਾਰਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਰਵਾਨਾ ਹੋਇਆ। ਇਹ ਖ਼ਾਲਸਾ ਮਾਰਚ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ੧੧ ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ, ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ ਸੰਪੂਰਨ ਹੋਵੇਗਾ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਉਪਰੰਤ ਨਗਰ ਕੀਰਤਨ ਦੀ ਰਵਾਨਗੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਗੱਲ ਕਰਦਿਆਂ ਗਿ. ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਨੇ ਹੋਰ ਸ਼ਹੀਦ ਸਿੰਘਾਂ ਨਾਲ ਜ਼ਕਰੀਆ ਦੀ ਫ਼ੌਜ ਦਾ ਡੱਟ ਕੇ ਮੁਕਾਬਲਾ ਕੀਤਾ ਅਤੇ ਫ਼ਤਹਿ ਪਾਈ। ਸ਼ਹੀਦਾਂ ਦਾ ਇਹ ਇਤਿਹਾਸ ਕੌਮ ਲਈ ਵੱਡੀ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਖ਼ਾਲਸਾ ਮਾਰਚ ਦਾ ਮਕਸਦ ਸਿੱਖੀ ਪ੍ਰਚਾਰ ਦੇ ਨਾਲ-ਨਾਲ ਭਾਈ ਤਾਰਾ ਸਿੰਘ ਵਾਂ ਅਤੇ ਹੋਰ ਸ਼ਹੀਦ ਸਿੰਘਾਂ ਦੇ ਇਤਿਹਾਸ ਨੂੰ ਸੰਗਤ 'ਚ ਪ੍ਰਚਾਰਨਾ ਹੈ। ਉਨ੍ਹਾਂ ਕਿਹਾ ਕਿ ਸਿੱਖ ਪੰਥ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤ ਦੇ ਸਹਿਯੋਗ ਨਾਲ ਸ਼ਹੀਦ ਭਾਈ ਤਾਰਾ ਸਿੰਘ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਪੰਥਕ ਪ੍ਰੰਪਰਾਵਾਂ ਅਨੁਸਾਰ ਮਨਾਈ ਜਾ ਰਹੀ ਹੈ, ਜਿਸ ਦੇ ਸਮਾਗਮ

੧੧ ਤੋਂ ੧੪ ਮਾਰਚ ਤੱਕ ਪਿੰਡ ਵਾਂ ਵਿਖੇ ਹੋਣਗੇ। ਉਨ੍ਹਾਂ ਸੰਗਤ ਨੂੰ ਵੱਧ ਤੋਂ ਵੱਧ ਸ਼ਤਾਬਦੀ ਸਮਾਗਮਾਂ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਦੀ ਰਵਾਨਗੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿ. ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਸ. ਸਤਨਾਮ ਸਿੰਘ ਝਬਾਲ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਪ੍ਰਚਾਰਕ/ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਗੁਰਦੀਪ ਸਿੰਘ, ਬਾਬਾ ਸਤਨਾਮ ਸਿੰਘ ਸਮੇਤ ਸੰਗਤ ਮੌਜੂਦ ਸੀ। (੯ ਮਾਰਚ)

ਪੰਜਾਬ ਯੂਨੀਵਰਸਿਟੀ 'ਚ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰਨ ਦੀ ਐਡਵੋਕੇਟ ਧਾਮੀ ਨੇ ਕੀਤੀ ਨਿਖੇਧੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੰਡੀਗੜ੍ਹ ਪੁਲਿਸ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦਸਤਾਰ ਸਿੱਖ ਦੇ ਜੀਵਨ ਦਾ ਅਹਿਮ ਅੰਗ ਹੈ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜ਼ੋਰ ਦਾ ਪ੍ਰਯੋਗ ਕਰਦਿਆਂ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰੇ ਜਾਣਾ ਸਿੱਖ ਭਾਵਨਾਵਾਂ ਅਤੇ ਸਿੱਖੀ ਦੇ ਗੌਰਵ ਦਾ ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਸ਼ਾਂਤਮਈ ਤਰੀਕੇ ਨਾਲ ਆਪਣੀ ਗੱਲ ਰੱਖਣਾ ਹੱਕ ਹੈ, ਜਿਸ 'ਤੇ ਕਿਸੇ ਤਰ੍ਹਾਂ ਦੀ ਰੋਕ ਲਗਾਉਣੀ ਪ੍ਰਸ਼ਾਸਨ ਦੀ ਧੱਕੇਸ਼ਾਹੀ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਸਿੱਖ ਭਾਵਨਾਵਾਂ ਨੂੰ ਲੈ ਕੇ ਲਗਾਤਾਰ ਮੰਗ ਕਰ ਰਹੇ ਸਨ, ਜਿਸ ਨੂੰ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਅਣਸੁਣਿਆ ਕੀਤਾ ਗਿਆ ਅਤੇ ਪੁਲਿਸ ਦੁਆਰਾ ਲਾਠੀਚਾਰਜ ਕਰਕੇ ਵਿਦਿਆਰਥੀਆਂ ਦੀ ਅਵਾਜ਼ ਨੂੰ ਦਬਾਉਣ ਦਾ ਯਤਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨਾਲ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਉਣ ਵਾਲੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਵੀ ਜ਼ਿੰਮੇਵਾਰੀ ਹੈ। ਉਨ੍ਹਾਂ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਉਤਾਰਨ ਵਾਲੇ ਦੋਸ਼ੀ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਸਿੱਖ ਦੀ ਦਸਤਾਰ ਦਾ ਨਿਰਾਦਰ ਕਰਨ ਵਾਲੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ। (੯ ਮਾਰਚ)

ਸਾਬਕਾ ਮੈਂਬਰ ਜਥੇਦਾਰ ਸੁਰਜੀਤ ਸਿੰਘ ਚੀਮਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਐਡਵੋਕੇਟ ਧਾਮੀ ਨੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਸੁਰਜੀਤ ਸਿੰਘ ਚੀਮਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਨੇ ਗਹਿਰੇ ਦੁੱਖ ਦਾ ਇਜਹਾਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਜਥੇਦਾਰ ਸੁਰਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਰਹਿੰਦਿਆਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਯੋਗਦਾਨ ਪਾਇਆ। ਉਨ੍ਹਾਂ ਦਾ ਅਕਾਲ ਚਲਾਣਾ ਪਰਿਵਾਰ ਤੇ ਸਨੇਹੀਆਂ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਥੇਦਾਰ ਸੁਰਜੀਤ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ ਤੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਜਥੇਦਾਰ ਸੁਰਜੀਤ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖੁ ਅੱਗੇ ਵਿਛੜੀ ਰੂਹ ਨਮਿਤ ਅਰਦਾਸ ਕੀਤੀ। (੯ ਮਾਰਚ)

ਪੰਜਾਬ ਯੂਨੀਵਰਸਿਟੀ ਵਿੱਚ ਸਿੱਖ ਵਿਦਿਆਰਥੀਆਂ ਨਾਲ ਧੱਕੇਸ਼ਾਹੀ, ਦਸਤਾਰਾਂ ਤੇ ਕਕਾਰਾਂ ਦੇ ਨਿਰਾਦਰ ਦੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਵੱਲੋਂ ਨਿੰਦਾ

ਕਿਹਾ, ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਹੋਵੇ ਕਾਰਵਾਈ

ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਪ੍ਰਸ਼ਾਸਨ ਵੱਲੋਂ ਸਿੱਖ ਸੋਚ ਵਾਲੀਆਂ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਨਾਲ ਜੁੜੇ ਵਿਦਿਆਰਥੀਆਂ ਉੱਤੇ ਕੀਤੀ ਧੱਕੇਸ਼ਾਹੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਅੰਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ੩੫੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਬਾਰੇ ਜੇਕਰ ਵਿਦਿਆਰਥੀਆਂ ਨੂੰ ਕੋਈ ਇਤਰਾਜ਼ ਸੀ ਤਾਂ ਯੂਨੀਵਰਸਿਟੀ ਪ੍ਰਸ਼ਾਸਨ ਦਾ ਇਹ ਮੁੱਢਲਾ ਫਰਜ਼ ਸੀ ਕਿ ਉਨ੍ਹਾਂ ਦੀ ਗੱਲ ਸੁਣੀ ਜਾਂਦੀ ਨਾ ਕਿ ਉਨ੍ਹਾਂ ਨਾਲ ਧੱਕੇਸ਼ਾਹੀ ਕੀਤੀ ਜਾਂਦੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਚੰਡੀਗੜ੍ਹ ਪੁਲਿਸ ਵੱਲੋਂ ਰੋਸ ਪ੍ਰਦਰਸ਼ਨ ਲਈ ਇਕੱਠੇ ਹੋਏ ਵਿਦਿਆਰਥੀਆਂ ਨਾਲ ਧੱਕਾ ਕਰਨਾ ਅਤੇ ਸਿੱਖ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰਨੀਆਂ, ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਸ ਲਈ ਦੋਸ਼ੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਗੁਰਬਾਣੀ ਸਿੱਖਿਆ ਦਿੰਦੀ ਹੈ ਕਿ ਕਿਸੇ ਨੂੰ ਭੈ ਨਹੀਂ ਦਿਖਾਉਣਾ ਅਤੇ ਨਾ ਹੀ ਕਿਸੇ ਦਾ ਭੈ ਮੰਨਣਾ ਹੈ, ਲੇਕਿਨ ਚੰਡੀਗੜ੍ਹ ਪ੍ਰਸ਼ਾਸਨ ਤੇ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਨੇ ਜੋ ਸਿੱਖ ਵਿਦਿਆਰਥੀਆਂ ਵਿਰੁੱਧ ਧੱਕੇਸ਼ਾਹੀ ਕੀਤੀ ਹੈ, ਉਹ ਗੁਰੂ ਸਾਹਿਬ ਦੀ ਸਿੱਖਿਆਵਾਂ ਦੇ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਰੋਸ ਪ੍ਰਗਟ ਕਰਨਾ ਵਿਦਿਆਰਥੀਆਂ ਦਾ ਹੱਕ ਹੈ ਅਤੇ ਉਨ੍ਹਾਂ ਦੀ ਅਵਾਜ਼ ਜਬਰ ਨਾਲ ਨਹੀਂ ਦਬਾਈ ਜਾ ਸਕਦੀ। (੯ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ:

ਖ਼ਾਲਸਾ ਮਾਰਚ ਗੁ: ਬੀੜ ਬਾਬਾ ਬੁੱਢਾ ਸਾਹਿਬ ਤੋਂ ਅਗਲੇ ਪੜਾਅ ਪਹੂਵਿੰਡ ਲਈ ਰਵਾਨਾ

ਅੰਮ੍ਰਿਤਸਰ- ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ' ਨਾਮ ਹੇਠ ਅਰੰਭ ਹੋਇਆ ਖ਼ਾਲਸਾ ਮਾਰਚ ਅੱਜ ਗੁਰਦੁਆਰਾ ਬੀੜ ਬਾਬਾ

ਬੁੱਢਾ ਸਾਹਿਬ ਤੋਂ ਅਗਲੇ ਪੜਾਅ ਪਹੂਵਿੰਡ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਮੌਕੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਮੁੱਖ ਗ੍ਰੰਥੀ ਗਿ. ਨਿਸ਼ਾਨ ਸਿੰਘ ਗੰਡੀਵਿੰਡ ਨੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਿਆ। ਇਸ ਦੌਰਾਨ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿਰੋਪਾਓ ਦੇ ਸਨਮਾਨਿਤ ਕੀਤਾ। ਇਹ ਖ਼ਾਲਸਾ ਮਾਰਚ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਚੱਲ ਕੇ ਬਘਿਆੜੀ ਮੋੜ, ਝਬਾਲ ਅੱਡਾ, ਪੰਜਵੜ, ਗੱਗੋਬੂਆ, ਮੂਸੇ, ਛਿਛਰੇਵਾਲ, ਸੁਰਸਿੰਘ, ਸਿੰਘਪੁਰਾ, ਭਿੱਖੀਵਿੰਡ ਤੋਂ ਹੁੰਦਾ ਹੋਇਆ ਪਿੰਡ ਪਹੂਵਿੰਡ ਵਿਖੇ ਰਾਤ ਦਾ ਵਿਸ਼ਰਾਮ ਕਰੇਗਾ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਖ਼ਾਲਸਾ ਮਾਰਚ ਦਾ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੁੱਖ ਗ੍ਰੰਥੀ ਗਿ. ਨਿਸ਼ਾਨ ਸਿੰਘ ਗੰਡੀਵਿੰਡ, ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਸਾਬਕਾ ਮੀਤ ਸਕੱਤਰ ਸ. ਪਰਮਜੀਤ ਸਿੰਘ ਮੁੰਡਾਪਿੰਡ, ਪ੍ਰਿੰ. ਬੀਬੀ ਮਨਜੀਤ ਕੌਰ, ਅਕਾਲੀ ਆਗੂ ਬੀਬੀ ਕੰਚਨਪ੍ਰੀਤ ਕੌਰ, ਸ. ਦਿਲਬਾਗ ਸਿੰਘ, ਸ. ਅਮਰਬੀਰ ਸਿੰਘ, ਸ. ਹਰਵੰਤ ਸਿੰਘ ਝਬਾਲ, ਸ. ਗੁਰਬੀਰ ਸਿੰਘ, ਸ. ਕਸ਼ਮੀਰ ਸਿੰਘ, ਸ. ਬਲਕਾਰ ਸਿੰਘ, ਸ. ਬਲਵਿੰਦਰ ਸਿੰਘ ਸਮੇਤ ਸੰਗਤ ਮੌਜੂਦ ਸੀ। (੧੦ ਮਾਰਚ)

ਸ਼੍ਰੋਮਣੀ ਕਮੇਟੀ ਨੇ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਨੂੰ ਦਿੱਤੀ ੧੫ ਲੱਖ ਰੁਪਏ ਦੀ ਸਹਾਇਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਨੂੰ ੧੫ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੇ ਸੁਸਾਇਟੀ ਦੇ ਨੁਮਾਇੰਦਿਆਂ ਨੂੰ ਸੌਂਪਿਆ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਨੂੰ ਮਾਲੀ ਸਹਿਯੋਗ ਕੀਤਾ ਜਾਂਦਾ ਹੈ। ਐਡਵੋਕੇਟ ਧਾਮੀ ਨੇ ਦੱਸਿਆ ਕਿ ਭਗਤ ਪੂਰਨ ਸਿੰਘ ਨੇ ਮਨੁੱਖਤਾ ਦੀ ਭਲਾਈ ਲਈ ਲਾਮਿਸਾਲ ਸੇਵਾ ਕੀਤੀ ਹੈ ਜਿਨ੍ਹਾਂ ਦੀ ਸੋਚ ਨੂੰ ਪਿੰਗਲਵਾੜਾ ਸੁਸਾਇਟੀ ਵੱਲੋਂ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਮਨੁੱਖਤਾ ਦੀ ਭਲਾਈ ਲਈ ਕੀਤੇ ਜਾਂਦੇ ਕਾਰਜਾਂ ਲਈ ਹਮੇਸ਼ਾ ਮੋਹਰੀ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਫੈਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਲਈ ਹਰ ਸਾਲ ੧੫ ਲੱਖ ਰੁਪਏ ਸਹਾਇਤਾ ਦਿੱਤੀ ਜਾਂਦੀ ਹੈ। ਇਸੇ ਤਹਿਤ ਹੀ ਅੱਜ ਇਹ ਰਾਸ਼ੀ ਪ੍ਰਬੰਧਕਾਂ ਨੂੰ ਸੌਂਪੀ ਗਈ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਰਾਏਪੁਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਸਮੇਤ ਹੋਰ ਹਾਜ਼ਰ ਸਨ। (੧੦ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ:

ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

ਨਗਰ ਕੀਰਤਨ ਦੀ ਅਰੰਭਤਾ ਨਾਲ ਹੋਈ ੩੦੦ ਸਾਲਾ ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤ ਦੇ ਸਹਿਯੋਗ ਨਾਲ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਦੀ ਸ਼ੁਰੂਆਤ ਅੱਜ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਪਿੰਡ ਵਾਂ ਤੋਂ ਨਗਰ ਕੀਰਤਨ ਦੀ ਅਰੰਭਤਾ ਨਾਲ ਹੋਈ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿ. ਟੇਕ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

ਨਗਰ ਕੀਰਤਨ ਦੀ ਅਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਵੰਤਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਜਥੇਦਾਰ ਗਿ. ਟੇਕ ਸਿੰਘ ਨੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼ੁਸ਼ੋਭਿਤ ਕਰਨ ਦੀ ਸੇਵਾ ਨਿਭਾਈ। ਇਸ ਮੌਕੇ ਜਥੇਦਾਰ ਗਿ. ਟੇਕ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮਾਝੇ ਦੀ ਉਹ ਧਰਤੀ ਹੈ, ਜਿਥੇ ਅਨੇਕਾਂ ਸਿੱਖ ਯੋਧਿਆਂ ਨੇ ਗੁਰੂ ਸਾਹਿਬ ਦੇ ਸਿਧਾਂਤ 'ਤੇ ਪਹਿਰਾ ਦਿੰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ। ਉਨ੍ਹਾਂ ਕਿਹਾ ਕਿ ਅੱਜ ਜਦੋਂ ਅਸੀਂ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਹੋਰ ਸ਼ਹੀਦਾਂ ਦੀ ੩੦੦ ਸਾਲਾ ਸ਼ਤਾਬਦੀ ਮਨਾ ਰਹੇ ਹਾਂ ਤਾਂ ਹਰ ਸਿੱਖ ਦਾ ਫ਼ਰਜ਼ ਹੈ ਕਿ ਸ਼ਹੀਦਾਂ ਦੇ ਇਤਿਹਾਸ ਨੂੰ ਯਾਦ ਕਰਦਿਆਂ ਆਪਣੇ ਬੱਚਿਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜੀਏ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ੧੪ ਮਾਰਚ ਤੱਕ ਲਗਾਤਾਰ ਜਾਰੀ ਰਹਿਣਗੇ। ੧੨ ਮਾਰਚ ਨੂੰ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾਵੇਗਾ ਅਤੇ ੧੨ ਤੇ ੧੩ ਮਾਰਚ ਨੂੰ ਗੁਰਮਤਿ ਸਮਾਗਮ ਸਮੇਂ ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਨਗੇ। ਇਸੇ ਤਰ੍ਹਾਂ ੧੪ ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਮੁੱਖ ਸਮਾਗਮ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਜਥੇਦਾਰ ਸਾਹਿਬ, ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸੰਗਤ ਨਾਲ ਵਿਚਾਰ ਸਾਂਝੇ ਕਰਨਗੀਆਂ। ਅੱਜ ਸਜਾਏ ਗਏ ਨਗਰ ਕੀਰਤਨ ਦਾ ਵੱਖ-ਵੱਖ ਪੜਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕਰਕੇ ਗੁਰੂ ਸਾਹਿਬ ਤੇ ਸ਼ਹੀਦ ਸਿੰਘਾਂ ਨੂੰ ਸਤਿਕਾਰ ਭੇਟ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਰਾਜਪਾਲ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਮੈਨੇਜਰ ਸ. ਜੱਜ ਸਿੰਘ, ਸਰਪੰਚ ਸ. ਰਣਜੀਤ ਸਿੰਘ, ਸਾਬਕਾ ਸਰਪੰਚ ਸ. ਮੁਖ਼ਤਿਆਰ ਸਿੰਘ, ਸ. ਸੁਰਜੀਤ ਸਿੰਘ, ਸ. ਕਰਨੈਲ ਸਿੰਘ, ਸ. ਰਾਜਿੰਦਰ ਸਿੰਘ, ਜਥੇਦਾਰ ਵਜੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਪਿੰਡਾਂ ਦੀ ਸੰਗਤ ਮੌਜੂਦ ਸੀ। (੧੧ ਮਾਰਚ)

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋਇਆ ਖ਼ਾਲਸਾ ਮਾਰਚ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਪੁੱਜ ਕੇ ਹੋਇਆ ਸੰਪੰਨ

ਅੰਮ੍ਰਿਤਸਰ- ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬੀਤੇ ਦਿਨੀਂ ਅਰੰਭ ਹੋਇਆ 'ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ' ਨਾਮ ਹੇਠ ਖ਼ਾਲਸਾ ਮਾਰਚ ਅੱਜ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਿੰਡ ਪਹੂਵਿੰਡ ਤੋਂ ਚੱਲ ਕੇ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਪੁੱਜ ਕੇ ਜੈਕਾਰਿਆਂ ਦੀ ਗੂੰਜ 'ਚ ਸੰਪੰਨ ਹੋਇਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਮੌਕੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਦੌਰਾਨ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਖ਼ਾਲਸਾ ਮਾਰਚ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ ਤੋਂ ਚੱਲ ਕੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਪਿੰਡ ਵਾਂ ਵਿਖੇ ਪੁੱਜ ਕੇ ਸੰਪੰਨ ਹੋਇਆ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਖ਼ਾਲਸਾ ਮਾਰਚ ਦਾ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। (੧੧ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ:

ਸ਼੍ਰੋਮਣੀ ਕਮੇਟੀ ਵੱਲੋਂ ਪਿੰਡ ਵਾਂ ਵਿਖੇ ਕਰਵਾਇਆ ਗਿਆ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ

ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਸ਼ਹੀਦੀ ਸ਼ਤਾਬਦੀ ਸੰਬੰਧੀ ਸ੍ਰੀ ਅਖੰਡ ਪਾਠ ਸਾਹਿਬ ਅਰੰਭ

ਅੰਮ੍ਰਿਤਸਰ- ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਗਏ। ਇਸ ਤਹਿਤ ਹੀ ਅੱਜ ਦੂਜੇ ਦਿਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਗੁਰਮਤਿ ਸਮਾਗਮ 'ਚ ਸਿੰਘ ਸਾਹਿਬ ਗਿ. ਜਸਵੰਤ ਸਿੰਘ ਨੇ ਕਥਾ ਵਿਚਾਰਾਂ ਰਾਹੀਂ ਹਾਜ਼ਰੀ ਭਰੀ ਅਤੇ ਭਾਈ ਗੁਰਸੇਵਕਜੀਤ ਸਿੰਘ, ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਗੁਰਭੇਜ ਸਿੰਘ ਚਵਿੰਡਾ ਦੇ ਢਾਡੀ ਜਥਿਆਂ, ਭਾਈ ਗੁਰਿੰਦਰਪਾਲ ਸਿੰਘ ਬੈਂਕਾਂ, ਭਾਈ ਸੁੱਚਾ ਸਿੰਘ ਡੇਰਾ ਪਠਾਣਾਂ ਤੇ ਭਾਈ ਮੱਸਾ ਸਿੰਘ ਸਭਰਾ ਦੇ ਕਵੀਸ਼ਰ ਜਥਿਆਂ ਨੇ ਸੰਗਤ ਨਾਲ ਸ਼ਹੀਦ ਭਾਈ ਤਾਰਾ ਸਿੰਘ ਵਾਂ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਸਮਾਗਮ ਦੌਰਾਨ ਇਲਾਕੇ ਭਰ ਵਿੱਚੋਂ ਵੱਡੀ ਗਿਣਤੀ ਵਿਚ ਸੰਗਤ ਨੇ ਸ਼ਮੂਲੀਅਤ ਕੀਤੀ।

ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ ੪੯ ਪ੍ਰਾਣੀ ਅੰਮ੍ਰਿਤ ਦੀ ਦਾਤ

ਪ੍ਰਾਪਤ ਕਰਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਮਾਗਮ ਦੌਰਾਨ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਖੁਸ਼ਵਿੰਦਰ ਸਿੰਘ ਭਾਟੀਆ ਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਇਸ ਮੌਕੇ ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਬਾਬਾ ਚਰਨ ਸਿੰਘ ਦਿਆਲਪੁਰ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਰਾਜਪਾਲ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਮੈਨੇਜਰ ਸ. ਜੱਜ ਸਿੰਘ, ਪ੍ਰਚਾਰਕ ਭਾਈ ਲਖਬੀਰ ਸਿੰਘ, ਭਾਈ ਗੁਰਬਚਨ ਸਿੰਘ ਕਲਸੀਆ, ਸਰਪੰਚ ਸ. ਰਣਜੀਤ ਸਿੰਘ, ਸਾਬਕਾ ਸਰਪੰਚ ਸ. ਮੁਖ਼ਤਿਆਰ ਸਿੰਘ, ਸ. ਸੁਰਜੀਤ ਸਿੰਘ, ਸ. ਕਰਨੈਲ ਸਿੰਘ, ਸ. ਰਾਜਿੰਦਰ ਸਿੰਘ, ਜਥੇਦਾਰ ਵਜੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਪਿੰਡਾਂ ਦੀ ਸੰਗਤ ਮੌਜੂਦ ਸੀ। (੧੨ ਮਾਰਚ)

ਐਡਵੋਕੇਟ ਧਾਮੀ ਨੇ ਭਾਈ ਗੁਰਬਖਸ਼ ਸਿੰਘ ਖ਼ਾਲਸਾ ਨੂੰ ਵੀ ਸ਼੍ਰੋਮਣੀ ਕਮੇਟੀ ਦਾ ਬੁਲਾਰਾ ਲਗਾਇਆ

ਇਸ ਤੋਂ ਪਹਿਲਾਂ ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਨੂੰ ਨਿਯੁਕਤ ਕੀਤਾ ਸੀ, ਸ਼੍ਰੋਮਣੀ ਕਮੇਟੀ ਦੇ ਬੁਲਾਰੇ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੈਂਬਰ ਭਾਈ ਗੁਰਬਖਸ਼ ਸਿੰਘ ਖ਼ਾਲਸਾ ਨੂੰ ਵੀ ਸ਼੍ਰੋਮਣੀ ਕਮੇਟੀ ਦਾ ਬੁਲਾਰਾ ਨਿਯੁਕਤ ਕੀਤਾ ਹੈ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਨੂੰ ਸ਼੍ਰੋਮਣੀ ਕਮੇਟੀ ਬੁਲਾਰੇ ਵਜੋਂ ਨਿਯੁਕਤ ਕੀਤਾ ਗਿਆ ਸੀ।

ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ ਨੇ ਦਿੱਤੀ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਨਿਯੁਕਤ ਕੀਤੇ ਗਏ ਇਹ ਅਧਿਕਾਰਤ ਬੁਲਾਰੇ ਮੀਡੀਆ ਸਾਹਮਣੇ ਸੰਸਥਾ ਦਾ ਪੱਖ ਰੱਖਿਆ ਕਰਨਗੇ। (੧੨ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ:

ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਗੁਰਮਤਿ ਸਮਾਗਮ ਸਮੇਂ ਵੱਡੀ ਗਿਣਤੀ ਸੰਗਤ ਨੇ ਭਰੀ ਹਾਜ਼ਰੀ

ਭਲਕੇ ੧੪ ਮਾਰਚ ਨੂੰ ਹੋਵੇਗਾ ਸ਼ਤਾਬਦੀ ਦਾ ਮੁੱਖ ਸਮਾਗਮ; ਸ਼੍ਰੋਮਣੀ ਕਮੇਟੀ ਪ੍ਰਧਾਨ, ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਕਰਨਗੀਆਂ ਸ਼ਿਰਕਤ

ਅੰਮ੍ਰਿਤਸਰ- ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਤੀਸਰੇ ਦਿਨ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਗੁਰਮਤਿ ਸਮਾਗਮ ਆਯੋਜਿਤ ਕੀਤੇ ਗਏ। ਸਮਾਗਮ ਦੌਰਾਨ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕਰਦਿਆਂ ਸ਼ਹੀਦ ਸਿੰਘਾਂ ਨੂੰ ਸਤਿਕਾਰ ਭੇਟ ਕੀਤਾ। ਸਮਾਗਮ 'ਚ ਭਾਈ ਦਲਜੀਤ ਸਿੰਘ ਵਿਛੋਆ, ਭਾਈ ਸਤਪਾਲ ਸਿੰਘ ਐਮ.ਏ., ਭਾਈ ਜਸਬੀਰ ਸਿੰਘ ਵਲਟੋਹਾ ਦੇ ਢਾਡੀ ਜਥਿਆਂ ਅਤੇ ਭਾਈ

ਗੁਰਿੰਦਰਪਾਲ ਸਿੰਘ ਬੈਂਕਾ, ਭਾਈ ਸਤਿਨਾਮ ਸਿੰਘ ਬੱਲੋਵਾਲੀ, ਭਾਈ ਲਖਵਿੰਦਰ ਸਿੰਘ ਦਰਦੀ, ਭਾਈ ਜੱਸਾ ਸਿੰਘ ਮਨਿਹਾਲਾ ਦੀ ਕਵੀਸ਼ਰੀ ਜਥਿਆਂ ਨੇ ਸੰਗਤ ਨੂੰ ਇਤਿਹਾਸ ਦੇ ਨਾਲ ਜੋੜਿਆ। ਇਸੇ ਤਰ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ, ਭਾਈ ਕੁਲਦੀਪ ਸਿੰਘ ਅਨੰਦਪੁਰੀ ਤੇ ਭਾਈ ਗੁਰਕੀਰਤ ਸਿੰਘ ਦੇ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਭਾਈ ਸਰਬਜੀਤ ਸਿੰਘ ਲੁਧਿਆਣਾ ਨੇ ਕਥਾ ਵਿਚਾਰਾਂ ਰਾਹੀਂ ਸਾਂਝ ਪਾਈ।

ਸ਼ਤਾਬਦੀ ਦੇ ਮੁੱਖ ਸਮਾਗਮਾਂ ਸੰਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਭਲਕੇ ੧੪ ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਪਿੰਡ ਵਾਂ ਵਿਖੇ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਹੋਰ ਸ਼ਹੀਦ ਸਿੰਘਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਸਮਾਗਮ ਹੋਵੇਗਾ, ਜਿਸ ਵਿਚ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ ਸਮਾਗਮ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਸਮੇਤ ਸਿੱਖ ਪੰਥ ਦੀ ਪ੍ਰਮੁੱਖ ਜਥੇਬੰਦੀਆਂ ਦੇ ਆਗੂ ਤੇ ਨੁਮਾਇੰਦੇ ਸ਼ਮੂਲੀਅਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸ਼ਾਮ ੪:੦੦ ਵਜੇ ਸ਼੍ਰੋਮਣੀ ਕਮੇਟੀ ਅਤੇ ਮਾਝਾ ਕਲੱਬ ਘਰਿਆਲਾ ਦੀਆਂ ਟੀਮਾਂ ਵਿਚਕਾਰ ਕਬੱਡੀ ਮੈਚ ਵੀ ਕਰਵਾਇਆ ਜਾਵੇਗਾ। ਉਨਾਂ ਸੰਗਤ ਨੂੰ ਵੀ ਪਰਿਵਾਰਾਂ ਸਮੇਤ ਸ਼ਤਾਬਦੀ ਦੇ ਮੁੱਖ ਸਮਾਗਮ ਸਮੇਂ ਸ਼ਿਰਕਤ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ, ਬਾਬਾ ਸੁੱਖਾ ਸਿੰਘ ਸਰਹਾਲੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਰਾਜਪਾਲ ਸਿੰਘ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਮੈਨੇਜਰ ਸ. ਜੱਜ ਸਿੰਘ, ਸੁਪਰਵਾਈਜ਼ਰ ਸ. ਭੁਪਿੰਦਰ ਸਿੰਘ, ਪ੍ਰਚਾਰਕ ਭਾਈ ਲਖਬੀਰ ਸਿੰਘ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਕਵਰਚੜ੍ਹਤ ਸਿੰਘ, ਸ. ਬਲਜੀਤ ਸਿੰਘ, ਸਰਪੰਚ ਸ. ਰਣਜੀਤ ਸਿੰਘ, ਸਾਬਕਾ ਸਰਪੰਚ ਸ. ਮੁਖ਼ਤਿਆਰ ਸਿੰਘ, ਸ. ਸੁਰਜੀਤ ਸਿੰਘ, ਸ. ਕਰਨੈਲ ਸਿੰਘ, ਸ. ਰਾਜਿੰਦਰ ਸਿੰਘ, ਜਥੇਦਾਰ ਵਜੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਪਿੰਡਾਂ ਦੀ ਸੰਗਤ ਮੌਜੂਦ ਸੀ। (੧੩ ਮਾਰਚ)

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ ੫੫੯ ਦੀ ਸਿੱਖ ਸੰਗਤ ਨੂੰ ਦਿੱਤੀ ਵਧਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਾਨਕਸ਼ਾਹੀ ਸੰਮਤ ੫੫੯ ਅਨੁਸਾਰ ਨਵੇਂ ਵਰ੍ਹੇ ਦੀ ਸਿੱਖ ਸੰਗਤ ਨੂੰ ਵਧਾਈ ਦਿੰਦਿਆਂ ਗੁਰਬਾਣੀ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾ ਅਨੁਸਾਰ ੧ ਚੇਤ ਤੋਂ ਅਰੰਭ ਹੋਏ ਨਵੇਂ ਵਰ੍ਹੇ ਵਿਚ ਗੁਰੂ ਸਾਹਿਬ ਵਿਸ਼ਵ ਭਰ ਦੀ ਸੰਗਤ ਨੂੰ ਸੁਖ ਸ਼ਾਂਤੀ ਅਤੇ ਆਪਸੀ ਇਤਫਾਕ ਬਖ਼ਸ਼ਿਸ ਕਰਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਪ੍ਰੰਪਰਾਵਾਂ ਅਤੇ ਗੁਰਮਤਿ ਵਿਚਾਰਧਾਰਾ ਮਨੁੱਖੀ ਜੀਵਨ ਦੀ ਹਰ ਪੱਖ ਤੋਂ ਅਗਵਾਈ ਕਰਦੀ ਹੈ। ਗੁਰਬਾਣੀ 'ਤੇ ਅਮਲ ਕਰਦਿਆਂ ਮਨੁੱਖੀ ਸਮੱਸਿਆਵਾਂ ਦਾ ਸਹਿਜੇ ਹੀ ਹੱਲ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਵੇਂ ਵਰ੍ਹੇ ਦੀ ਆਮਦ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਜਾਂਦੇ ਹਨ ਅਤੇ ਸੰਗਤ ਵੱਡੀ ਗਿਣਤੀ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ

ਹੋ ਕੇ ਸ਼ਰਧਾ ਅਰਪਣ ਕਰਦੀ ਹੈ। ਐਡਵੋਕੇਟ ਧਾਮੀ ਨੇ ਨਵੇਂ ਵਰ੍ਹੇ ਦੀ ਆਮਦ ਮੌਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਤੋਂ ਪ੍ਰੇਰਣਾ ਲੈਂਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ ਕੀਤੀ।

(੧੩ ਮਾਰਚ)

ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਨੇ ਟਾਵਰ ਮੋਰਚਾ ਸਮਾਣਾ ਵਿਚ ਕੀਤੀ ਸ਼ਮੂਲੀਅਤ

ਸਮਾਣਾ/ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨੂੰ ਠੱਲ੍ਹਣ ਲਈ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਲਗਾਏ ਗਏ ਮੋਰਚੇ ਵਿੱਚ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਮੋਰਚੇ ਦੀ ਚੜ੍ਹਦੀ ਕਲਾ ਲਈ ਖੁਦ ਅਰਦਾਸ ਵੀ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਜਾਗਤ ਜੋਤ ਗੁਰੂ ਹਨ, ਇਸ ਲਈ ਹਰ ਸਿੱਖ ਦੀ ਗੁਰੂ ਸਾਹਿਬ ਜੀ ਪ੍ਰਤੀ ਭਾਵਨਾ ਤੇ ਸ਼ਰਧਾ ਬਹੁਤ ਡੂੰਘੀ ਹੈ। ਉਨ੍ਹਾਂ ਸਮਾਣਾ ਵਿੱਚ ਮੋਰਚਾ ਲਗਾਈ ਬੈਠੇ ਭਾਈ ਗੁਰਜੀਤ ਸਿੰਘ ਦੀ ਮੰਗ ਦਾ ਸਮਰਥਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਵਿਸ਼ੇਸ਼ ਕਾਨੂੰਨ ਹੋਣਾ ਚਾਹੀਦਾ ਹੈ ਅਤੇ ਬੇਅਦਬੀ ਦੇ ਦੋਸ਼ੀ ਵਿਅਕਤੀ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਅੰਦਰ ਬੇਅਦਬੀਆਂ ਦੇ ਮਾਮਲੇ ਨਹੀਂ ਰੁਕ ਰਹੇ, ਇਸ ਲਈ ਦੋ ਕਾਰਜ ਬਹੁਤ ਜ਼ਰੂਰੀ ਹਨ। ਇੱਕ ਪੰਥਕ ਤੌਰ ਉੱਤੇ ਗੁਰੂ ਘਰਾਂ ਅੰਦਰ ਹਰ ਸਮੇਂ ਪਹਿਰੇਦਾਰੀ ਦਾ ਪ੍ਰਬੰਧ ਅਤੇ ਦੂਜਾ ਬੇਅਦਬੀਆਂ ਠੱਲ੍ਹਣ ਲਈ ਵਿਸ਼ੇਸ਼ ਕਾਨੂੰਨ। ਸਰਕਾਰ ਨੇ ਮੋਰਚੇ ਕੋਲੋਂ ਛੇ ਮਹੀਨੇ ਦਾ ਸਮਾਂ ਮੰਗਿਆ ਸੀ ਕਿ ਇਸ ਸੰਬੰਧੀ ਸਖ਼ਤ ਕਾਨੂੰਨ ਬਣੇਗਾ ਪ੍ਰੰਤੂ ਲਗਪਗ ਅੱਠ ਮਹੀਨੇ ਲੰਘ ਚੁੱਕੇ ਹਨ ਅਜੇ ਤੀਕ ਕੁਝ ਨਹੀਂ ਕੀਤਾ ਗਿਆ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਗੁਰਜੀਤ ਸਿੰਘ ਦੀ ਮੰਗ ਦਾ ਸਮਰਥਨ ਕੀਤਾ ਅਤੇ ਕਿਹਾ ਕਿ ਇਹ ਹਰ ਸਿੱਖ ਦੀ ਮੰਗ ਹੈ। ਉਨ੍ਹਾਂ ਕਿਹਾ ਕਿ ਦਸੰਬਰ ੨੦੨੧ ਵਿੱਚ ਜਦੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਚੱਲਦੇ ਰਹਰਾਸਿ ਸਾਹਿਬ ਦੇ ਪਾਠ ਦੌਰਾਨ ਇੱਕ ਵਿਅਕਤੀ ਨੇ ਜੰਗਲਾ ਟੱਪ ਕੇ ਬੇਅਦਬੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਬਾਅਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਕਾਰ ਪਾਸੋਂ ਉਸ ਦਾ ਡੀ.ਐੱਨ.ਏ. ਜਾਂਚ ਕਰਵਾਉਣ ਦੀ ਮੰਗ ਕੀਤੀ ਤਾਂ ਜੋ ਉਸ ਬੰਦੇ ਬਾਰੇ ਕੁਝ ਪਤਾ ਲੱਗਦਾ। ਪਰੰਤੂ ਅੱਜ ੨੦੨੬ ਤੱਕ ਕੋਈ ਵੀ ਸਰਕਾਰ ਇਹ ਨਹੀਂ ਦੱਸ ਸਕੀ ਕਿ ਉਹ ਜੰਗਲਾ ਟੱਪਣ ਵਾਲੇ ਬੰਦਾ ਕੌਣ ਸੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਅਜਿਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲਵੇ ਤਾਂ ਬੇਅਦਬੀਆਂ ਦੇ ਮਾਮਲੇ ਰੁਕਣਗੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਤੋਂ ਬੇਅਦਬੀਆਂ ਦਾ ਦੌਰ ਸ਼ੁਰੂ ਹੋਇਆ ਉਦੋਂ ਤੋਂ ਲੈ ਕੇ ਹੁਣ ਤੱਕ ਜਿਹੜੀ ਤਾਕਤ ਇਨ੍ਹਾਂ ਘਟਨਾਵਾਂ ਦੇ ਪਿੱਛੇ ਕੰਮ ਕਰ ਰਹੀ ਹੈ, ਉਹ ਜ਼ਰੂਰ ਨਸ਼ਰ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਅੰਦਰ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਐਸੇ ਗ੍ਰੰਥ ਹਨ ਜਿਨ੍ਹਾਂ ਨੂੰ ਗੁਰੂ ਦਾ ਦਰਜਾ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਸਾਲ ੨੦੦੮ ਵਿੱਚ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਪਾਸ ਹੋਇਆ ਅਤੇ ਸਾਲ ੨੦੧੬ ਅਤੇ ਬਾਅਦ ਵਿੱਚ ਵੀ ਤਤਕਾਲੀ ਸਰਕਾਰਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਰੋਕਣ ਸੰਬੰਧੀ ਕਾਫ਼ੀ ਕੰਮ ਕਰਕੇ ਮਾਮਲਾ ਕੇਂਦਰ ਸਰਕਾਰ ਨੂੰ ਭੇਜਿਆ ਪ੍ਰੰਤੂ ਕੁਝ ਨਹੀਂ ਹੋਇਆ। ਮੌਜੂਦਾ ਸਰਕਾਰ ਨੇ ਵਿਸ਼ੇਸ਼ ਕਾਨੂੰਨ ਬਣਾਉਣ ਦਾ ਵਾਅਦਾ ਵੀ ਕੀਤਾ ਪ੍ਰੰਤੂ ਹੁਣ ਤੱਕ ਨਹੀਂ ਬਣਾਇਆ।

ਭਾਈ ਗੁਰਜੀਤ ਸਿੰਘ ਦੀ ਵਿਗੜੀ ਸਿਹਤ ਬਾਰੇ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੂਬੇ ਦੇ ਹਰ ਨਾਗਰਿਕ ਦੀ ਸਿਹਤ ਦੀ ਜ਼ਿੰਮੇਵਾਰੀ ਸਰਕਾਰ ਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਹੁਣ ਜਦੋਂ ਵਿਧਾਨ ਸਭਾ ਦਾ ਸੈਸ਼ਨ ਚੱਲ ਰਿਹਾ ਹੈ ਤਾਂ ਉਹ ਭਾਈ ਗੁਰਜੀਤ ਸਿੰਘ ਦੀ ਮੰਗ ਉੱਤੇ ਮਤਾ ਪਾਸ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਰੋਕਣ ਲਈ ਵਿਸ਼ੇਸ਼ ਕਾਨੂੰਨ ਪਾਸ ਕਰੇ।

ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹਰ ਧਰਮ ਗ੍ਰੰਥ ਪੂਰਨ ਸਤਿਕਾਰਯੋਗ ਹਨ ਜੇਕਰ ਉਨ੍ਹਾਂ ਦੀਆਂ ਬੇਅਦਬੀਆਂ ਰੋਕਣ ਲਈ ਕੋਈ ਕਾਨੂੰਨ ਬਣਦਾ ਹੈ ਤਾਂ ਇਹ ਚੰਗੀ ਗੱਲ ਹੈ ਪ੍ਰੰਤੂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਵਿਸ਼ੇਸ਼ ਕਾਨੂੰਨ ਪਾਸ ਹੋਣਾ ਚਾਹੀਦਾ ਹੈ। (੧੩ ਮਾਰਚ)

ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਵੱਲੋਂ ਨਾਨਕਸ਼ਾਹੀ ਸੰਮਤ ੫੫੯ ਦੀ ਆਮਦ 'ਤੇ ਸਿੱਖ ਕੌਮ ਨੂੰ ਵਧਾਈ, ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੀ ਅਰਦਾਸ

ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਦੇ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ ੫੫੯ ਦੀ ਆਮਦ ਉੱਤੇ ਸਮੁੱਚੇ ਖ਼ਾਲਸਾ ਪੰਥ ਨੂੰ ਲੱਖ-ਲੱਖ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਚੇਤ ਮਹੀਨੇ ਤੋਂ ਮਹੀਨਿਆਂ ਦਾ ਪ੍ਰਕਰਣ ਅਤੇ ਸਾਲ ਸ਼ੁਰੂ ਹੁੰਦਾ ਹੈ। ਉਨ੍ਹਾਂ ਕਿਹਾ ਗੁਰਬਾਣੀ ਸਾਨੂੰ ਸਿੱਖਿਆ ਦਿੰਦੀ ਹੈ ਕਿ ਜੇਕਰ ਚੇਤ ਮਹੀਨੇ ਵਿੱਚ ਅਕਾਲ ਪੁਰਖ ਨੂੰ ਸਿਮਰੀਏ ਤਾਂ ਬਹੁਤ ਆਤਮਕ ਆਨੰਦ ਮਿਲਦਾ ਹੈ। ਇਸ ਲਈ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਨਾਲ ਜੁੜਣ ਦਾ ਸੰਕਲਪ ਕਰਕੇ ਆਪਣਾ ਜੀਵਨ ਬਤੀਤ ਕਰੀਏ। ਉਨ੍ਹਾਂ ਨਵੇਂ ਵਰ੍ਹੇ ਉੱਤੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਸਿੱਖ ਕੌਮ ਦੇ ਸਮੂਹ ਬੰਦੀ ਸਿੰਘ ਰਿਹਾਅ ਹੋਣ ਅਤੇ ਇਸ ਮਾਮਲੇ ਨੂੰ ਹੱਲ ਕਰਨ ਲਈ ਸਮੁੱਚੀ ਕੌਮ ਇੱਕ ਨਿਸ਼ਾਨ ਸਾਹਿਬ ਹੇਠ ਇਕਜੁੱਟ ਹੋਵੇ।

(੧੩ ਮਾਰਚ)

ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ ੫੫੯ ਸੰਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਲਈ ੪ ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਕੀਤਾ ਐਲਾਨ

ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਲਈ ਆਖਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਸੇਵਾ ਨਿਭਾਉਣ ਵਾਲੇ ਹਰ ਸੇਵਾਦਾਰ ਅਤੇ ਮੁਲਾਜ਼ਮ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੀ ਦਿੱਖ ਅਤੇ ਆਚਾਰ ਵਿਹਾਰ ਰਾਹੀਂ ਸਿੱਖ ਪ੍ਰੰਪਰਾਵਾਂ ਦੀ ਮਰਯਾਦਾ ਨੂੰ ਮਜ਼ਬੂਤ ਬਣਾਉਣ।

ਇਹ ਵਿਚਾਰ ਉਨ੍ਹਾਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਮਤ ਨਾਨਕਸ਼ਾਹੀ

ਪਪਦ ਦੀ ਆਮਦ ਸੰਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਪਣੇ ਸੰਬੋਧਨ ਦੌਰਾਨ ਪ੍ਰਗਟ ਕੀਤੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀਆਂ ਰਵਾਇਤਾਂ ਅਤੇ ਪ੍ਰੰਪਰਾਵਾਂ ਬਹੁਤ ਸ਼ਾਨਦਾਰ ਹਨ ਅਤੇ ਇਹ ਸਾਡੀ ਪਛਾਣ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦਾ ਪ੍ਰਬੰਧ ਸੰਗਤ ਦੇ ਸਹਿਯੋਗ ਨਾਲ ਚੱਲਦਾ ਹੈ ਅਤੇ ਇਸ ਕਰਕੇ ਗੁਰਦੁਆਰਾ ਸਾਹਿਬਾਨ ਵਿੱਚ ਸੇਵਾ ਨਿਭਾਉਣ ਵਾਲੇ ਸੇਵਾਦਾਰ, ਮੁਲਾਜ਼ਮ ਅਤੇ ਅਧਿਕਾਰੀ ਸਾਦਗੀ ਭਰਿਆ ਅਤੇ ਰਵਾਇਤੀ ਪਹਿਰਾਵਾ ਅਪਣਾਉਣ। ਇਸ ਨਾਲ ਗੁਰੂ ਘਰਾਂ ਦੀ ਮਰਯਾਦਾ ਅਤੇ ਸਿੱਖੀ ਅਸੂਲਾਂ ਦੀ ਝਲਕ ਪ੍ਰਗਟ ਹੁੰਦੀ ਹੈ।

ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਡਿਊਟੀ ਦੀ ਸ਼ੁਰੂਆਤ ਹਰ ਰੋਜ਼ ਸਮੂਹਿਕ ਤੌਰ 'ਤੇ ਮੂਲ ਮੰਤਰ ਅਤੇ ਵਾਹਿਗੁਰੂ ਗੁਰਮੰਤਰ ਦੇ ਜਾਪ ਨਾਲ ਕੀਤੀ ਜਾਵੇ।

ਇਸ ਮੌਕੇ ਪ੍ਰਧਾਨ ਧਾਮੀ ਨੇ ਸ਼੍ਰੋਮਣੀ ਕਮੇਟੀ ਅਤੇ ਇਸ ਦੇ ਪ੍ਰਬੰਧ ਹੇਠ ਕੰਮ ਕਰਦੇ ਮੁਲਾਜ਼ਮਾਂ ਲਈ ੧ ਅਪ੍ਰੈਲ ਤੋਂ ੪ ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਭਲਾਈ ਅਤੇ ਸਹੂਲਤਾਂ ਦਾ ਧਿਆਨ ਰੱਖਣਾ ਸ਼੍ਰੋਮਣੀ ਕਮੇਟੀ ਦੀ ਜ਼ਿੰਮੇਵਾਰੀ ਹੈ, ਲੇਕਿਨ ਮੁਲਾਜ਼ਮਾਂ ਦਾ ਸੰਗਤ ਅਤੇ ਸੰਸਥਾ ਦੀ ਮਾਣ ਮਰਿਆਦਾ ਪ੍ਰਤੀ ਸਮਰਪਣ ਸਭ ਤੋਂ ਪਹਿਲਾਂ ਹੈ।

ਇਸ ਮੌਕੇ ਉਨ੍ਹਾਂ ਸੰਗਤ ਨੂੰ ਨਾਨਕਸ਼ਾਹੀ ਨਵੇਂ ਸਾਲ ਦੀਆਂ ਵਧਾਈਆਂ ਦਿੰਦਿਆਂ ਅਰਦਾਸ ਕੀਤੀ ਕਿ ਅਕਾਲ ਪੁਰਖ ਸਾਰੀ ਮਨੁੱਖਤਾ 'ਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਸਿੱਖ ਕੌਮ ਨੂੰ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਅਨੁਸਾਰ ਜੀਵਨ ਜੀਊਣ ਦੀ ਪ੍ਰੇਰਣਾ ਬਖ਼ਸ਼ਣ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿ. ਪਰਵਿੰਦਰਪਾਲ ਸਿੰਘ ਨੇ ਕਥਾ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਜਸਮੇਰ ਸਿੰਘ ਲਾਛੜੂ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ, ਸ. ਬਲਵਿੰਦਰ ਸਿੰਘ, ਮੀਤ ਮੈਨੇਜਰ ਸ. ਦਿਲਬਾਗ ਸਿੰਘ ਸਮੇਤ ਸੰਗਤ ਹਾਜ਼ਰ ਸੀ। (੧੪ ਮਾਰਚ)

ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸਮਾਗਮ ਖ਼ਾਲਸਾਈ ਜਾਹੋ-ਜਲਾਲ ਨਾਲ ਸੰਪੂਰਨ

ਸ਼ਹੀਦਾਂ ਦੇ ਸ਼ਤਾਬਦੀ ਦਿਹਾੜੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ ਹਨ- ਜਥੇਦਾਰ ਕੁਲਦੀਪ ਸਿੰਘ ਗੜਗੱਜ

ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥ ਨੂੰ ਇਕੱਠੇ ਹੋਣ ਦੀ ਲੋੜ- ਐਡਵੋਕੇਟ ਧਾਮੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਹੋਰ ਸ਼ਹੀਦ ਸਿੰਘਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਸੰਬੰਧੀ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ

ਵਿਚ ਸੰਗਤ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੀਵਾਨ ਹਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਜਿਨ੍ਹਾਂ ਸਿੱਖ ਸੂਰਮਿਆਂ ਦੀ ਸ਼ਹੀਦੀ ਸ਼ਤਾਬਦੀ ਮਨਾ ਰਹੇ ਹਾਂ ਉਨ੍ਹਾਂ ਨੇ ਸਿੱਖ ਸਿਧਾਂਤਾਂ ਤੇ ਪਹਿਰਾ ਦਿੰਦਿਆਂ ਕੇਸਾਂ ਦੇ ਸਤਿਕਾਰ ਲਈ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਅੱਜ ਆਪਣੇ ਬੱਚਿਆਂ ਨੂੰ ਸਾਬਤ ਸੂਰਤ ਰੱਖਣ ਦਾ ਪ੍ਰਣ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਹੈ ਜੋ ਆਪਣੇ ਸ਼ਹੀਦਾਂ ਨੂੰ ਯਾਦ ਰੱਖਦਿਆਂ ਧਰਮ ਦੇ ਪ੍ਰਚਾਰ ਲਈ ਕਾਰਜਸ਼ੀਲ ਹੈ ਪ੍ਰੰਤੂ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ ਤੇ ਸਿੱਖ ਸੰਸਥਾ ਬਾਰੇ ਗਲਤ ਪ੍ਰਚਾਰ ਕਰਕੇ ਸੰਗਤ ਅੰਦਰ ਭਰਮ ਪੈਦਾ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੰਦੀ ਸਿੰਘਾਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦਿਆਂ ਕਿਹਾ ਕਿ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਇਨ੍ਹਾਂ ਸਿੰਘਾਂ ਪ੍ਰਤੀ ਸਰਕਾਰ ਦੀ ਵਿਤਕਰੇ ਭਰੀ ਨੀਤੀ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਪੰਥ ਨੂੰ ਇਕੱਠੇ ਹੋਣ ਦੀ ਲੋੜ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਸਤਿਕਾਰ ਭੇਟ ਕੀਤਾ। ਉਨ੍ਹਾਂ ਸ਼ਤਾਬਦੀ ਸਮਾਗਮਾਂ ਵਿੱਚ ਸਹਿਯੋਗ ਕਰਨ ਲਈ ਸੰਗਤ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮਾਝੇ ਦੀ ਇਸ ਧਰਤੀ 'ਤੇ ਅਨੇਕਾਂ ਸੂਰਬੀਰ ਪੈਦਾ ਹੋਏ, ਜਿਨ੍ਹਾਂ ਜ਼ੁਲਮ ਵਿਰੁੱਧ ਲੜਦਿਆਂ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਿਧਾਂਤ 'ਤੇ ਪਹਿਰਾ ਦਿੰਦਿਆਂ ਸ਼ਹਾਦਤ ਪ੍ਰਾਪਤ ਕਰਨ ਵਾਲੇ ਇਨ੍ਹਾਂ ਸੂਰਮਿਆਂ ਦੇ ਮਨਾਏ ਦਿਹਾੜੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਦੀ ਯਾਦ ਦਿਵਾਉਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਵੀ ਸਿੱਖਾਂ ਸਾਹਮਣੇ ਅਨੇਕਾਂ ਚੁਨੌਤੀਆਂ ਹਨ। ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਸਮੇਂ ਕਕਾਰ ਪਹਿਨਣ ਤੋਂ ਰੋਕਿਆ ਜਾ ਰਿਹਾ ਹੈ। ਵੱਖ-ਵੱਖ ਥਾਵਾਂ 'ਤੇ ਵਿਤਕਰੇ ਹੋ ਰਹੇ ਹਨ।

ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਨੇ ਬੰਦੀ ਸਿੰਘਾਂ ਦੀ ਗੱਲ ਕਰਦਿਆਂ ਕਿਹਾ ਕਿ ਇੱਕ ਪਾਖੰਡੀ ਸਾਧ ਰਾਮ ਰਹੀਮ ਤੇ ਤਾਂ ਸਰਕਾਰ ਮਿਹਰਬਾਨ ਹੋ ਸਕਦੀ ਹੈ ਪਰ ਆਪਣੀ ਬਿਮਾਰ ਮਾਂ ਨੂੰ ਮਿਲਣ ਦੀ ਇੱਛਾ ਰੱਖਣ ਵਾਲੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਂ ਨਾਲ ਮਿਲਣ ਤੱਕ ਨਹੀਂ ਦਿੱਤਾ ਜਾ ਰਿਹਾ। ਬੰਦੀ ਸਿੰਘਾਂ ਦੇ ਮਾਮਲੇ ਵਿੱਚ ਸਿੱਖ ਭਾਵਨਾਵਾਂ ਨੂੰ ਹਮੇਸ਼ਾ ਅਨਗੌਲਿਆ ਗਿਆ ਹੈ ਜੋ ਸਰਕਾਰ ਦੀ ਸਿੱਖਾਂ ਪ੍ਰਤੀ ਦੋਹਰੀ ਨੀਤੀ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਲਈ ਵੀ ਸਿੱਖਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਲੰਬੇ ਸੰਘਰਸ਼ ਮਗਰੋਂ ਵੀ ਸਰਕਾਰ ਦੀ ਖਾਮੋਸ਼ੀ ਵੱਡੇ ਸਵਾਲ ਪੈਦਾ ਕਰਦੀ ਹੈ। ਇਸ ਮੌਕੇ ਐਡੀ. ਮੁੱਖ ਗ੍ਰੰਥੀ ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਤੇ ਕਥਾਵਾਚਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਸੰਗਤ ਨਾਲ ਇਤਿਹਾਸ ਦੀ ਸਾਂਝ ਪਾਈ।

ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਵਿਰਸਾ ਸਿੰਘ ਵਲਟੋਹਾ, ਪਦਮ ਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਜਥੇਦਾਰ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ, ਬਾਬਾ ਅਵਤਾਰ ਸਿੰਘ ਸੁਰਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਗੁਰਦਿਆਲ ਸਿੰਘ ਤੇ ਭਾਈ ਕੰਵਰਚੜਤ ਸਿੰਘ ਨੇ ਵੀ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ,

ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ਼, ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਅਕਾਲੀ ਆਗੂ ਬੀਬੀ ਕੰਚਨਪ੍ਰੀਤ ਕੌਰ, ਸਾਬਕਾ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਬਾਬਾ ਜੋਗਾ ਸਿੰਘ ਭਿੱਖੀਵਿੰਡ, ਬਾਬਾ ਚੜ੍ਹਤ ਸਿੰਘ, ਬਾਬਾ ਭੋਲਾ ਸਿੰਘ, ਬਾਬਾ ਸੱਜਣ ਸਿੰਘ, ਬਾਬਾ ਪ੍ਰਗਟ ਸਿੰਘ, ਬਾਬਾ ਜੀਵਾ ਸਿੰਘ ਹਾਂਗਕਾਂਗ, ਬਾਬਾ ਛਿੰਦਾ ਸਿੰਘ, ਬਾਬਾ ਜੁਗਰਾਜ ਸਿੰਘ, ਬਾਬਾ ਜਸਕਰਨ ਸਿੰਘ, ਬਾਬਾ ਸੁੱਖਾ ਸਿੰਘ ਸਰਹਾਲੀ ਵਾਲਿਆਂ ਵੱਲੋਂ ਬਾਬਾ ਮਿਲਖਾ ਸਿੰਘ, ਭਾਈ ਨਿਸ਼ਾਨ ਸਿੰਘ ਤਰਨਤਾਰਨ, ਭਾਈ ਸੁਖਜੀਤ ਸਿੰਘ ਘੱਨਈਆ, ਬਾਬਾ ਹਰਭਜਨ ਸਿੰਘ, ਬਾਬਾ ਇੰਦਰਜੀਤ ਸਿੰਘ, ਗਿਆਨੀ ਅਵਤਾਰ ਸਿੰਘ ਆਸਟ੍ਰੇਲੀਆ, ਬਾਬਾ ਗੁਰਸੇਵਕ ਸਿੰਘ, ਗਿ. ਕੁਲਵੰਤ ਸਿੰਘ, ਗਿ. ਅੱਛਰ ਸਿੰਘ, ਸ. ਭਗਵਾਨ ਸਿੰਘ ਜੌਹਲ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਮੈਨੇਜਰ ਸ. ਜੱਜ ਸਿੰਘ, ਪ੍ਰਚਾਰਕ ਭਾਈ ਲਖਬੀਰ ਸਿੰਘ ਕੱਕਾ ਕੰਡਿਆਲਾ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਸੁਖਪਾਲ ਸਿੰਘ ਠੱਠਾ, ਸ. ਬਲਜੀਤ ਸਿੰਘ, ਸਰਪੰਚ ਸ. ਰਣਜੀਤ ਸਿੰਘ, ਸਾਬਕਾ ਸਰਪੰਚ ਸ. ਮੁਖ਼ਤਿਆਰ ਸਿੰਘ, ਸ. ਸੁਰਜੀਤ ਸਿੰਘ, ਸ. ਕਰਨੈਲ ਸਿੰਘ, ਸ. ਰਾਜਿੰਦਰ ਸਿੰਘ, ਜਥੇਦਾਰ ਵਜੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਪਿੰਡਾਂ ਦੀ ਸੰਗਤ ਮੌਜੂਦ ਸੀ। (੧੪ ਮਾਰਚ)

ਹੈਦਰਾਬਾਦ 'ਚ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ੇ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ੍ਹਾ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ 'ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ੍ਹਾ 'ਤੇ ਇਸ ਤਰ੍ਹਾਂ ਦੀ ਜਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ੍ਹਾ 'ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ ਗੁਰਦੁਆਰਾ ਸਾਹਿਬਾਨ ਸੰਗਤ ਦੀ ਆਸਥਾ ਅਤੇ ਵਿਸ਼ਵਾਸ ਦਾ ਕੇਂਦਰ ਹਨ। ਪ੍ਰਸ਼ਾਸਕੀ ਕਾਰਵਾਈ ਦੇ ਨਾਂ 'ਤੇ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ।

ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਬਾਲਾ ਨਾਲ ਸੰਬੰਧਤ

ਜਗ੍ਹਾ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤ ਨੂੰ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀ ਸੰਗਤ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ। (੧੬ ਮਾਰਚ)

ਸ਼੍ਰੋਮਣੀ ਕਮੇਟੀ ਨੇ ਵਾਤਾਵਰਣ ਦਿਹਾੜੇ ਵਜੋਂ ਮਨਾਇਆ ਸ੍ਰੀ ਗੁਰੂ ਹਰਿਰਾਇ ਸਾਹਿਬ ਦਾ ਗੁਰਿਆਈ ਦਿਵਸ

ਅੰਮ੍ਰਿਤਸਰ- ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਿਆਈ ਦਿਵਸ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਤਾਵਰਣ ਦਿਵਸ ਦੇ ਰੂਪ ਵਿਚ ਮਨਾਇਆ ਗਿਆ। ਇਸ ਸੰਬੰਧੀ ਸ੍ਰੀ ਦਰਬਾਰ ਸਾਹਿਬ ਨਾਲ ਸੰਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਬਲਵਿੰਦਰ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ।

ਸਿੰਘ ਸਾਹਿਬ ਗਿ. ਬਲਜੀਤ ਸਿੰਘ ਨੇ ਸੰਗਤ ਨਾਲ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਸੰਬੰਧੀ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਸੱਤਵੇਂ ਪਾਤਸ਼ਾਹ ਜੀ ਨੇ ਸ੍ਰੀ ਕੀਰਤਪੁਰ ਸਾਹਿਬ ਵਿਖੇ ਬਾਗ਼ ਲਗਾ ਕੇ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦਿੱਤਾ। ਨੁਮਾਇੰਦਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਗੁਰਿਆਈ ਦਿਵਸ ਨੂੰ ਹਰ ਸਾਲ ਵਾਤਾਵਰਣ ਦਿਵਸ ਵਜੋਂ ਮਨਾ ਕੇ ਸੰਗਤ ਨੂੰ ਗੁਰੂ ਸਾਹਿਬ ਦੇ ਉਪਦੇਸ਼ ਅਨੁਸਾਰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਆ ਜਾਂਦਾ ਹੈ। ਉਨ੍ਹਾਂ ਸੰਗਤ ਨੂੰ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਿਆਈ ਦਿਵਸ ਦੀ ਵਧਾਈ ਦਿੱਤੀ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਪ੍ਰੇਰਨਾ ਵੀ ਕੀਤੀ।

ਇਸੇ ਦੌਰਾਨ ਸਿੰਘ ਸਾਹਿਬ ਗਿ. ਬਲਜੀਤ ਸਿੰਘ ਤੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਚਕਾਰ ਸਥਿਤ 'ਗੁਰੂ ਕੇ ਬਾਗ਼' ਵਿਖੇ ਵਾਤਾਵਰਣ ਦੀ ਸਾਂਭ-ਸੰਭਾਲ ਦੇ ਸੁਨੇਹੇ ਤਹਿਤ ਬੂਟੇ ਲਗਾ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਯੁਵਰਾਜ ਸਿੰਘ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਸ. ਗੁਰਪ੍ਰਤਾਪ ਸਿੰਘ ਆਦਿ ਮੌਜੂਦ ਸਨ। (੧੭ ਮਾਰਚ)

ਏ.ਆਈ. ਤਕਨੀਕ ਦੀ ਦੁਰਵਰਤੋਂ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀਡੀਓ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਸਖ਼ਤ ਨੋਟਿਸ

ਅੰਮ੍ਰਿਤਸਰ- ਆਰਟੀਫੀਸ਼ਲ ਇੰਟੈਲੀਜੈਂਸ (ਏ.ਆਈ.) ਤਕਨੀਕ ਨਾਲ ਵੀਡੀਓ ਬਣਾ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਰਯਾਦਾ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਘਟਨਾਵਾਂ ਦੇ ਲਗਾਤਾਰ ਵੱਧ ਰਹੇ ਰੁਝਾਨ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗਹਿਰੀ ਚਿੰਤਾ ਪ੍ਰਗਟਾਈ ਹੈ। ਵੱਖ-ਵੱਖ ਸ਼ੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਅਪਲੋਡ ਹੋਈਆਂ ਵੀਡੀਓ ਸਾਹਮਣੇ ਆਉਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਗੰਭੀਰਤਾ

ਨਾਲ ਲੈਂਦਿਆਂ ਸੰਬੰਧਿਤ ਖਾਤਿਆਂ ਅਤੇ ਵਿਅਕਤੀਆਂ ਵਿਰੁੱਧ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਆਰਟੀਫੀਸ਼ਲ ਇੰਟੈਲੀਜੈਂਸ ਦੀ ਦੁਰਵਰਤੋਂ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਸੱਟ ਵੱਜ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਜਿਹੇ ਮਾਮਲਿਆਂ ਦੀ ਗੰਭੀਰਤਾ ਨੂੰ ਲੈ ਕੇ ਸੰਜੀਦਾ ਪਹੁੰਚ ਅਪਨਾ ਰਹੀ ਹੈ ਅਤੇ ਏ.ਆਈ. ਖੇਤਰ ਦੇ ਮਾਹਿਰਾਂ ਦੇ ਸਹਿਯੋਗ ਨਾਲ ਇਸ ਨੂੰ ਰੋਕਣ ਲਈ ਯਤਨਸ਼ੀਲ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਅਸਥਾਨ ਹੈ, ਜਿਥੋਂ ਸਮੁੱਚੀ ਮਨੁੱਖਤਾ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਮਿਲਦਾ ਹੈ। ਕੁਝ ਲੋਕਾਂ ਵੱਲੋਂ ਇਸ ਪਾਵਨ ਅਸਥਾਨ ਦੀਆਂ ਗ਼ਲਤ ਤਰੀਕੇ ਨਾਲ ਵੀਡੀਓ ਬਣਾ ਕੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਜਾ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਬੇਹੱਦ ਗੰਭੀਰ ਮਾਮਲਾ ਹੈ, ਜਿਸ ਪ੍ਰਤੀ ਸਰਕਾਰ ਨੂੰ ਵੀ ਸੰਜੀਦਾ ਪਹੁੰਚ ਅਪਨਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਯਕੀਨੀ ਬਣਾਏ, ਤਾਂ ਜੋ ਕੋਈ ਵੀ ਅਜਿਹੀ ਹਰਕਤ ਨਾ ਕਰੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਵੀਡੀਓ ਨੂੰ ਅੱਗੇ ਸੇਅਰ ਨਾ ਕਰਨ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜਦੀ ਹੋਵੇ। (੧੭ ਮਾਰਚ)

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਏ.ਆਈ. ਦੇ ਦੁਰਵਰਤੋਂ 'ਤੇ ਚਿੰਤਾ ਜਤਾਈ, ਇਤਰਾਜ਼ਯੋਗ ਸਮੱਗਰੀ ਨੂੰ ਤੁਰੰਤ ਰਿਪੋਰਟ ਕਰਨ ਲਈ ਦਿੱਤਾ ਸੰਦੇਸ਼

ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਤਕਨੀਕ ਦੀ ਦੁਰਵਰਤੋਂ ਕਰਕੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਦੇ ਮਾਮਲਿਆਂ ਉੱਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਸਿੱਖ ਕੌਮ ਅਤੇ ਨੌਜਵਾਨਾਂ ਦੇ ਨਾਮ ਵਿਸ਼ੇਸ਼ ਸੰਦੇਸ਼ ਜਾਰੀ ਕੀਤਾ ਹੈ। ਉਨ੍ਹਾਂ ਕੌਮ ਨੂੰ ਅਗਾਹ ਕਰਦਿਆਂ ਕਿਹਾ ਕਿ ਜਦੋਂ ਵੀ ਏ.ਆਈ. ਨਾਲ ਬਣੀ ਕੋਈ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਵੇ ਤਾਂ ਉਸ ਨੂੰ ਅਗਾਂਹ ਸਾਂਝੀ ਕਰਨ ਦੀ ਬਜਾਏ ਸੰਬੰਧਿਤ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਤੁਰੰਤ ਹੀ ਇਤਰਾਜ਼ਯੋਗ ਸਮੱਗਰੀ ਵਜੋਂ ਰਿਪੋਰਟ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਧਿਆਨ ਵਿੱਚ ਆਇਆ ਹੈ ਕਿ ਅਕਸਰ ਹੀ ਜਦੋਂ ਕੋਈ ਏਆਈ ਨਾਲ ਬਣੀ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਉਂਦੀ ਹੈ ਤਾਂ ਸਾਡੇ ਲੋਕ ਉਸ ਸਮੱਗਰੀ ਨੂੰ ਆਪਣੇ ਸੋਸ਼ਲ ਮੀਡੀਆ ਮੰਚਾਂ ਉੱਤੇ ਅਪਲੋਡ ਜਾਂ ਸਾਂਝਾ ਕਰਕੇ ਹੋਰ ਵੀ ਅਗਾਂਹ ਫੈਲਾ ਦਿੰਦੇ ਹਨ, ਜਿਸ ਨਾਲ ਸ਼ਰਾਰਤੀ ਅਨਸਰਾਂ ਦਾ ਮੰਤਵ ਪੂਰਾ ਹੁੰਦਾ ਹੈ ਅਤੇ ਧਾਰਮਿਕ ਭਾਵਨਾਵਾਂ ਨੂੰ ਹੋਰ ਵੀ ਸੱਟ ਵੱਜਦੀ ਹੈ। ਇਸ ਦੀ ਬਜਾਏ ਵੀਡੀਓ, ਫੋਟੋ ਨੂੰ ਤੁਰੰਤ ਰਿਪੋਰਟ ਕੀਤਾ ਜਾਵੇ ਅਤੇ ਉਸ ਨੂੰ ਕਿਤੇ ਵੀ ਸਾਂਝਾ ਨਾ ਕੀਤਾ ਜਾਵੇ ਤਾਂ ਜੋ ਉਹ ਸਮੱਗਰੀ ਖਤਮ ਹੋ ਸਕੇ। ਉਨ੍ਹਾਂ ਕਿਹਾ ਕਿ ਮੀਡੀਆ, ਸੋਸ਼ਲ ਮੀਡੀਆ ਅਤੇ ਵੈੱਬ ਚੈਨਲਾਂ ਨੂੰ ਵੀ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਕਿ ਉਹ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਏ.ਆਈ. ਸਮੱਗਰੀ ਨੂੰ ਡਾਊਨਲੋਡ ਕਰਕੇ ਆਪਣੇ ਮੰਚਾਂ ਉੱਤੇ ਅਪਲੋਡ ਨਾ ਕਰਨ, ਇਸ ਨਾਲ ਭਾਵਨਾਵਾਂ ਨੂੰ ਹੋਰ ਵੀ ਸੱਟ ਵੱਜਦੀ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਵੀ ਹਦਾਇਤ ਕੀਤੀ ਕਿ ਅਜਿਹੇ ਮਾਮਲਿਆਂ ਵਿੱਚ ਸਖਤੀ ਵਰਤੀ ਜਾਵੇ ਅਤੇ ਆਪਣੇ ਆਪ ਨੋਟਿਸ ਲੈ ਕਿ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਏਆਈ ਤਕਨੀਕ ਦੀ ਦੁਰਵਰਤੋਂ ਕਰਕੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੇ ਵਰਤਾਰੇ

ਨੂੰ ਠੱਲ੍ਹਣ। ਇਸ ਨੂੰ ਰੋਕਣ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਠੋਸ ਏਆਈ ਨੀਤੀ ਬਣਾਈ ਜਾਵੇ ਜਿਸ ਅਨੁਸਾਰ ਕਿਸੇ ਵੀ ਏਆਈ ਟੂਲ/ਸਾਫ਼ਟਵੇਅਰ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਸਮੱਗਰੀ ਨਾ ਬਣਾਈ ਜਾ ਸਕੇ ਅਤੇ ਨਾ ਹੀ ਅਪਲੋਡ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਹੈ ਕਿ ਜੇਕਰ ਅਜਿਹੀ ਇਤਰਾਜ਼ਯੋਗ ਸਮੱਗਰੀ ਦੀ ਪਛਾਣ ਜਨਤਕ ਹੋਣ ਤੋਂ ਪਹਿਲਾਂ ਹੀ ਹੋ ਜਾਵੇ ਤਾਂ ਇਸ ਨਾਲ ਇਹ ਵਰਤਾਰਾ ਕਾਫੀ ਹੱਦ ਤੱਕ ਠੱਲ੍ਹਿਆ ਜਾ ਸਕਦਾ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਏ.ਆਈ. ਤਕਨਾਲੋਜੀ ਮਾੜੀ ਨਹੀਂ ਅਤੇ ਜੇਕਰ ਤਕਨੀਕ ਦੀ ਸਹੀ ਵਰਤੋਂ ਕੀਤੀ ਜਾਵੇ ਤਾਂ ਇਸ ਨਾਲ ਚੰਗਾ ਸਮਾਜ ਸਿਰਜਿਆ ਜਾ ਸਕਦਾ ਹੈ ਪਰ ਜਦੋਂ ਧਰਮਾਂ ਦੇ ਸਿਧਾਂਤਾਂ, ਪਰੰਪਰਾਵਾਂ ਅਤੇ ਇਤਿਹਾਸ ਆਦਿ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਆਧੁਨਿਕ ਤਕਨੀਕ ਵੀ ਸਵਾਲਾਂ ਦੇ ਘੇਰੇ ਵਿੱਚ ਆਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਨੂੰ ਰੋਕਣ ਲਈ ਸੰਗਤ ਇੱਕ ਲਹਿਰ ਵਜੋਂ ਵੱਧ ਤੋਂ ਵੱਧ ਸ਼ਮੂਲੀਅਤ ਕਰੇ ਅਤੇ ਸੰਜੀਦਗੀ ਨਾਲ ਇਸ ਦੇ ਵਿਰੁੱਧ ਠੋਸ ਕਾਰਜ ਕੀਤੇ ਜਾਣ। (੧੮ ਮਾਰਚ)

ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਈ ਜਾਵੇਗੀ ਸ੍ਰੀ ਕੀਰਤਪੁਰ ਸਾਹਿਬ ਦੇ ੪੦੦ ਸਾਲਾ ਸਥਾਪਨਾ ਦਿਵਸ ਦੀ ਸ਼ਤਾਬਦੀ-ਐਡਵੋਕੇਟ ਧਾਮੀ

੨੯ ਅਪ੍ਰੈਲ ਤੋਂ ੧ ਮਈ ਤੀਕ ਸ੍ਰੀ ਕੀਰਤਪੁਰ ਸਾਹਿਬ ਵਿਖੇ ਹੋਣਗੇ ਸ਼ਤਾਬਦੀ ਸੰਬੰਧੀ ਸਮਾਗਮ

ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈ ਸ਼ਤਾਬਦੀ ਸੰਬੰਧੀ ਸਬ-ਕਮੇਟੀ ਦੀ ਇਕੱਤਰਤਾ

ਅੰਮ੍ਰਿਤਸਰ- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਵਸਾਏ ਸ੍ਰੀ ਕੀਰਤਪੁਰ ਸਾਹਿਬ ਦਾ ੪੦੦ ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਪ੍ਰੰਪਰਾਵਾਂ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਇਸ ਸੰਬੰਧੀ ੨੯ ਅਪ੍ਰੈਲ ਤੋਂ ੧ ਮਈ ੨੦੨੬ ਨੂੰ ਗੁਰਦੁਆਰਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਵਿਸ਼ਾਲ ਪੱਧਰ 'ਤੇ ਗੁਰਮਤਿ ਸਮਾਗਮ ਹੋਣਗੇ। ਇਸ ਸੰਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਸ੍ਰੀ ਕੀਰਤਪੁਰ ਸਾਹਿਬ ਦੇ ੪੦੦ ਸਾਲਾ ਸਥਾਪਨਾ ਦਿਵਸ ਸਮਾਗਮਾਂ ਸੰਬੰਧੀ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿਚ ਸ਼ਤਾਬਦੀ ਸੰਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਗਈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ ਉਹ ਪਾਵਨ ਧਰਤੀ ਹੈ, ਜਿਸ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਵਸਾਇਆ ਸੀ ਅਤੇ ਇਸ ਪਾਵਨ ਅਸਥਾਨ 'ਤੇ ਸ੍ਰੀ ਗੁਰੂ ਹਰਿਰਾਏ ਸਾਹਿਬ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਵੀ ਵਾਸ ਕੀਤਾ। ਇਸ ਪਾਵਨ ਅਸਥਾਨ ਦੀ ੪੦੦ ਸਾਲਾ ਸ਼ਤਾਬਦੀ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਗਤ ਦੇ ਸਹਿਯੋਗ ਨਾਲ ਵਿਸ਼ਾਲ ਪੱਧਰ 'ਤੇ ਮਨਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸੰਬੰਧੀ ੨੯ ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ ਰੈਣ-ਸਬਾਈ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ੩੦ ਅਪ੍ਰੈਲ ਨੂੰ ਵੀ ਗੁਰਮਤਿ ਸਮਾਗਮ ਹੋਣਗੇ, ਜਿਸ ਵਿਚ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਨਗੇ। ਸ਼ਤਾਬਦੀ ਸੰਬੰਧੀ ਮੁੱਖ ਸਮਾਗਮ ੧ ਮਈ ੨੦੨੬ ਨੂੰ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ, ਸਿੱਖ ਪੰਥ ਦੀਆਂ ਸਮੂਹ ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਕਾਰ ਸੇਵਾ ਵਾਲੇ ਮਹਾਂਪੁਰਖਾਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ

ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਸੰਪ੍ਰਦਾਵਾਂ, ਨਿਹੰਗ ਸਿੰਘ ਜਥੇਬੰਦੀਆਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਭੇਜੇ ਜਾਣਗੇ। ਸ਼ਤਾਬਦੀ ਸਮਾਗਮਾਂ ਦੌਰਾਨ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ਼ਤਾਬਦੀ ਸੰਬੰਧੀ ਸੰਗਤ ਨੂੰ ਪ੍ਰੇਰਣਾ ਕਰਨ ਵਾਸਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਜਥੇ ਪਿੰਡ-ਪਿੰਡ ਜਾ ਕੇ ਗੁਰਮਤਿ ਸਮਾਗਮ ਕਰਨਗੇ। ਉਨ੍ਹਾਂ ਸੰਗਤ ਨੂੰ ਸ਼ਤਾਬਦੀ ਸੰਬੰਧੀ ਹੋਣ ਵਾਲੇ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਇਕੱਤਰਤਾ 'ਚ ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ. ਅਜਮੇਰ ਸਿੰਘ ਖੇੜਾ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਸੁਖਵਰਸ਼ ਸਿੰਘ ਪੰਨੂ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਿੰਦਰਪਾਲ ਸਿੰਘ ਗੋਰਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ ਆਦਿ ਮੌਜੂਦ ਸਨ। (੨੦ ਮਾਰਚ)

ਯੂਕੇ ਦੇ ਐਮ.ਪੀ. ਬੀਬੀ ਪ੍ਰੀਤ ਕੌਰ ਗਿੱਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਯੂਕੇ ਬਰਮਿੰਘਮ ਦੇ ਐਜਬੈਸਟਨ ਤੋਂ ਐਮ.ਪੀ. ਬੀਬੀ ਪ੍ਰੀਤ ਕੌਰ ਗਿੱਲ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਨਤਮਸਤਕ ਹੋਣ ਉਪਰੰਤ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵੀ ਪੁੱਜੇ, ਜਿਥੇ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੀਬੀ ਪ੍ਰੀਤ ਕੌਰ ਗਿੱਲ ਨੂੰ ਜੀ-ਆਇਆਂ ਆਖਿਆ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਬੀਬੀ ਪ੍ਰੀਤ ਕੌਰ ਗਿੱਲ ਨੇ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਾਨਵਤਾ ਲਈ ਰਾਹ-ਦਸੇਰਾ ਹੈ। ਐਮ.ਪੀ. ਬਣਨ ਮਗਰੋਂ ਉਹ ਗੁਰੂ ਸਾਹਿਬ ਦਾ ਸ਼ੁਕਰਾਨਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਨ ਆਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਵਿਸ਼ਵ ਅੰਦਰ ਬਣੇ ਮੌਜੂਦਾ ਜੰਗ ਦੇ ਹਾਲਾਤ ਸੁਖਾਵੇਂ ਹੋਣ ਅਤੇ ਸਮੁੱਚਾ ਵਿਸ਼ਵ ਸ਼ਾਂਤੀ ਨਾਲ ਵਧੇ ਫੁੱਲੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਅਜਮੇਰ ਸਿੰਘ ਖੇੜਾ, ਸ. ਪ੍ਰਿਤਪਾਲ ਸਿੰਘ

ਪਾਲੀ, ਭਾਈ ਅਜੈਬ ਸਿੰਘ ਅਭਿਆਸੀ, ਬੀਬੀ ਪਰਮਜੀਤ ਕੌਰ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਤੇ ਹੋਰ ਮੌਜੂਦ ਸਨ।

(੨੦ ਮਾਰਚ)

ਬੇਅਦਬੀ ਮਾਮਲਿਆਂ ਨੂੰ ਲੈ ਕੇ ਸਰਕਾਰ ਸੰਜੀਦਾ ਹੋਵੇ- ਐਡਵੋਕੇਟ ਧਾਮੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਸੰਬੰਧੀ ਸ਼੍ਰੋਮਣੀ ਕਮੇਟੀ ਦੁਆਰਾ ਪੰਜਾਬ ਸਰਕਾਰ ਤੋਂ ਮੰਗੀਆਂ ਜਾਣਕਾਰੀਆਂ ਮੁਹੱਈਆ ਨਾ ਕਰਵਾਉਣ 'ਤੇ ਸਵਾਲ ਚੁੱਕੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਵੇਂ ਹਰ ਧਰਮ ਦੇ ਧਾਰਮਿਕ ਗ੍ਰੰਥ ਸਤਿਕਾਰਯੋਗ ਹਨ ਪ੍ਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਲਈ ਜਾਗਤ ਜੋਤਿ ਗੁਰੂ ਹਨ। ਗੁਰਬਾਣੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਬੰਧੀ ਵਿਸ਼ੇਸ਼ ਕਾਨੂੰਨੀ ਪ੍ਰਬੰਧ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਕਾਨੂੰਨ ਤਹਿਤ ਚੱਲ ਰਹੇ ਬੇਅਦਬੀ ਦੇ ਕੇਸਾਂ ਵਿਚ ਵੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਯਕੀਨੀ ਹੋਣੀਆਂ ਚਾਹੀਦੀਆਂ ਹਨ ਨਾ ਕਿ ਇਹ ਕੇਵਲ ਸਿਆਸੀ ਮੁੱਦਾ ਬਣ ਕੇ ਰਹੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਲਿਆਂਦਾ ਗਿਆ ਪ੍ਰੰਤੂ ਸਰਕਾਰ ਦੀ ਇਸ ਸੰਬੰਧੀ ਹੁਣ ਤਕ ਦੀ ਪਹੁੰਚ ਨਿਰਾਸ਼ਾਜਨਕ ਹੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਗਠਤ ਸਲੈਕਟ ਕਮੇਟੀ ਨੇ ਸ਼੍ਰੋਮਣੀ ਕਮੇਟੀ ਪਾਸੋਂ ਇਸ ਬਿੱਲ ਸੰਬੰਧੀ ਸੁਝਾਅ ਮੰਗੇ ਸਨ, ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ੧੫ ਮੈਂਬਰੀ ਉੱਚ ਪੱਧਰੀ ਕਮੇਟੀ ਗਠਤ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੀਆਂ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਦੌਰਾਨ ਗੰਭੀਰ ਵਿਚਾਰ-ਵਟਾਂਦਰੇ ਤੋਂ ਬਾਅਦ ਸਲੈਕਟ ਕਮੇਟੀ ਤੋਂ ਕੁਝ ਜ਼ਰੂਰੀ ਜਾਣਕਾਰੀਆਂ ਦੀ ਮੰਗ ਕੀਤੀ ਸੀ, ਜਿਸ ਪ੍ਰਤੀ ਸਰਕਾਰ ਦੀ ਸਲੈਕਟ ਕਮੇਟੀ ਨੇ ਅਜੇ ਤੱਕ ਕੋਈ ਹਾਂ-ਪੱਖੀ ਹੁੰਗਾਰਾ ਨਹੀਂ ਭਰਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਆਪਣੇ ਸੁਝਾਅ ਅਤੇ ਰਾਏ ਰਿਪੋਰਟ ਜ਼ਰੂਰੀ ਜਾਣਕਾਰੀਆਂ ਮਿਲਣ ਬਾਅਦ ਹੀ ਦੇ ਸਕਦੀ ਹੈ, ਲੇਕਿਨ ਸਰਕਾਰ ਇਸ ਨੂੰ ਬਹੁਤੀ ਗੰਭੀਰਤਾ ਨਾਲ ਨਹੀਂ ਲੈ ਰਹੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪਵਿੱਤਰ ਧਾਰਮਿਕ ਗ੍ਰੰਥਾਂ ਵਿੱਚੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਵਡਿਆਈ ਜਾਗਤ ਜੋਤਿ ਅਤੇ ਹਾਜ਼ਰ ਨਾਜ਼ਰ ਸਤਿਗੁਰੂ ਵਜੋਂ ਹੈ, ਜਿਸ ਲਈ ਉਕਤ ਬਿੱਲ ਸੰਬੰਧੀ ਇਹ ਪੱਖ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਲੈਕਟ ਕਮੇਟੀ ਨੂੰ ਸੁਝਾਅ ਹਰ ਪੱਖ ਨੂੰ ਮੁਕੰਮਲ ਘੋਖ ਕੇ ਹੀ ਦਿੱਤੇ ਜਾ ਸਕਣੇ ਹਨ, ਇਸ ਲਈ ਇਹ ਜ਼ਰੂਰੀ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਸਰਕਾਰ ਮੰਗੀਆਂ ਜਾਣਕਾਰੀਆਂ ਦੇਵੇ। ਉਨ੍ਹਾਂ ਕਿਹਾ ਕਿ ਇਸ ਸੰਬੰਧ ਵਿਚ ਕਈ ਪੱਤ੍ਰਿਕਾਵਾਂ ਲਿਖ ਕੇ ਰਿਕਾਰਡ ਅਤੇ ਜਾਣਕਾਰੀਆਂ ਦੀ ਮੰਗ ਕੀਤੇ ਜਾਣ ਦੇ ਬਾਵਜੂਦ ਵੀ ਸਰਕਾਰ ਦੀ ਸਲੈਕਟ ਕਮੇਟੀ ਵੱਲੋਂ ਜਾਣ-ਬੁਝ ਕੇ ਮੁਹੱਈਆ ਨਾ ਕਰਵਾਉਣਾ ਬਹੁਤ ਹੀ ਮੰਦਭਾਗਾ, ਪੱਖਪਾਤੀ ਅਤੇ ਰਾਜਸੀ ਹਿੱਤਾਂ ਵਾਲਾ ਸਾਬਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਾਬਤ ਹੋ ਰਿਹਾ ਹੈ ਕਿ ਸਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਸੁਝਾਅ ਦੇਣ ਲਈ ਜਾਰੀ ਕੀਤਾ ਗਿਆ ਪੱਤਰ ਮਹਿਜ ਇਕ ਵਿਖਾਵਾ ਹੈ। ਐਡਵੋਕੇਟ ਧਾਮੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਵੱਲੋਂ ਮੰਗੀਆਂ ਜਾਣਕਾਰੀਆਂ ਸਰਕਾਰ ਮੁਹੱਈਆ ਨਹੀਂ ਕਰਵਾਉਂਦੀ ਤਾਂ ਇਹ ਸਮਝਿਆ ਜਾਵੇਗਾ ਕਿ ਸਰਕਾਰ ਇਸ ਬਿੱਲ ਪ੍ਰਤੀ ਗੰਭੀਰ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਸੰਬੰਧੀ ਕਾਨੂੰਨ ਨੂੰ

ਲੈ ਕੇ ਭਾਈ ਗੁਰਜੀਤ ਸਿੰਘ ਵੱਲੋਂ ਸਮਾਣਾ ਵਿਖੇ ਸੰਘਰਸ਼ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪਹਿਲੇ ਦਿਨ ਤੋਂ ਹੀ ਇਸ ਸੰਘਰਸ਼ ਨੂੰ ਪੂਰਨ ਤੌਰ 'ਤੇ ਹਮਾਇਤ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ ਦੇ ਮਾਮਲੇ 'ਤੇ ਕਿਸੇ ਵੀ ਧਿਰ ਨੂੰ ਸਿਆਸਤ ਨਹੀਂ ਕਰਨੀ ਚਾਹੀਦੀ ਸਗੋਂ ਇਸ ਸੰਜੀਦਾ ਮਾਮਲੇ ਸੰਬੰਧੀ ਸਿਰ ਤੋੜ ਯਤਨ ਕਰਨੇ ਚਾਹੀਦੇ ਹਨ। (੨੦ ਮਾਰਚ)

ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ 'ਤੇ ਕਬਜ਼ੇ ਦੀ ਹਰਕਤ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ- ਐਡਵੋਕੇਟ ਧਾਮੀ

ਅੰਮ੍ਰਿਤਸਰ- ਭਾਈ ਬਲਜੀਤ ਸਿੰਘ ਦਾਦੂਵਾਲ ਵੱਲੋਂ ਕੁਝ ਲੋਕਾਂ ਨੂੰ ਨਾਲ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਜਾਇਦਾਦ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਤੇ ਜ਼ਬਰੀ ਕਬਜ਼ਾ ਕਰਨ ਦੀ ਹਰਕਤ ਨੂੰ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਸੰਗਤ ਦੀ ਵੱਡੀ ਸ਼ਰਧਾ ਹੈ ਅਤੇ ਇਸ ਪਾਵਨ ਅਸਥਾਨ ਦੀ ਜਾਇਦਾਦ ਨੂੰ ਕਿਸੇ ਨੂੰ ਵੀ ਹਥਿਆਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਚਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਤੇ ਭਾਈ ਬਲਜੀਤ ਸਿੰਘ ਦਾਦੂਵਾਲ ਨੇ ਕੁਝ ਲੋਕਾਂ ਨੂੰ ਨਾਲ ਲੈ ਕੇ ਧੱਕੇਸ਼ਾਹੀ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਇੰਜ ਲਗਦਾ ਹੈ ਕਿ ਸਰਕਾਰਾਂ ਅਜਿਹੇ ਲੋਕਾਂ ਦੀ ਧੱਕੇਸ਼ਾਹੀ ਰੋਕਣ ਦੀ ਥਾਂ ਮੂਕ ਸਹਿਮਤੀ ਦੇ ਰਹੀਆਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੂਰੇ ਭਾਰਤ ਅੰਦਰ ਸਿੱਖ ਮਿਸ਼ਨ ਅਤੇ ਵਿਦਿਅਕ ਸੰਸਥਾਵਾਂ ਖੋਲ੍ਹ ਕੇ ਸਿੱਖੀ ਪ੍ਰਚਾਰ ਤੇ ਵਿਦਿਅਕ ਪ੍ਰਸਾਰ ਲਈ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ। ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸ਼ਾਹਬਾਦ ਮਾਰਕੰਡਾ ਵਿਖੇ ਚੱਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਨੂੰ ਕੁਝ ਲੋਕਾਂ ਵੱਲੋਂ ਹਥਿਆਉਣ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਇਸ ਕਾਲਜ ਨੂੰ ਚਲਾਉਣ ਲਈ ਸ਼੍ਰੋਮਣੀ ਕਮੇਟੀ ਹਰ ਸਾਲ ੮ ਕਰੋੜ ਰੁਪਏ ਸਹਾਇਤਾ ਦਿੰਦੀ ਹੈ ਅਤੇ ਮੌਜੂਦਾ ਸਮੇਂ ਲੋਕਾਂ ਦੀ ਸਹੂਲਤ ਲਈ ਹਸਪਤਾਲ ਵਾਸਤੇ ਵੀ ਵੱਡੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਹਰਕਤਾਂ ਕਰਕੇ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਹਰਿਆਣਾ ਸਰਕਾਰ ਨੂੰ ਆਖਿਆ ਕਿ ਅਜਿਹੇ ਲੋਕਾਂ ਦੀਆਂ ਹਰਕਤਾਂ 'ਤੇ ਰੋਕ ਲਗਾਈ ਜਾਵੇ ਅਤੇ ਇਨ੍ਹਾਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ।

(੨੦ ਮਾਰਚ)

ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਦਰਸ਼ਨੀ ਡਿਉੜੀ ਦੇ ਬਾਹਰ ਜੋੜਾ ਘਰ, ਗੱਠੜੀ ਘਰ ਸਮੇਤ ਹੋਰ ਸੇਵਾਵਾਂ ਦੀ ਸੇਵਾ ਹੋਈ ਅਰੰਭ

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਰਹੀਆਂ ਮੌਜੂਦ

ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਨੂੰ ਸੌਂਪੀ ਗਈ ਹੈ ਕਾਰ ਸੇਵਾ

ਤਰਨ ਤਾਰਨ ਸਾਹਿਬ/ਅੰਮ੍ਰਿਤਸਰ- ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਦਰਸ਼ਨੀ ਡਿਉੜੀ ਦੇ ਬਾਹਰ ਸੰਗਤ ਦੀ ਸਹੂਲਤ ਲਈ ਮੋਟਰਸਾਈਕਲ ਤੇ ਸਕੂਟਰ ਸਟੈਂਡ, ਜੋੜਾ ਘਰ, ਗਠੜੀ ਘਰ ਅਤੇ ਸੰਗਤ ਲਈ ਵਾਸ਼ਰੂਮ ਬਣਾਉਣ ਲਈ ਕਾਰ ਸੇਵਾ ਦੀ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ

ਹਰਜਿੰਦਰ ਸਿੰਘ ਧਾਮੀ, ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਵਾਲਿਆਂ ਵਲੋਂ ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤ ਦੀ ਹਾਜ਼ਰੀ ਵਿੱਚ ਟੱਕ ਲਗਾ ਕੇ ਸ਼ੁਰੂਆਤ ਕੀਤੀ ਗਈ। ਇਸ ਤੋਂ ਪਹਿਲਾਂ ਦੀਵਾਨ ਹਾਲ ਵਿਖੇ ਗੁਰਬਾਣੀ ਕੀਰਤਨ ਮਗਰੋਂ ਕਾਰ ਸੇਵਾ ਦੀ ਅਰੰਭਤਾ ਦੀ ਅਰਦਾਸ ਹੋਈ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਸੰਗਤ ਦੀ ਮੰਗ ਅਨੁਸਾਰ ਗੁਰਦੁਆਰਾ ਸਾਹਿਬ ਦੀ ਦਰਸ਼ਨੀ ਡਿਊੜੀ ਦੇ ਬਾਹਰ ਬੇਸਮੈਂਟ ਵਿਚ ਮੋਟਰਸਾਈਕਲ ਤੇ ਸਕੂਟਰ ਸਟੈਂਡ ਤਿਆਰ ਕੀਤਾ ਜਾਵੇਗਾ। ਇਸ ਉਪਰ ਜੋੜਾ ਘਰ ਤੇ ਗੱਠੜੀ ਘਰ ਤਿਆਰ ਹੋਵੇਗਾ। ਇਸੇ ਤਰ੍ਹਾਂ ਸੰਗਤ ਦੀ ਸਹੂਲਤ ਲਈ ਵਾਸ਼ਰੂਮ ਵੀ ਤਿਆਰ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਾਰੇ ਕਾਰਜ ਦੀ ਸੇਵਾ ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਸਾਹਿਬ ਵਾਲਿਆਂ ਨੂੰ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਵਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਕਈ ਹੋਰ ਗੁਰਦੁਆਰਾ ਸਾਹਿਬਾਨ ਅਤੇ ਅਸਥਾਨਾਂ ਦੀਆਂ ਸੇਵਾਵਾਂ ਸੰਗਤ ਦੇ ਸਹਿਯੋਗ ਨਾਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਕਾਰਜ 'ਤੇ ਵੀ ਕਰੀਬ ੫ ਕਰੋੜ ਰੁਪਏ ਖ਼ਰਚ ਆਉਣ ਦਾ ਅਨੁਮਾਨ ਹੈ। ਉਨ੍ਹਾਂ ਸੰਗਤ ਨੂੰ ਗੁਰੂ ਘਰ ਦੀਆਂ ਇਨ੍ਹਾਂ ਸੇਵਾਵਾਂ ਵਿਚ ਸਹਿਯੋਗ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਗੁਰਬਖਸ਼ ਸਿੰਘ ਖਾਲਸਾ, ਸ. ਅਮਰਜੀਤ ਸਿੰਘ ਭਲਾਈਪੁਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਐਕਸੀਅਨ ਸ. ਸੁਖਜਿੰਦਰ ਸਿੰਘ, ਬਾਬਾ ਕਾਰਜ ਸਿੰਘ, ਬਾਬਾ ਅਵਤਾਰ ਸਿੰਘ ਭੈਲ, ਬਾਬਾ ਰਣਜੀਤ ਸਿੰਘ, ਬਾਬਾ ਅਵਤਾਰ ਸਿੰਘ, ਮੈਨੇਜਰ ਸ. ਹਰਜਿੰਦਰ ਸਿੰਘ ਪੱਟੀ, ਸ. ਭਗਵੰਤ ਸਿੰਘ, ਸ. ਅੰਗਰੇਜ਼ ਸਿੰਘ ਆਦਿ ਹਾਜ਼ਰ ਸਨ। (੨੦ ਮਾਰਚ)

ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਦੇ ਸਲਾਨਾ ਬਰਸੀ ਸਮਾਗਮਾਂ 'ਚ ਐਡਵੋਕੇਟ ਧਾਮੀ ਨੇ ਕੀਤੀ ਸ਼ਮੂਲੀਅਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਜੀ ਦੀ ਸਲਾਨਾ ਬਰਸੀ ਦੇ ਸਮਾਗਮਾਂ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਬਾਬਾ ਜੀ ਦੇ ਗੁਰਮਤਿ ਨੂੰ ਸਮਰਪਿਤ ਜੀਵਨ ਤੋਂ ਸੰਗਤ ਨੂੰ ਪ੍ਰੇਰਨਾ ਲੈਣ ਲਈ ਕਿਹਾ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਸੋਹਣ ਸਿੰਘ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸੰਪਰਦਾ ਲਈ ਕੀਤੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਸਿੱਖ ਕੌਮ ਦਾ ਮਾਣ ਹਨ। ਉਨ੍ਹਾਂ ਕਿਹਾ ਕਿ ਬਾਬਾ ਜੀ ਨੇ ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਚੜ੍ਹਦੀ ਕਲਾ ਲਈ ਆਪਣਾ ਜੀਵਨ ਸਮਰਪਿਤ ਕੀਤਾ ਅਤੇ ਸਿੱਖੀ ਪ੍ਰਚਾਰ ਲਈ ਵੱਡੀਆਂ ਸੇਵਾਵਾਂ ਦਿੱਤੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਸੰਪਰਦਾ ਦੇ ਮੌਜੂਦਾ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਵੀ ਪ੍ਰਸੰਸਾ ਕੀਤੀ।

ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ਼, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਆਦਿ ਮੌਜੂਦ ਸਨ। (੨੨ ਮਾਰਚ)

ਭਾਈ ਦਵਿੰਦਰਪਾਲ ਸਿੰਘ ਭੁੱਲਰ ਦੇ ਭਰਾ ਸ. ਤਜਿੰਦਰ ਸਿੰਘ ਭੁੱਲਰ ਦੇ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਰੀਬ ਤਿੰਨ ਦਹਾਕਿਆਂ ਤੋਂ ਜੇਲ੍ਹ ਅੰਦਰ ਨਜ਼ਰਬੰਦ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੇ ਭਰਾ ਸ. ਤੇਜਿੰਦਰ ਸਿੰਘ ਭੁੱਲਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕੌਮੀ ਯੋਧੇ ਭਾਈ ਦਵਿੰਦਰਪਾਲ ਸਿੰਘ ਦਾ ਸਿੱਖ ਪੰਥ ਅੰਦਰ ਵੱਡਾ ਸਤਿਕਾਰ ਹੈ ਅਤੇ ਉਨ੍ਹਾਂ ਦੇ ਭਰਾ ਸ. ਤੇਜਿੰਦਰ ਸਿੰਘ ਭੁੱਲਰ ਦੇ ਅਮਰੀਕਾ ਅੰਦਰ ਅਕਾਲ ਚਲਾਣਾ ਕਰ ਜਾਣ ਨਾਲ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਕੌਮੀ ਸੰਘਰਸ਼ ਨੂੰ ਸਮਰਪਿਤ ਇਸ ਪਰਿਵਾਰ ਦੇ ਜੀਅ ਦਾ ਤੁਰ ਜਾਣਾ ਪੰਥ ਲਈ ਵੀ ਉਨ੍ਹਾਂ ਹੀ ਦੁਖਦਾਈ ਹੈ ਜਿਨ੍ਹਾਂ ਕਿ ਉਨ੍ਹਾਂ ਦੇ ਪਰਿਵਾਰ ਲਈ। ਉਨ੍ਹਾਂ ਭਾਈ ਦਵਿੰਦਰਪਾਲ ਸਿੰਘ ਭੁੱਲਰ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਣਾਂ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ। (੨੨ ਮਾਰਚ)

ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਮਰੀਜ਼ਾਂ ਲਈ ਲੰਗਰ ਸੇਵਾ ਦੀ ਕੀਤੀ ਗਈ ਸ਼ੁਰੂਆਤ

ਹਸਪਤਾਲ ਵਿਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗੀ ਲੰਗਰ ਸੇਵਾ- ਐਡਵੋਕੇਟ ਧਾਮੀ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਸ੍ਰੀ ਅੰਮ੍ਰਿਤਸਰ ਵਿਖੇ ਇਲਾਜ ਕਰਵਾਉਣ ਆਏ ਮਰੀਜ਼ ਅਤੇ ਉਨ੍ਹਾਂ ਦੇ ਨਾਲ ਆਏ ਸਹਿਯੋਗੀ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਤੋਂ ਆਇਆ ਲੰਗਰ ਛਕ ਸਕਣਗੇ। ਲੰਗਰ ਸੇਵਾ ਦੀ ਰਸਮੀ ਸ਼ੁਰੂਆਤ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਨ ਮਗਰੋਂ ਅਰਦਾਸ ਉਪਰੰਤ ਕੀਤੀ ਗਈ। ਜ਼ਿਕਰਯੋਗ ਹੈ ਕਿ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਇਸ ਕਾਰਜ ਲਈ ਪ੍ਰਵਾਨਗੀ ਦਿੱਤੀ ਸੀ। ਅੱਜ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੂੰ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ ਨੇ ਜੀ-ਆਇਆਂ ਆਖਦਿਆਂ ਸਵਾਗਤ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰੂ ਸਾਹਿਬਾਨ ਦੇ ਸੰਦੇਸ਼ ਅਤੇ ਪ੍ਰੇਰਣਾ ਦੀ ਰੋਸ਼ਨੀ 'ਚ ਸਦਾ ਹੀ ਮਾਨਵ ਹਿਤਕਾਰੀ ਕਾਰਜਾਂ ਲਈ ਯਤਨਸ਼ੀਲ ਰਹੀ ਹੈ। ਇਸੇ ਤਹਿਤ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ

ਵਿਖੇ ਇਲਾਜ ਕਰਵਾਉਣ ਆਉਣ ਵਾਲੇ ਮਰੀਜ਼ਾਂ ਅਤੇ ਹੋਰ ਲੋੜਵੰਦਾਂ ਲਈ ਲੰਗਰ ਦਾ ਪ੍ਰਬੰਧ ਕਰਨ ਦਾ ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਮਰੀਜ਼ਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਸਹਾਰਾ ਪ੍ਰਦਾਨ ਕਰਨਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਦੂਰ-ਦੂਰ ਤੋਂ ਸ੍ਰੀ ਅੰਮ੍ਰਿਤਸਰ ਵਿਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਕਾਰਜ ਵਿਚ ਸਹਿਯੋਗ ਕਰਨ ਲਈ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ, ਮੈਡੀਕਲ ਸੁਪ੍ਰਿੰਟੈਂਡੈਂਟ ਸਮੇਤ ਸਮੁੱਚੇ ਪ੍ਰਬੰਧ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ, ਸ੍ਰੀ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ, ਨਰਸਿੰਗ ਸੁਪ੍ਰਿੰਟੈਂਡੈਂਟ ਬੀਬੀ ਨਵਕਿਰਨ ਕੌਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਬਲਵਿੰਦਰ ਸਿੰਘ ਸਮੇਤ ਹੋਰ ਮੌਜੂਦ ਸਨ। (੨੭ ਮਾਰਚ)

"ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਦੇ ਸੰਬੰਧ 'ਚ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਉਚ ਪੱਧਰੀ ਕਮੇਟੀ ਦੀ ਹੋਈ ਇਕੱਤਰਤਾ

ਕਿਹਾ; ਸ਼੍ਰੋਮਣੀ ਕਮੇਟੀ ਵੱਲੋਂ ਮੰਗੀ ਗਈ ਜਾਣਕਾਰੀ ਨਾ ਦੇਣਾ ਸਰਕਾਰ ਦੀ ਮਨਸ਼ਾ 'ਤੇ ਸਵਾਲ

ਅੰਮ੍ਰਿਤਸਰ- ਪੰਜਾਬ ਸਰਕਾਰ ਵੱਲੋਂ ਪ੍ਰਸਾਵਿਤ "ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਦੇ ਸੰਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਰਧਾਰਤ ਪੰਦਰਾਂ ਮੈਂਬਰੀ ਉੱਚ ਪੱਧਰੀ ਸਬ-ਕਮੇਟੀ ਦੀ ਚੰਡੀਗੜ੍ਹ ਸਥਿਤ ਸਬ ਆਫਿਸ ਵਿਖੇ ਇਕੱਤਰਤਾ ਹੋਈ, ਜਿਸ ਵਿੱਚ ਸਾਬਕਾ ਜਸਟਿਸ ਸ. ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਸ. ਪੂਰਨ ਸਿੰਘ ਹੁੰਦਲ, ਸਾਬਕਾ ਜ਼ਿਲ੍ਹਾ ਅਟਾਰਨੀ ਐਡਵੋਕੇਟ ਬਲਤੇਜ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਸ. ਕੇਹਰ ਸਿੰਘ, ਮੈਂਬਰ ਸਿੱਖ ਇਤਿਹਾਸ ਰਿਸਰਚ ਬੋਰਡ ਡਾ. ਪਰਮਵੀਰ ਸਿੰਘ ਤੇ ਪ੍ਰਿੰ. ਪ੍ਰਭਜੋਤ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਐਡਵੋਕੇਟ ਬਰਜਿੰਦਰ ਸਿੰਘ ਸੋਢੀ, ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਤੇ ਮੀਤ ਸਕੱਤਰ ਸ. ਲਖਵੀਰ ਸਿੰਘ (ਕੋਆਰਡੀਨੇਟਰ) ਸ਼ਾਮਲ ਹੋਏ।

ਇਕੱਤਰਤਾ ਦੌਰਾਨ ਪਿਛਲੇ ਦਿਨੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪ੍ਰੈੱਸ ਨੂੰ ਦਿੱਤੇ ਗਏ ਬਿਆਨ, ਸਬ-ਕਮੇਟੀ ਵੱਲੋਂ ਪਹਿਲੀਆਂ ਮੀਟਿੰਗਾਂ ਅਤੇ ਵਿਧਾਨ ਸਭਾ ਸਲੈਕਟ ਕਮੇਟੀ ਨਾਲ ਵਿਧਾਨ ਸਭਾ ਦੀ ਇਮਾਰਤ ਵਿੱਚ ਹੋਈ ਮੀਟਿੰਗ ਦੇ ਸੰਬੰਧ ਵਿੱਚ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।

ਇਕੱਤਰਤਾ ਮਗਰੋਂ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਬ-ਕਮੇਟੀ ਦੇ ਚੇਅਰਮੈਨ ਸਾਬਕਾ ਜਸਟਿਸ ਸ. ਮੋਹਿੰਦਰ ਮੋਹਨ ਸਿੰਘ ਬੇਦੀ ਨੇ ਦੱਸਿਆ ਕਿ ਮੀਟਿੰਗ ਵਿੱਚ ਸਬ-ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਇਹ ਮਹਿਸੂਸ ਕੀਤਾ ਗਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਸੰਬੰਧੀ ਸਖ਼ਤ ਕਾਨੂੰਨ ਬਣਾਉਣ ਬਾਰੇ ਮੁੱਖ ਮੰਤਰੀ ਦਾ ਬਿਆਨ ਭੰਬਲਭੂਸਾ ਪੈਦਾ ਕਰਨਾ ਵਾਲਾ ਹੈ। ਮੁੱਖ ਮੰਤਰੀ ਵੱਲੋਂ ਜੋ ੨੨ ਮਾਰਚ ਨੂੰ ਬਿਆਨ ਦਿੱਤਾ ਗਿਆ ਹੈ ਉਹ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ

ਐਕਟ ੨੦੦੮" ਦੇ ਕਾਨੂੰਨ ਨਾਲ ਸੰਬੰਧਿਤ ਹੈ। "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਿੰਟਿੰਗ, ਪਬਲੀਕੇਸ਼ਨ, ਡਿਸਟ੍ਰੀਬਿਊਸ਼ਨ ਅਤੇ ਸਪਲਾਈ ਬਾਰੇ ਹੈ। ਮੁੱਖ ਮੰਤਰੀ ਵੱਲੋਂ ਆਪਣੇ ਬਿਆਨ ਵਿੱਚ ਜਿਸ ਸਬ-ਕਮੇਟੀ ਦਾ ਹਵਾਲਾ ਦਿੱਤਾ ਗਿਆ ਹੈ ਕਿ ਉਹ ੨੦੨੫ ਦੇ ਪ੍ਰਸਤਾਵਿਤ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਬਾਰੇ ਹੈ ਜੋ ਸਾਰੇ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨਾਲ ਸੰਬੰਧਿਤ ਹੈ। ਉਨ੍ਹਾਂ ਕਿਹਾ ਕਿ ਸਬ ਕਮੇਟੀ ਇਹ ਮਹਿਸੂਸ ਕਰਦੀ ਹੈ ਕਿ ਮੁੱਖ ਮੰਤਰੀ ਵੱਲੋਂ ਦਿੱਤੇ ਬਿਆਨਾਂ ਨਾਲ ਪੰਜਾਬ ਸਰਕਾਰ ਵੱਲੋਂ ਪ੍ਰਸਤਾਵਿਤ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਅਤੇ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਸੰਬੰਧੀ ਭੰਬਲਭੂਸਾ ਪੈਦਾ ਹੋ ਰਿਹਾ ਹੈ।

ਮੁੱਖ ਮੰਤਰੀ ਵੱਲੋਂ ਦਿੱਤੇ ਗਏ ਬਿਆਨ ਕਿ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਵਿੱਚ ਉੱਘੇ ਵਕੀਲ ਸਾਹਿਬਾਨ ਅਤੇ ਧਾਰਮਿਕ ਸੰਸਥਾਵਾਂ ਨਾਲ ਸਲਾਹ ਮਸ਼ਵਰਾ ਕਰਕੇ ਸੋਧ ਕੀਤੀ ਜਾਵੇਗੀ, ਦੇ ਸੰਬੰਧੀ ਸ਼੍ਰੋਮਣੀ ਕਮੇਟੀ ਜੋ ਕਿ ਸਿੱਖਾਂ ਦੀ ਨੁਮਾਇੰਦਾ ਸੰਸਥਾ ਹੈ ਨਾਲ ਨਾ ਤਾਂ ਹੁਣ ਤੀਕ ਪੰਜਾਬ ਸਰਕਾਰ ਵੱਲੋਂ ਕੋਈ ਰਾਬਤਾ ਕਾਇਮ ਕੀਤਾ ਗਿਆ ਅਤੇ ਨਾ ਹੀ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਵਾਲੇ ਬਿੱਲ ਵਿੱਚ ਜੋ ਸੋਧ ਕਰਨੀ ਹੈ ਉਸ ਸੰਬੰਧੀ ਖਰੜਾ ਭੇਜਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਮਨਸ਼ਾ ਇਸ ਗੱਲ ਤੋਂ ਵੀ ਸਪੱਸ਼ਟ ਹੋ ਰਹੀ ਹੈ ਕਿ ਬੇਅਦਬੀਆਂ ਸੰਬੰਧੀ ਬਣਾਏ ਜਾਣ ਵਾਲੇ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਲਗਾਤਾਰ ਪੱਤਰਾਂ ਰਾਹੀਂ ਕਈ ਵਾਰ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਵੀ ਉਨ੍ਹਾਂ ਵੱਲੋਂ ਸਾਂਝੀਆਂ ਨਹੀਂ ਕੀਤੀਆਂ ਜਾ ਰਹੀਆਂ। ਮੰਗੇ ਗਏ ਦਸਤਾਵੇਜ਼/ਜਾਣਕਾਰੀ ਦੇਣ ਤੋਂ ਸਲੈਕਟ ਕਮੇਟੀ/ਸਕੱਤਰ ਵਿਧਾਨ ਸਭਾ ਅਤੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਜਾਣ-ਬੁੱਝ ਕੇ ਪਾਸਾ ਵੱਟਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਪੰਜਾਬ ਵਿਧਾਨ ਸਭਾ ਵੱਲੋਂ ਗਠਿਤ ਸਲੈਕਟ ਕਮੇਟੀ ਵੱਲੋਂ ਪੱਤਰ ਨੰ: ੧੧੨੯੧ ਮਿਤੀ ੧੯ ਅਗਸਤ ੨੦੨੫ ਰਾਹੀਂ ਸ਼੍ਰੋਮਣੀ ਕਮੇਟੀ ਪਾਸੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਸੰਬੰਧੀ ਸੁਝਾਅ ਮੰਗੇ ਗਏ ਸਨ, ਜਿਸਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਇੱਕ ੧੫ ਮੈਂਬਰੀ ਸਬ-ਕਮੇਟੀ ਬਣਾਈ ਗਈ ਹੈ, ਜਿਸ ਵਿੱਚ ਉੱਚ ਕੋਟੀ ਦੇ ਵਕੀਲ ਸਾਹਿਬਾਨ, ਉੱਘੇ ਵਿਦਵਾਨ, ਸਨਮਾਨਿਤ ਸਮਾਜਿਕ ਸ਼ਖ਼ਸੀਅਤਾਂ ਸ਼ਾਮਲ ਹਨ। ਸਬ-ਕਮੇਟੀ ਦੀਆਂ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਸਰਕਾਰ ਵੱਲੋਂ ਬਣਾਏ ਜਾਣ ਵਾਲੇ ਕਾਨੂੰਨ ਸੰਬੰਧੀ ਸੰਵਿਧਾਨਕ ਪੱਖ, ਧਾਰਮਿਕ ਪੱਖ, ਰਾਜਨੀਤਿਕ ਪੱਖ ਅਤੇ ਇਤਿਹਾਸਕ ਪੱਖ ਨੂੰ ਬਹੁਤ ਹੀ ਡੂੰਘਾਈ ਨਾਲ ਵਿਚਾਰਿਆ ਗਿਆ। ਇਸ ਸੰਬੰਧ ਵਿਚ ਸਬ-ਕਮੇਟੀ ਦੇ ਕੁਝ ਮੈਂਬਰਾਂ ਵੱਲੋਂ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ੩ ਸਤੰਬਰ ੨੦੨੫ ਨੂੰ ਜਾ ਕੇ ਚੇਅਰਮੈਨ, ਸਲੈਕਟ ਕਮੇਟੀ ਵਿਧਾਨ ਸਭਾ ਨੂੰ ਪੱਤਰ ਦੇ ਕੇ ਕੁਝ ਜਾਣਕਾਰੀ ਮਹੁੱਈਆ ਕਰਵਾਉਣ ਲਈ ਲਿਖਿਆ ਗਿਆ ਸੀ। ਮੰਗੀ ਗਈ ਜਾਣਕਾਰੀ ਵਿਚ ਇਸੇ ਮੰਤਵ ਲਈ ਪੰਜਾਬ ਵਿਧਾਨ ਸਭਾ ਵੱਲੋਂ ਸਾਲ ੨੦੧੬ ਅਤੇ ੨੦੧੮ ਵਿੱਚ ਪਾਸ ਕੀਤੇ ਗਏ ਬਿੱਲਾਂ ਵਿੱਚ ਕੀ ਘਾਟਾਂ ਸਨ, ਜਿਨ੍ਹਾਂ ਨੂੰ ਇਸ ਬਿੱਲ ਰਾਹੀਂ ਦੂਰ ਕੀਤੇ ਜਾਣ ਦਾ ਪ੍ਰਸਤਾਵ ਹੈ। ਸਾਲ ੨੦੧੬ ਅਤੇ ੨੦੧੮ ਦੇ ਬਿੱਲਾਂ ਬਾਰੇ ਕੇਂਦਰ ਸਰਕਾਰ ਵੱਲੋਂ ਉਠਾਏ ਗਏ ਇਤਰਾਜਾਂ ਬਾਰੇ ਜਾਣਕਾਰੀ, ਇਹਨਾਂ ਇਤਰਾਜਾਂ ਦੇ ਹਲ ਲਈ ਸਰਕਾਰ ਵੱਲੋਂ ਕੀ ਉਪਰਾਲੇ ਕੀਤੇ ਜਾਣਗੇ ਬਾਰੇ ਜਾਣਕਾਰੀ, ਬਿੱਲ ਵਿੱਚ ਸੁਝਾਏ ਗਏ ਕਾਨੂੰਨ ਦੀ ਸੰਭਾਵੀ ਦੁਰਵਰਤੋਂ ਦੀ ਰੋਕਥਾਮ ਲਈ ਕੀ ਪ੍ਰਬੰਧ ਕੀਤਾ ਗਿਆ ਹੈ, ਬਾਰੇ ਜਾਣਕਾਰੀ ਮੰਗੀ ਗਈ ਸੀ। ਇਸ ਦੇ ਨਾਲ ਹੀ ਪੰਜਾਬੀ ਭਾਸ਼ਾ

ਵਿੱਚ ਬਿੱਲ ਦਾ ਅਨੁਵਾਦ ਬਹੁਤ ਤਰੁੱਟੀਪੂਰਨ ਹੋਣ ਦੀ ਗੱਲ ਕਰਦਿਆਂ ਭਾਸ਼ਾ ਦੇ ਮਾਹਿਰਾਂ ਤੋਂ ਇਸ ਦੀ ਸੁਧਾਈ ਕਰਵਾਉਣ ਲਈ ਲਿਖਿਆ ਗਿਆ ਸੀ ਤਾਂ ਜੋ ਲਫ਼ਜ਼ੀ ਹੇਰ-ਫੇਰ ਨਾਲ ਕੋਈ ਇਸ ਦਾ ਫਾਇਦਾ ਨਾ ਉਠਾ ਸਕੇ ਅਤੇ ਨਾ ਹੀ ਕੋਈ ਇਸ ਦੀ ਦੁਰਵਰਤੋਂ ਕਰ ਸਕੇ। ਇਹ ਵੀ ਲਿਖਿਆ ਗਿਆ ਸੀ ਕਿ ਕਾਨੂੰਨੀ ਪੱਖ ਤੋਂ ਵੀ ਇਸ ਬਿੱਲ ਦੀਆਂ ਕੁਝ ਮਦਾਂ ਵਿੱਚ ਅਸਪੱਸ਼ਟਤਾ ਹੈ, ਜਿਸ ਦੀ ਕਾਨੂੰਨੀ ਦੁਰਵਰਤੋਂ ਹੋ ਸਕਦੀ ਹੈ ਅਤੇ ਕਾਨੂੰਨੀ ਪ੍ਰਕਿਰਿਆ ਵਿੱਚ ਰੁਕਾਵਟਾਂ ਖੜੀਆਂ ਹੋ ਸਕਦੀਆਂ ਹਨ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਪਰੋਕਤ ਨੁਕਤਿਆਂ ਬਾਰੇ ਜਾਣਕਾਰੀ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਗਈ ਸੀ। ਮੰਗੀ ਗਈ ਇਹ ਜਾਣਕਾਰੀ ਸੰਵਿਧਾਨ ਦੇ ਆਰਟੀਕਲ ੧੪ ਦੇ ਮੁਤਾਬਕ ਬਣਨ ਵਾਲੇ ਕਾਨੂੰਨ ਦੀ ਉਚਿੱਤਤਾ ਦੀ ਸ਼ਰਤ ਪੂਰੀ ਕਰਨ ਲਈ ਬਹੁਤ ਜ਼ਰੂਰੀ ਹੈ।

ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਮੇਂ 'ਤੇ ਕਈ ਪੱਤਰ ਲਿਖੇ ਗਏ ਪ੍ਰੰਤੂ ਪੰਜਾਬ ਵਿਧਾਨ ਸਭਾ ਅਤੇ ਪੰਜਾਬ ਸਰਕਾਰ ਪਾਸੋਂ ਮੰਗੀ ਗਈ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਉਕਤ ਪੱਤਰਾਂ ਦਾ ਕੋਈ ਜਵਾਬ ਦਿੱਤਾ ਗਿਆ। ਸਰਕਾਰ ਵੱਲੋਂ ਸ਼੍ਰੋਮਣੀ ਕਮੇਟੀ ਜਾਂ ਸ਼੍ਰੋਮਣੀ ਕਮੇਟੀ ਵੱਲੋਂ ਗਠਿਤ ਸਬ-ਕਮੇਟੀ ਨਾਲ ਕੋਈ ਰਾਬਤਾ ਵੀ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗ੍ਰਹਿ ਵਿਭਾਗ ਪੰਜਾਬ ਨੂੰ ਵੱਖ-ਵੱਖ ਸਮੇਂ 'ਤੇ ਕਈ ਯਾਦ ਪੱਤਰ ਲਿਖੇ ਗਏ, ਜਿਨ੍ਹਾਂ ਰਾਹੀਂ ਭਾਰਤੀ ਸੰਵਿਧਾਨ ਦੇ ਆਰਟੀਕਲ ੨੦੦ ਅਧੀਨ ਸਾਲ ੨੦੧੬ ਅਤੇ ੨੦੧੮ ਵਿੱਚ ਪਾਸ ਕੀਤੇ ਗਏ ਬਿੱਲਾਂ ਸੰਬੰਧੀ ਕੇਂਦਰ ਸਰਕਾਰ ਨਾਲ ਕੀਤੇ ਗਏ ਪੱਤਰ ਵਿਹਾਰ ਅਤੇ ਕੇਂਦਰ ਸਰਕਾਰ/ਭਾਰਤੀ ਸੰਸਦ ਵੱਲੋਂ ਉਕਤ ਬਿੱਲਾਂ ਦੇ ਸੰਬੰਧ ਵਿੱਚ ਕੀਤੀ ਗਈ ਕਾਰਵਾਈ, ਸੁਝਾਅ, ਇੰਦਰਾਜ ਆਦਿ ਦੀ ਜਾਣਕਾਰੀ ਦੀ ਮੰਗ ਕੀਤੀ ਗਈ ਸੀ।

ਉਨ੍ਹਾਂ ਦੱਸਿਆ ਕਿ ਸਬ-ਕਮੇਟੀ ਦੀ ਇਕੱਤਰਤਾ ਵਿੱਚ ਪੰਜਾਬ ਸਰਕਾਰ ਅਤੇ ਗ੍ਰਹਿ ਵਿਭਾਗ ਅਤੇ ਵਿਧਾਨ ਸਭਾ ਵੱਲੋਂ ਰਿਕਾਰਡ/ਜਾਣਕਾਰੀ ਮੁਹੱਈਆ ਨਾ ਕਰਵਾਉਣ ਕਰਕੇ ਮਹਿਸੂਸ ਕੀਤਾ ਗਿਆ ਕਿ ਸਾਲ ੨੦੧੬ ਅਤੇ ਸਾਲ ੨੦੧੮ ਵਿੱਚ ਧਾਰਾ ੨੯੫ ਏ (ਏ) ਅਤੇ ਸੀ.ਆਰ.ਪੀ.ਸੀ. ਵਿੱਚ ਪ੍ਰਸਤਾਵਿਤ ਸੋਧਾਂ ਸੰਬੰਧੀ ਅਤੇ ਧਾਰਾ ੨੯੫ ਏ ਵਿੱਚ ਸਜ਼ਾ ਨੂੰ ਵਧਾਉਣ ਸੰਬੰਧੀ ਕੇਂਦਰ ਸਰਕਾਰ ਵੱਲੋਂ ਦਿੱਤੇ ਗਏ ਸੁਝਾਵਾਂ ਅਤੇ ਇਤਰਾਜਾਂ ਨੂੰ ਘੋਖੇ ਬਿਨਾਂ ਉਕਤ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਸੰਬੰਧੀ ਮੰਗੇ ਗਏ ਸੁਝਾਅ ਨਹੀਂ ਦਿੱਤੇ ਜਾ ਸਕਦੇ। ਇਸ ਮਹੱਤਵਪੂਰਨ ਪੱਖ 'ਤੇ ਡੂੰਘੀ ਵਿਚਾਰ ਕੀਤੀ ਕਿ ਭਾਰਤੀ ਸਮਾਜ ਇਤਿਹਾਸਕ ਅਤੇ ਸਮਾਜਿਕ ਦ੍ਰਿਸ਼ਟੀਕੋਣ ਤੋਂ ਵੀ ਵੰਨ-ਸੁਵੰਨਾ ਹੈ ਕਿਉਂਕਿ ਇਹ ਵੱਖ-ਵੱਖ ਧਰਮਾਂ, ਫਿਰਕਿਆਂ ਅਤੇ ਵਿਸ਼ਵਾਸ਼ਾਂ ਦਾ ਮਿਸ਼ਰਣ ਹੈ। ਸਭਨਾਂ ਦੇ ਧਰਮ-ਸ਼ਾਸਤਰ, ਪੂਜਾ ਦੇ ਢੰਗ, ਸਮਾਜਿਕ ਰੀਤਾਂ ਅਤੇ ਧਾਰਮਿਕ ਸ਼ਾਸਤਰਾਂ ਪ੍ਰਤੀ ਸ਼ਰਧਾ ਦੇ ਮਾਪਦੰਡ ਵੀ ਵੱਖਰੇ-ਵੱਖਰੇ ਹਨ। ਵੱਖ-ਵੱਖ ਧਰਮਾਂ ਨੂੰ ਮੰਨਣ ਵਾਲਿਆਂ ਦੇ ਮਨਾਂ ਵਿੱਚ ਉਹਨਾਂ ਧਰਮਾਂ ਦੇ ਪਵਿੱਤਰ ਗ੍ਰੰਥਾਂ ਪ੍ਰਤੀ ਸਤਿਕਾਰ ਦੀ ਭਾਵਨਾ ਦੀਆਂ ਵੀ ਵੱਖ-ਵੱਖ ਧਾਰਨਾਵਾਂ ਹਨ ਜੋ ਕਿ ਸਦੀਆਂ ਤੋਂ ਚਲੀਆਂ ਆ ਰਹੀਆਂ ਧਾਰਮਿਕ ਰੀਤਾਂ, ਮਾਨਤਾ ਪ੍ਰਾਪਤ ਫਿਲਾਸਫ਼ੀ ਅਤੇ ਧਾਰਮਿਕ ਵਿਸ਼ਵਾਸਾਂ ਦੇ ਵਿਕਾਸ ਕਿਰਿਆਵਾਂ ਦਾ ਨਤੀਜਾ ਹਨ। ਉਕਤ ਕਾਰਨਾਂ ਕਰਕੇ ਸਭਨਾਂ ਦੇ ਧਾਰਮਿਕ ਜਜਬਾਤ ਵੀ ਇੱਕਸਾਰ ਨਹੀਂ ਹਨ ਸਗੋਂ ਆਪਣੇ-ਆਪਣੇ ਧਰਮ ਗ੍ਰੰਥਾਂ ਵਿਚਲੇ ਸੰਦਰਭ ਅਤੇ ਵਿਸ਼ੇਸ਼ ਸਮੁਦਾਇ ਦੀਆਂ ਸੋਚਾਂ ਦੀ ਉਪਜ ਹੁੰਦੇ ਹਨ।

ਇਸ ਲਈ ਸਬ-ਕਮੇਟੀ ਦੇ ਮੈਂਬਰਾਂ ਦਾ ਮੰਨਣਾ ਹੈ ਕਿ ਸਮਾਜਿਕ ਦ੍ਰਿਸ਼ਟੀਕੋਣ ਤੋਂ ਵੀ ਭਾਰਤ ਵਿੱਚ ਧਰਮ ਕੇਵਲ ਮੰਨਣ ਦਾ ਸਿਧਾਂਤ/ਵਿਸ਼ਾ ਨਹੀਂ ਹੈ, ਸਗੋਂ ਇਹ ਇੱਕ ਸਮਾਜਿਕ ਸੰਸਥਾ ਹੈ ਜੋ ਕਿ ਇਨਸਾਨ ਦੀ ਪਹਿਚਾਣ, ਨੈਤਿਕਤਾ ਅਤੇ ਸਮੁੱਚੀ ਜਿੰਦਗੀ ਨੂੰ ਪ੍ਰਭਾਵਿਤ ਕਰਦੀ ਹੈ। ਉਨ੍ਹਾਂ ਕਿਹਾ ਕਿ

ਇਸ ਲਈ ਪ੍ਰਸਤਾਵਿਤ ਬਿੱਲ ਸੰਬੰਧੀ ਵਿਧਾਨ ਸਭਾ ਦੀ ਸਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਪਾਸੋਂ ਮੰਗੇ ਸੁਝਾਅ ਦੇਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਮੰਗੀ ਗਈ ਜਾਣਕਾਰੀ ਅਤਿਅੰਤ ਜ਼ਰੂਰੀ ਹੈ, ਜਿਸ ਉਪਰੰਤ ਹੀ ਸ਼੍ਰੋਮਣੀ ਕਮੇਟੀ ਪਾਸੋਂ ਮੰਗੇ ਗਏ ਸੁਝਾਅ ਸਾਰਥਿਕ ਢੰਗ ਨਾਲ ਭੇਜੇ ਜਾ ਸਕਦੇ ਹਨ ਪ੍ਰੰਤੂ ਸ਼੍ਰੋਮਣੀ ਕਮੇਟੀ ਵੱਲੋਂ ਵਾਰ-ਵਾਰ ਪੱਤ੍ਰਿਕਾਵਾਂ ਲਿਖ ਕੇ ਮੰਗਿਆ ਗਿਆ ਰਿਕਾਰਡ/ਜਾਣਕਾਰੀ ਸਰਕਾਰ ਵੱਲੋਂ ਜਾਣ-ਬੁੱਝ ਕੇ ਮੁਹੱਈਆ ਨਾ ਕਰਵਾਉਣਾ ਬਹੁਤ ਹੀ ਮੰਦਭਾਗਾ ਹੈ। ਮੰਗੀ ਗਈ ਜਾਣਕਾਰੀ/ਰਿਕਾਰਡ ਸ਼੍ਰੋਮਣੀ ਕਮੇਟੀ ਨੂੰ ਮੁਹੱਈਆ ਨਾ ਕਰਵਾਉਣ ਵਾਲਾ ਵਿਵਹਾਰ ਇਹ ਦਰਸਾਉਂਦਾ ਹੈ ਕਿ ਸਿਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਸੁਝਾਅ ਦੇਣ ਲਈ ਜਾਰੀ ਕੀਤਾ ਗਿਆ ਪੱਤਰ ਮਹਿਜ ਇੱਕ ਦਿਖਾਵਾ ਹੈ।

(੨੭ ਮਾਰਚ)

ਸ਼੍ਰੋਮਣੀ ਕਮੇਟੀ ਦਾ ਵਿੱਤੀ ਵਰ੍ਹੇ ੨੦੨੬-੨੭ ਲਈ ੧੪੮੭ ਕਰੋੜ ੪੧ ਲੱਖ ਰੁਪਏ ਦਾ ਬਜਟ ਜੈਕਾਰਿਆਂ ਦੀ ਗੂੰਜ ਵਿੱਚ ਪਾਸ

ਬਜਟ ਸਰਕਾਰ ਦੇ ਮੁਕਾਬਲੇ ਕੇਵਲ ੦੧ ਫੀਸਦੀ ਤੋਂ ਘੱਟ, ਫਿਰ ਵੀ ਸ਼੍ਰੋਮਣੀ ਕਮੇਟੀ ਕਰਦੀ ਹੈ ਵੱਡੇ ਕਾਰਜ- ਐਡਵੋਕੇਟ ਧਾਮੀ

ਸਰਾਵਾਂ ਲਈ ੩੩ ਕਰੋੜ ਦੀ ਰਾਸ਼ੀ ਰੱਖਣ ਦੇ ਨਾਲ-ਨਾਲ ਪੰਥਕ ਤੇ ਲੋਕ ਭਲਾਈ ਕਾਰਜਾਂ, ਮੁਫ਼ਤ ਵਿਦਿਆ ਅਤੇ ਧਰਮ ਪ੍ਰਚਾਰ ਲਈ ਵੀ ਰੱਖਿਆ ਵਿਸ਼ੇਸ਼ ਫੰਡ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿੱਤੀ ਵਰ੍ਹੇ ੨੦੨੬-੨੭ ਲਈ ੧੪੮੭ ਕਰੋੜ ੪੧ ਲੱਖ ਦਾ ਬਜਟ ਹਾਜ਼ਰ ਮੈਂਬਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਹੋਏ ਬਜਟ ਇਜਲਾਸ ਦੀ ਪ੍ਰਧਾਨਗੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ, ਜਦ ਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ ਨੇ ਬਜਟ ਪੇਸ਼ ਕੀਤਾ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀ. ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਉਚੇਚੇ ਤੌਰ 'ਤੇ ਮੌਜੂਦ ਰਹੇ।

ਸ਼੍ਰੋਮਣੀ ਕਮੇਟੀ ਦੇ ਇਸ ਸਾਲ ਪਾਸ ਕੀਤੇ ਗਏ ੧੪੮੭ ਕਰੋੜ ੪੧ ਲੱਖ ਰੁਪਏ ਦੇ ਬਜਟ ਵਿੱਚ ਪਿਛਲੇ ਸਾਲ ਨਾਲੋਂ ੭.੨੮ ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ ਨੇ ਬਜਟ ਪੇਸ਼ ਕਰਦਿਆਂ ਵੱਖ-ਵੱਖ ਵਿਭਾਗਾਂ ਅਤੇ ਅਦਾਰਿਆਂ ਲਈ ਹੋਣ ਵਾਲੀ ਆਮਦਨ ਦੇ ਵੇਰਵੇ ਸਾਂਝੇ ਕੀਤੇ ਅਤੇ ਭਵਿੱਖੀ ਕਾਰਜਾਂ ਲਈ ਰੱਖੀ ਗਈ ਰਾਸ਼ੀ ਦਾ ਖੁਲਾਸਾ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਅਰਸੇ ਵਿਚ ਕੀਤੇ ਗਏ ਪੰਥਕ, ਵਿਦਿਅਕ, ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਕਾਰਜਾਂ ਦਾ ਵੀ ਜ਼ਿਕਰ ਕੀਤਾ। ਸ. ਸ਼ੇਰ ਸਿੰਘ ਮੰਡ ਨੇ ਬਜਟ ਪੇਸ਼ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਜਿਥੇ ਸਿੱਖ ਪੰਥ ਨਾਲ ਸੰਬੰਧਿਤ ਸ਼ਤਾਬਦੀਆਂ ਖ਼ਾਲਸਈ ਜਾਹੋ ਜਲਾਲ ਨਾਲ ਮਨਾਈਆਂ ਗਈਆਂ, ਉਥੇ ਹੀ ਸਿੱਖ ਸੰਸਥਾ ਨੇ ਧਰਮ ਪ੍ਰਚਾਰ, ਵਿੱਦਿਆ ਦੇ ਪ੍ਰਚਾਰ ਪ੍ਰਸਾਰ, ਪੰਥਕ ਕਾਰਜਾਂ ਅਤੇ ਲੋਕ ਭਲਾਈ ਵਾਸਤੇ ਅਹਿਮ ਕਾਰਜ ਕੀਤੇ ਹਨ। ਇਸ ਵਾਰ ਵੀ ਬਜਟ ਵਿੱਚ ਇਨ੍ਹਾਂ ਖੇਤਰਾਂ ਲਈ ਵਿਸ਼ੇਸ਼ ਰਾਸ਼ੀ ਦਾ ਇੰਤਜਾਮ ਕੀਤਾ ਗਿਆ ਹੈ। ਉਨ੍ਹਾਂ ਬਜਟ ਤਰਜ਼ੀਹਾਂ ਅਤੇ ਵੱਖ-ਵੱਖ ਕਾਰਜਾਂ ਲਈ ਰੱਖੀ ਰਾਸ਼ੀ ਨੂੰ ਵੇਰਵੇ ਸਹਿਤ ਦੱਸਿਆ।

ਬਜਟ ਇਜਲਾਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ

ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ ਵੱਲੋਂ ਪੇਸ਼ ਕੀਤਾ ਗਿਆ ਬਜਟ ਸੰਗਤ ਦੀਆਂ ਭਾਵਨਾਵਾਂ ਦੀ ਤਰਜਮਾਨੀ ਵਾਲਾ ਹੈ ਅਤੇ ਇਸ ਵਿੱਚ ਸੰਗਤ ਲਈ ਸਹੂਲਤਾਂ ਦਾ ਖ਼ਾਸ ਧਿਆਨ ਰੱਖਿਆ ਗਿਆ ਹੈ। ਇਸ ਤਹਿਤ ਸ੍ਰੀ ਦਰਬਾਰ ਸਾਹਿਬ ਨਾਲ ਸੰਬੰਧਿਤ ਨਵੀਆਂ ਸਰਾਵਾਂ ਦੀ ਉਸਾਰੀ ਲਈ ੩੩ ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਇਸੇ ਤਰ੍ਹਾਂ ਸਿਹਤ ਅਤੇ ਸਿੱਖਿਆ ਸੇਵਾਵਾਂ ਵਿੱਚ ਪ੍ਰਭਾਵੀ ਵਾਧਾ ਅਤੇ ਧਰਮ ਪ੍ਰਚਾਰ ਖੇਤਰ ਅੰਦਰ ਬਿਹਤਰ ਨਤੀਜੇ ਹਾਸਲ ਕਰਨ ਦਾ ਯਤਨ ਕੀਤਾ ਜਾਵੇਗਾ।

ਐਡਵੋਕੇਟ ਧਾਮੀ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਸ ਸਾਲ ਧਰਮ ਪ੍ਰਚਾਰ ਕਮੇਟੀ ਦਾ ਬਜਟ ੧੨੦ ਕਰੋੜ ਰੁਪਏ, ਜਦਕਿ ਗੁਰਦੁਆਰਾ ਸਾਹਿਬਾਨ ਦਾ ਬਜਟ ੧੧੨੭ ਕਰੋੜ ੩੪ ਲੱਖ ਰੁਪਏ ਹੈ। ਇਸੇ ਤਰ੍ਹਾਂ ਜਨਰਲ ਬੋਰਡ ਫੰਡ, ਟ੍ਰਸਟ ਫੰਡ, ਵਿਦਿਆ ਫੰਡ, ਖੇਡਾਂ, ਪ੍ਰਿੰਟਿੰਗ ਪ੍ਰੈੱਸਾਂ ਅਤੇ ਵਿਦਿਅਕ ਅਦਾਰਿਆਂ ਲਈ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਥਕ ਭਲਾਈ ਕਾਰਜਾਂ ਲਈ ੭ ਕਰੋੜ ੬੧ ਲੱਖ ਰੁਪਏ ਰੱਖੇ ਗਏ ਹਨ। ਇਸ ਤਹਿਤ ਨਿਹੰਗ ਸਿੰਘ ਜਥੇਬੰਦੀਆਂ ਦਾ ਬੰਧਾਨ, ਪੰਥਕ ਭਲਾਈ ਕਾਰਜਾਂ ਲਈ ਸਹਾਇਤਾ, ਜੇਲ੍ਹਾਂ ਵਿਚ ਬੰਦ ਸਿੰਘਾਂ ਦੇ ਕੇਸਾਂ ਦੀ ਪੈਰਵਾਈ ਅਤੇ ਵਕੀਲਾਂ ਦੀ ਫੀਸ, ਜੇਲ੍ਹਾਂ ਵਿਚ ਬੰਦ ਸਿੰਘਾਂ ਨੂੰ ਮਾਸਿਕ ਸਨਮਾਨ ਭੱਤਾ, ਸਿੱਖ ਧਰਮ ਲਈ ਕੁਰਬਾਨੀ ਕਰਨ ਵਾਲੇ ਸਿੰਘਾਂ ਦੇ ਪਰਿਵਾਰਾਂ ਨੂੰ ਪੈਨਸ਼ਨਾਂ, ਸ਼ਹੀਦ ਅਤੇ ਜ਼ਖ਼ਮੀ ਸਿੰਘਾਂ ਦੇ ਪਰਿਵਾਰਾਂ ਨੂੰ ਸਹਾਇਤਾ, ਧਰਮੀ ਫ਼ੌਜੀਆਂ, ਸਿਕਲੀਗਰ ਤੇ ਵਣਜਾਰੇ ਸਿੱਖਾਂ ਲਈ ਸਹਾਇਤਾ ਦੇ ਨਾਲ-ਨਾਲ ਪੰਥਕ ਸਮਾਜਸੇਵੀ ਜਥੇਬੰਦੀਆਂ ਅਤੇ ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਸਿੱਖੀ ਪ੍ਰਚਾਰ ਕਰਵਾਉਣ ਲਈ ਸਹਾਇਤਾ ਸ਼ਾਮਲ ਹੈ।

ਇਸੇ ਤਰ੍ਹਾਂ ਸਿੱਖ ਬੱਚਿਆਂ ਨੂੰ ਮੁਫਤ ਵਿਦਿਆ ਲਈ ੧੨ ਕਰੋੜ ੫੦ ਲੱਖ ਰੁਪਏ ਰਾਖਵੇਂ ਰੱਖੇ ਹਨ। ਇਸ ਵਿਚ ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ, ਅੰਮ੍ਰਿਤਧਾਰੀ ਲੜਕੀਆਂ ਨੂੰ ਮੁਫ਼ਤ ਵਿੱਦਿਆ, ਗ਼ਰੀਬ ਵਿਦਿਆਰਥੀਆਂ ਲਈ ਸਹਾਇਤਾ, ਨਿਸ਼ਚੈ ਅਕੈਡਮੀ ਰਾਹੀਂ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜਵਾਨਾਂ ਦੀ ਤਿਆਰੀ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਦੇ ਨਾਲ-ਨਾਲ ਪ੍ਰਸ਼ਾਸਨਿਕ ਪ੍ਰੀਖਿਆ ਦਾ ਮੁੱਢਲਾ ਟੈਸਟ ਪਾਸ ਕਰਨ ਵਾਲੇ ਗੁਰਸਿੱਖ ਵਿਦਿਆਰਥੀਆਂ ਲਈ ਮੇਨ ਦੀ ਤਿਆਰੀ ਵਾਸਤੇ ੫ ਕਰੋੜ ਰੁਪਏ ਰਾਖਵੇਂ ਕੀਤੇ ਗਏ ਹਨ। ਇਸੇ ਤਰ੍ਹਾਂ ਸਿੱਖੀ ਪ੍ਰਚਾਰ ਲਈ ੧੩ ਕਰੋੜ ੨੫ ਲੱਖ ਰੁਪਏ ਅਤੇ ਸ਼ਤਾਬਦੀ ਸਮਾਗਮਾਂ ਲਈ ੭ ਕਰੋੜ ਰੁਪਏ ਹਨ। ਇਸੇ ਤਰ੍ਹਾਂ ਖੇਡਾਂ ਲਈ ੩ ਕਰੋੜ ੧੧ ਲੱਖ ਰੁਪਏ, ਕੁਦਰਤੀ ਆਫ਼ਤਾਂ ਲਈ ੧ ਕਰੋੜ ੬੦ ਲੱਖ ਰੁਪਏ ਰੱਖੇ ਗਏ ਹਨ। ਇਸੇ ਤਰ੍ਹਾਂ ਵਿਦਿਅਕ ਸੰਸਥਾਵਾਂ ਲਈ ਸਹਾਇਤਾ ਵਜੋਂ ੬੬ ਕਰੋੜ ੭੭ ਲੱਖ ਰੁਪਏ ਦੀ ਰਾਸ਼ੀ ਰੱਖੀ ਗਈ ਹੈ, ਜਿਸ ਵਿਚ ਵਿਦਿਅਕ ਅਦਾਰਿਆਂ ਨੂੰ ਵਿੱਤੀ ਸਹਾਇਤਾ, ਢਾਂਚੇ ਦਾ ਨਵੀਨੀਕਰਨ, ਇਮਾਰਤਾਂ ਦੀ ਸਾਂਭ-ਸੰਭਾਲ, ਮੀਰੀ ਪੀਰੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ ਸ਼ਾਹਬਾਦ ਮਾਰਕੰਡਾ ਲਈ ਸਹਾਇਤਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਲਈ ਸਹਾਇਤਾ ਆਦਿ ਸ਼ਾਮਲ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬਜਟ ਦਾ ਮੁੱਖ ਸਰੋਤ ਸੰਗਤ ਵੱਲੋਂ ਭੇਟਾ ਕੀਤੀ ਜਾਂਦੀ ਰਾਸ਼ੀ ਅਤੇ ਦਸਵੰਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਤੋਂ ਬਜਟ ਦੀ ਅਨੁਮਾਨਿਤ ਰਾਸ਼ੀ 'ਚ ਵਾਧਾ ਦਰਜ ਕੀਤਾ ਜਾ ਰਿਹਾ ਹੈ, ਜੋ ਖਰਚਿਆਂ ਨੂੰ ਲੋੜ-ਅਨੁਸਾਰ ਅਤੇ ਨਿਯਮਿਤ ਕਰਨ ਦਾ ਨਤੀਜਾ ਹੈ। ਉਨ੍ਹਾਂ ਵਚਨਬੱਧਤਾ ਪ੍ਰਗਟਾਈ ਕਿ ਸਿੱਖ ਸੰਸਥਾ ਦੇ ਕਾਰਜ ਸੰਗਤ ਦੀ ਭਾਵਨਾ ਅਨੁਸਾਰ ਜਾਰੀ ਰੱਖੇ ਜਾਣਗੇ ਅਤੇ ਖਾਸ ਕਰਕੇ ਸੰਗਤੀ ਸਹੂਲਤਾਂ ਨੂੰ ਤਰਜੀਹ ਦਿੱਤੀ ਜਾਵੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਹੁਤ ਸਾਰੇ ਲੋਕਾਂ ਦਾ ਸਵਾਲ ਹੁੰਦਾ ਹੈ ਕਿ ਸ਼੍ਰੋਮਣੀ ਕਮੇਟੀ

ਦਾ ਬਜਟ ਪੰਜਾਬ ਸਰਕਾਰ ਦੇ ਬਰਾਬਰ ਹੈ, ਜਦਕਿ ਹਕੀਕਤ ਇਹ ਹੈ ਕਿ ਇਹ ਸਰਕਾਰ ਦੇ ਬਜਟ ਮੁਕਾਬਲੇ ੦੧% ਤੋਂ ਵੀ ਘੱਟ ਹੈ। ਇਹ ਕੇਵਲ ਇਕ ਵੱਡੇ ਸ਼ਹਿਰ ਦੇ ਨਿਗਮ ਦੇ ਬਰਾਬਰ ਹੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਵੀ ਗੁਰੂ ਸਾਹਿਬ ਦੀ ਰਹਿਮਤ ਸਦਕਾ ਸ਼੍ਰੋਮਣੀ ਕਮੇਟੀ ਵੱਡੇ ਕਾਰਜ ਕਰਦੀ ਹੈ। ਬਜਟ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਵੱਲੋਂ ਸ਼ੁਰੂ ਕੀਤੀ ਗਈ, ਜਦ ਕਿ ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਗੁਰਪ੍ਰੀਤ ਸਿੰਘ ਅਤੇ ਸ. ਅਜਮੇਰ ਸਿੰਘ ਖੇੜਾ ਨੇ ਵੀ ਆਪਣੇ ਵਿਚਾਰ ਰੱਖੇ।

ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਸ. ਮਿੱਠੂ ਸਿੰਘ ਕਾਹਨੇਕੇ, ਮੈਂਬਰ ਸ. ਅਮਰੀਕ ਸਿੰਘ ਜਨੈਤਪੁਰ, ਸ. ਹਰਪਾਲ ਸਿੰਘ, ਸ. ਹਰਭਜਨ ਸਿੰਘ ਮਸਾਣਾ, ਸ. ਗੁਰਮੀਤ ਸਿੰਘ ਟ੍ਰਿਲੋਕੇਵਾਲਾ, ਸ. ਜਗਸੀਰ ਸਿੰਘ ਮਾਂਗੇਆਣਾ, ਬੀਬੀ ਕਿਰਨਵੀਰ ਕੌਰ, ਸ. ਕੌਰ ਸਿੰਘ ਬਹਾਵਵਾਲਾ, ਬੀਬੀ ਪਰਮਿੰਦਰ ਕੌਰ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਦਰਸ਼ਨ ਸਿੰਘ ਸ਼ੇਰ ਖਾਂ, ਸ. ਬਲਵਿੰਦਰ ਸਿੰਘ ਭੰਮਾਂ ਲੰਡਾ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਮੀਤ ਸਿੰਘ ਬੂਹ, ਸ. ਸੁਖਜੀਤ ਸਿੰਘ ਲੋਹਗੜ੍ਹ, ਸ. ਸੁਖਹਰਪ੍ਰੀਤ ਸਿੰਘ ਰੋਡੇ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸ. ਫੁੰਮਣ ਸਿੰਘ, ਬੀਬੀ ਜੋਗਿੰਦਰ ਕੌਰ ਰਠੌਰ, ਸ. ਸੁਰਜੀਤ ਸਿੰਘ ਰਾਏਪੁਰ, ਬਾਬਾ ਬੂਟਾ ਸਿੰਘ, ਬੀਬੀ ਪਰਮਜੀਤ ਕੌਰ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ ਚੰਗਾਲ, ਸ. ਪਰਮਜੀਤ ਸਿੰਘ ਖਾਲਸਾ, ਸ. ਬਲਦੇਵ ਸਿੰਘ ਚੂੰਘਾ, ਸੰਤ ਬਲਬੀਰ ਸਿੰਘ ਘੁੰਨਸ, ਬੀਬੀ ਸ਼ਰਨਜੀਤ ਕੌਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਂਗਲਾ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਜਸਮੇਰ ਸਿੰਘ ਲਾਛੜੂ, ਬਾਬਾ ਗੁਰਪ੍ਰੀਤ ਸਿੰਘ, ਸ. ਅਵਤਾਰ ਸਿੰਘ ਰਿਆ, ਸ. ਰਘਬੀਰ ਸਿੰਘ ਸਹਾਰਨ ਮਾਜਰਾ, ਸ. ਹਰਪਾਲ ਸਿੰਘ ਜੱਲਾ, ਸ. ਗੁਰਪ੍ਰੀਤ ਸਿੰਘ ਗਰਚਾ, ਸ. ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਬੀਬੀ ਹਰਜਿੰਦਰ ਕੌਰ, ਸ. ਗੁਰਬਖ਼ਸ਼ ਸਿੰਘ ਖਾਲਸਾ, ਸ. ਕੁਲਵੀਰ ਸਿੰਘ ਬੜਾ ਪਿੰਡ, ਬੀਬੀ ਦਵਿੰਦਰ ਕੌਰ ਕਾਲੜਾ, ਬੀਬੀ ਗੁਰਮੀਤ ਕੌਰ ਭਟਨੂਰਾ, ਬੀਬੀ ਗੁਰਪ੍ਰੀਤ ਕੌਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਂਈਪੂਈਂ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਅਮਰੀਕ ਸਿੰਘ ਵਿਛੋਆ, ਬੀਬੀ ਸਵਰਨ ਕੌਰ ਤੇੜਾ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜੋਗਿੰਦਰ ਕੌਰ, ਬੀਬੀ ਜਸਬੀਰ ਕੌਰ ਜੱਫਰਵਾਲ, ਸ. ਰਵਿੰਦਰ ਸਿੰਘ ਚੱਕ, ਸ. ਤਾਰਾ ਸਿੰਘ ਤਲਵੰਡੀ, ਸ. ਸੁਰਿੰਦਰ ਸਿੰਘ ਠੇਕੇਦਾਰ, ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ, ਸ. ਸੁਖਮੀਤ ਸਿੰਘ ਕਾਦੀਆਂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਆਦਿ ਮੌਜੂਦ ਸਨ। (੨੮ ਮਾਰਚ)

ਬੀ.ਐੱਸ.ਐੱਫ. ਸਿੱਖ ਜਵਾਨ ਦੇ ਹਿਰਾਸਤੀ ਕਤਲ ਮਾਮਲੇ 'ਚ ਦੋਸ਼ੀ ਐੱਨ.ਸੀ.ਬੀ. ਅਧਿਕਾਰੀਆਂ 'ਤੇ ਹੋਵੇ ਸਖ਼ਤ ਕਾਰਵਾਈ- ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ

ਜੰਮੂ/ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਆਪਣੇ ਜੰਮੂ ਦੌਰੇ ਮੌਕੇ ਬੀਤੇ ਦਿਨੀਂ ਨਾਰਕੋਟਿਕਸ ਕੰਟ੍ਰੋਲ ਬਿਊਰੋ (ਐੱਨ.ਸੀ.ਬੀ.) ਦੀ ਹਿਰਾਸਤ ਵਿੱਚ ਅੰਮ੍ਰਿਤਸਰ ਵਿਖੇ ਤਸ਼ੱਦਦ ਕਰਕੇ ਕਤਲ ਕੀਤੇ ਗਏ ਬਾਰਡਰ ਸੁਰੱਖਿਆ ਫੋਰਸ (ਬੀ.ਐੱਸ.ਐੱਫ.) ਦੇ ਸਿੱਖ ਜਵਾਨ ਸ. ਜਸਵਿੰਦਰ ਸਿੰਘ ਦੇ ਘਰ ਪਹੁੰਚੇ। ਉਨ੍ਹਾਂ ਦੇ ਪਰਿਵਾਰ ਦੀ ਗੱਲਬਾਤ ਸੁਣੀ ਅਤੇ ਉਨ੍ਹਾਂ ਨੂੰ ਹੌਂਸਲਾ ਦਿੱਤਾ ਕਿ ਸਮੁੱਚਾ ਖ਼ਾਲਸਾ ਪੰਥ ਇਨਸਾਫ਼ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਹੈ।

ਜੰਮੂ ਦੇ ਆਰ.ਐੱਸ. ਪੁਰਾ ਖੇਤਰ ਵਿੱਚ ਮਹਲੋਵਾਲ ਵਿਖੇ ਇੱਕ ਗੁਰਮਤਿ ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਅਤੇ ਸੂਬਾ ਸਰਕਾਰ ਨੂੰ ਸ. ਜਸਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਉੱਤੇ ਐੱਨ.ਸੀ.ਬੀ ਦੀ ਹਿਰਾਸਤ ਵਿੱਚ ਬਹੁਤ ਭਾਰੀ ਤਸ਼ੱਦਦ ਕਰਕੇ ਉਨ੍ਹਾਂ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਦੇ ਸਰੀਰ ਉੱਤੇ ਪਰਿਵਾਰ ਵੱਲੋਂ ਭਾਰੀ ਤਸ਼ੱਦਦ ਦੇ ਨਿਸ਼ਾਨ ਦੇਖੇ ਗਏ ਹਨ, ਜਿਸ ਦੇ ਸਬੂਤ ਵੀ ਮੌਜੂਦ ਹਨ, ਇਸ ਲਈ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਕਤਲ ਲਈ ਐੱਨ.ਸੀ.ਬੀ. ਦੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਪਰਚਾ ਦਰਜ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਸ. ਜਸਵਿੰਦਰ ਸਿੰਘ ਨੇ ਕੋਈ ਗੁਨਾਹ ਕੀਤਾ ਸੀ ਤਾਂ ਉਸ ਲਈ ਦੇਸ਼ ਅੰਦਰ ਕਾਨੂੰਨ ਅਤੇ ਅਦਾਲਤਾਂ ਹਨ, ਉਸ ਨੂੰ ਕਾਨੂੰਨ ਅਨੁਸਾਰ ਬਣਦੀ ਸਜ਼ਾ ਦਿੱਤੀ ਜਾਂਦੀ ਨਾ ਕਿ ਇਸ ਤਰ੍ਹਾਂ ਤਸ਼ੱਦਦ ਕਰਕੇ ਕਤਲ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਐੱਨ.ਸੀ.ਬੀ. ਵੱਲੋਂ ਆਪਣੇ ਆਪ ਹੀ ਅਦਾਲਤ ਬਣ ਕੇ ਸਿੱਖ ਜਵਾਨ ਉੱਤੇ ਤਸ਼ੱਦਦ ਕਰਨਾ ਅਤੇ ਇੱਕ ਮਾਂ ਦਾ ਪੁੱਤਰ ਕਤਲ ਕਰਨਾ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਇਸ ਸਮੇਂ ਵੀ ਬੀ.ਐੱਸ.ਐੱਫ. ਵਿੱਚ ਬੰਗਲਾਦੇਸ਼ ਦੇ ਬਾਰਡਰ ਉੱਤੇ ਡਿਊਟੀ ਨਿਭਾਅ ਰਿਹਾ ਸੀ ਅਤੇ ਜਦੋਂ ਉਸ ਨੂੰ ਐੱਨ.ਸੀ.ਬੀ. ਨੇ ਚੁੱਕਿਆ ਤਾਂ ਉਹ ਛੁੱਟੀ ਕੱਟਣ ਘਰ ਆਇਆ ਹੋਇਆ ਸੀ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਵਰਤਾਰਾ ਹੈ ਕਿ ਦੇਸ਼ ਦੇ ਬਾਰਡਰ ਦੀ ਰੱਖਿਆ ਕਰਦਾ ਸਿੱਖ ਜਵਾਨ ਵੀ ਸੁਰੱਖਿਅਤ ਨਹੀਂ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਪੂਰੇ ਮਾਮਲੇ ਵਿੱਚ ਸਥਿਤੀ ਸਪੱਸ਼ਟ ਕਰਦਿਆਂ ਦੋਸ਼ੀ ਐੱਨ.ਸੀ.ਬੀ. ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅਜਿਹੇ ਮਸਲਿਆਂ ਉੱਤੇ ਜੰਮੂ ਦੇ ਸਮੂਹ ਸਿੱਖਾਂ ਨੂੰ ਇਕਜੁੱਟ ਹੋ ਕੇ ਅਵਾਜ਼ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਅੱਜ ਸ. ਜਸਵਿੰਦਰ ਸਿੰਘ ਨਾਲ ਅਜਿਹਾ ਹੋਇਆ ਹੈ ਤਾਂ ਕੱਲ੍ਹ ਕਿਸੇ ਹੋਰ ਨਾਲ ਵੀ ਅਜਿਹੀ ਘਟਨਾ ਵਾਪਰ ਸਕਦੀ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਦੋਸ਼ੀ ਐੱਨ.ਸੀ.ਬੀ. ਅਧਿਕਾਰੀਆਂ ਦੇ ਵਿਰੁੱਧ ਸਰਕਾਰ ਵੱਲੋਂ ਕਾਰਵਾਈ ਨਾ ਕੀਤੀ ਗਈ ਤਾਂ ਸਮੁੱਚਾ ਖ਼ਾਲਸਾ ਪੰਥ ਇਸ ਮਾਮਲੇ ਵਿੱਚ ਆਪਣੀ ਅਵਾਜ਼ ਬੁਲੰਦ ਕਰੇਗਾ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਹੁਣ ਤੱਕ

ਜੰਮੂ ਇਲਾਕੇ ਦੇ ਕਿਸੇ ਵੀ ਰਾਜਨੀਤਕ ਆਗੂ ਨੇ ਸ. ਜਸਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਅਵਾਜ਼ ਨਹੀਂ ਉਠਾਈ।

ਡੀਜੀਪੀਸੀ ਜੰਮੂ ਦੇ ਪ੍ਰਧਾਨ ਸ. ਰਣਜੀਤ ਸਿੰਘ ਟੌਹੜਾ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ, ਸਿੰਘ ਸਾਹਿਬ ਦੇ ਨਿਜੀ ਸਹਾਇਕ ਸ. ਬਲਦੇਵ ਸਿੰਘ, ਮੀਤ ਸਕੱਤਰ ਡੀਜੀਪੀਸੀ ਜੰਮੂ ਸ. ਰਣਵੀਰ ਸਿੰਘ, ਇੰਚਾਰਜ ਧਰਮ ਪ੍ਰਚਾਰ ਡੀਜੀਪੀਸੀ ਜੰਮੂ ਸ. ਗੁਰਮੀਤ ਸਿੰਘ, ਸ. ਰਵਿੰਦਰ ਸਿੰਘ, ਸ. ਸਵਰਨ ਸਿੰਘ, ਸ. ਜਤਿੰਦਰ ਸਿੰਘ ਆਦਿ ਮੌਜੂਦ ਸਨ। (੨੯ ਮਾਰਚ)

ਜਥੇਦਾਰ ਗਿ. ਕੁਲਦੀਪ ਸਿੰਘ ਗੜਗੱਜ ਵੱਲੋਂ ਭਾਈ ਮੱਖਣ ਸ਼ਾਹ ਲੁਬਾਣਾ ਜੀ ਦੀ ਯਾਦਗਾਰ ਦਾ ਉਦਘਾਟਨ

ਰਾਜੌਰੀ/ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਪਣੇ ਜੰਮੂ ਦੌਰੇ ਮੌਕੇ ਰਾਜੌਰੀ ਖੇਤਰ ਦੇ ਬਥੂਨੀ ਪਿੰਡ ਵਿਖੇ ਭਾਈ ਮੱਖਣ ਸ਼ਾਹ ਲੁਬਾਣਾ ਦੀ ਯਾਦਗਾਰ ਵਜੋਂ ਸਥਾਨਕ ਸੰਗਤ ਵੱਲੋਂ ਤਿਆਰ ਕੀਤੀ ਗਈ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦਾ ਉਦਘਾਟਨ ਕੀਤਾ। ਇਸ ਮੌਕੇ ਗੁਰਦੁਆਰਾ ਯਾਦਗਾਰ ਭਾਈ ਮੱਖਣ ਸ਼ਾਹ ਲੁਬਾਣਾ ਜੀ ਦੀ ਪ੍ਰਬੰਧਕ ਕਮੇਟੀ ਅਤੇ ਸਿੱਖ ਨੌਜਵਾਨ ਸਭਾ ਜੰਮੂ ਕਸ਼ਮੀਰ ਵੱਲੋਂ ਸਾਂਝੇ ਤੌਰ ਉੱਤੇ 'ਖੁਆਰ ਹੋਇ ਸਭਿ ਮਿਲੈਂਗੇ' ਲਹਿਰ ਤਹਿਤ ਬਥੂਨੀ ਪਿੰਡ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀ ਸਿੱਖ ਸੰਗਤ ਨੇ ਭਰਵੀਂ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ ਦੇ ਰਾਗੀ ਜਥੇ ਨੇ ਰਸ-ਭਿੰਨਾ ਕੀਰਤਨ ਕਰਕੇ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਐਤਵਾਰ ਰਾਤ ਬਥੂਨੀ ਪੁੱਜਣ ਉੱਤੇ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿੱਚ ਭਰਵਾਂ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਸ ਇਲਾਕੇ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਵਸੋਂ ਮੌਜੂਦ ਹੈ। ਸੰਨ ੧੯੪੭-੪੮ ਵਿੱਚ ਇੱਥੇ ਕਬਾਈਲੀਆਂ ਨੇ ਹਮਲਾ ਕੀਤਾ ਸੀ ਉਦੋਂ ਸੈਂਕੜੇ ਸਿੱਖ ਆਪਣੇ ਇਲਾਕੇ ਅਤੇ ਧਰਮ ਦੀ ਰਾਖੀ ਕਰਦੇ ਹੋਏ ਸ਼ਹੀਦੀਆਂ ਪ੍ਰਾਪਤ ਕਰ ਗਏ ਸਨ। ਉਨ੍ਹਾਂ ਇਲਾਕੇ ਦੀ ਸਿੱਖ ਸੰਗਤ ਨੂੰ ਆਪਸ ਵਿੱਚ ਮਿਲਜੁਲ ਕੇ ਚੜ੍ਹਦੀ ਕਲਾ ਨਾਲ ਰਹਿਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਖ਼ਾਲਸਾ ਇਹ ਅਰਦਾਸ ਕਰਦਾ ਹੈ ਕਿ ਜਿੱਥੇ-ਜਿੱਥੇ ਵੀ ਖ਼ਾਲਸਾ ਵੱਸਦਾ ਹੈ ਅਕਾਲ ਪੁਰਖ ਉਨ੍ਹਾਂ ਦੀ ਆਪ ਰੱਖਿਆ ਕਰੇ, ਭਾਵੇਂ ਸਿੱਖ ਦੇਸ਼ ਦੁਨੀਆ ਦੇ ਵੱਖ-ਵੱਖ ਕੋਨਿਆਂ ਵਿੱਚ ਵੱਸਦੇ ਹਨ ਪਰੰਤੂ ਉਹ ਇੱਕ ਪਰਿਵਾਰ ਹਨ। ਉਨ੍ਹਾਂ ਸੰਗਤ ਨੂੰ ਇੱਕ ਦੂਜੇ ਦਾ ਸਾਥ ਦੇਣ ਦੀ ਪ੍ਰੇਰਣਾ ਵੀ ਕੀਤੀ। (੩੦ ਮਾਰਚ)

ਸ਼੍ਰੋਮਣੀ ਕਮੇਟੀ ਦੇ ਸੇਵਾ ਮੁਕਤ ਹੋ ਚੁੱਕੇ ਅਧਿਕਾਰੀ ਤੇ ਕਰਮਚਾਰੀ ਭਲਾਈ ਫੰਡ ਸਕੀਮ ਤਹਿਤ ਸਨਮਾਨਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸੇਵਾ ਮੁਕਤ ਹੋ ਚੁੱਕੇ ਅਧਿਕਾਰੀ ਤੇ ਕਰਮਚਾਰੀਆਂ ਨੂੰ ਮੁਲਾਜ਼ਮ ਭਲਾਈ ਫੰਡ ਸਕੀਮ ਤਹਿਤ ਅੱਜ ਸਨਮਾਨਿਤ ਕੀਤਾ ਗਿਆ। ਇਨ੍ਹਾਂ ਸਾਬਕਾ ਮੁਲਾਜ਼ਮਾਂ ਵਿਚ ਮੀਤ ਸਕੱਤਰ ਸ. ਗੁਰਚਰਨ ਸਿੰਘ ਕੋਹਾਲਾ, ਪ੍ਰੋ. ਸੁਖਦੇਵ ਸਿੰਘ, ਮੈਨੇਜਰ ਸ. ਹਰਪ੍ਰੀਤ ਸਿੰਘ, ਸਹਾਇਕ ਸੁਪਰਵਾਈਜ਼ਰ ਸ. ਗੁਰਦੇਵ ਸਿੰਘ, ਗੁਰਦੁਆਰਾ ਇੰਸਪੈਕਟਰ ਸ. ਸੂਰਤ ਸਿੰਘ, ਖ਼ਜ਼ਾਨਚੀ ਸ. ਸ਼ਮਸ਼ੇਰ ਸਿੰਘ ਤੇ ਸੇਵਾਦਾਰ ਭਾਈ ਬਲਜੀਤ ਸਿੰਘ ਸ਼ਾਮਲ ਸਨ। ਭਾਈ ਗੁਰਦਾਸ ਹਾਲ ਵਿਖੇ ਕੀਤੇ ਗਏ ਸਮਾਗਮ ਦੌਰਾਨ ਇਨ੍ਹਾਂ ਮੁਲਾਜ਼ਮਾਂ ਨੂੰ ਸਿਰੋਪਾਓ, ਸ੍ਰੀ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ

ਦੀ ਤਸਵੀਰ ਤੇ ਮੁਲਾਜ਼ਮ ਭਲਾਈ ਸਕੀਮ ਤਹਿਤ ੪੧-੪੧ ਹਜ਼ਾਰ ਰੁਪਏ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਕਿਹਾ ਕਿ ਸਿੱਖ ਪੰਥ ਦੀ ਮਹਾਨ ਸੰਸਥਾ ਸ਼੍ਰੋਮਣੀ ਕਮੇਟੀ ਦੀਆਂ ਸੇਵਾਵਾਂ ਵਿਚ ਕਰਮਚਾਰੀਆਂ ਦਾ ਵੱਡਾ ਯੋਗਦਾਨ ਹੁੰਦਾ ਹੈ ਅਤੇ ਨਵੇਂ ਮੁਲਾਜ਼ਮਾਂ ਨੂੰ ਸੇਵਾ ਮੁਕਤ ਹੋਏ ਅਧਿਕਾਰੀਆਂ ਦੇ ਤਜ਼ਰਬੇ ਤੋਂ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਨਵੇਂ ਮੁਲਾਜ਼ਮਾਂ ਨੂੰ ਮੁਲਾਜ਼ਮ ਭਲਾਈ ਸਕੀਮ ਦੇ ਮੈਂਬਰ ਬਣਨ ਲਈ ਵੀ ਪ੍ਰੇਰਿਆ।

ਇਸ ਮੌਕੇ ਵਧੀਕ ਸਕੱਤਰ ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਬਲਵਿੰਦਰ ਸਿੰਘ ਖੈਰਾਬਦ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਬਲਜੀਤ ਸਿੰਘ, ਸਾਬਕਾ ਮੈਨੇਜਰ ਸ. ਹਰਬੰਸ ਸਿੰਘ ਮੱਲ੍ਹੀ, ਸ. ਸੁਖਰਾਜ ਸਿੰਘ, ਸ. ਪਰਮਜੀਤ ਸਿੰਘ, ਸ. ਪਰਵਿੰਦਰ ਸਿੰਘ ਡੰਡੀ, ਸ. ਗੁਰਦੀਪ ਸਿੰਘ, ਸ. ਪਿਆਰਾ ਸਿੰਘ ਤੋਂ ਇਲਾਵਾ ਸੇਵਾ ਮੁਕਤ ਅਧਿਕਾਰੀਆਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ। (੩੦ ਮਾਰਚ)

ਐਡਵੋਕੇਟ ਧਾਮੀ ਨੇ ਹਰਿਆਣਾ ਪੁਲਿਸ ਵੱਲੋਂ ਸ. ਰਘੂਜੀਤ ਸਿੰਘ ਵਿਰਕ ਸ. ਬਲਦੇਵ ਸਿੰਘ ਕਾਇਮਪੁਰ ਤੇ ਹੋਰਾਂ 'ਤੇ ਪਰਚਾ ਦਰਜ ਕਰਨ ਦੀ ਕੀਤੀ ਨਿੰਦਾ

ਕਿਹਾ ਸਰਕਾਰ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ 'ਤੇ ਪਰਚਾ ਦਰਜ ਕਰਕੇ ਦੋਸ਼ੀਆਂ ਦੇ ਹੱਕ ਵਿੱਚ ਭੁਗਤ ਰਹੀ ਹੈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਪੁਲਿਸ ਵੱਲੋਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ ਸਮੇਤ ਹੋਰਾਂ ਤੇ ਪਰਚਾ ਦਰਜ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੁਲਿਸ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਤੇ ਜ਼ਬਰੀ ਕਬਜ਼ਾ ਕਰਨ ਆਏ ਬਲਜੀਤ ਸਿੰਘ ਦਾਦੂਵਾਲ ਤੇ ਉਸ ਦੇ ਸਾਥੀਆਂ ਨੂੰ ਗ੍ਰਿਫਤਾਰ ਕਰਨ ਦੀ ਥਾਂ ਸੰਸਥਾ ਦੇ ਨੁਮਾਇੰਦਿਆਂ ਤੇ ਪਰਚਾ ਦਰਜ ਕਰਕੇ ਦੋਸੀਆਂ ਦੇ ਹੱਕ ਵਿੱਚ ਭੁਗਤ ਰਹੀ ਹੈ। ਉਨ੍ਹਾਂ ਕਿਹਾ ਕਿ ਇੰਜ ਲਗਦਾ ਹੈ ਕਿ ਸਰਕਾਰਾਂ ਅਜਿਹੇ ਲੋਕਾਂ ਦੀ ਧੱਕੇਸ਼ਾਹੀ ਰੋਕਣ ਦੀ ਥਾਂ ਮੂਕ ਸਹਿਮਤੀ ਦੇ ਰਹੀਆਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਮੈਡੀਕਲ ਕਾਲਜ ਹਰਿਆਣਾ ਦੇ ਲੋਕਾਂ ਦੀ ਸਹੂਲਤ ਲਈ ਕਾਰਜਸ਼ੀਲ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਦੀ ਸਹਾਇਤਾ ਲਈ ਹਰ ਸਾਲ ਕਰੋੜਾਂ ਰੁਪਏ ਦਿੰਦੀ ਹੈ। ਉਨ੍ਹਾਂ ਹਰਿਆਣਾ ਸਰਕਾਰ ਨੂੰ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਤੇ ਕੀਤੀ ਐਫ.ਆਈ.ਆਰ. ਤੁਰੰਤ ਰੱਦ ਕੀਤੀ ਜਾਵੇ ਅਤੇ ਜਬਰੀ ਕਬਜ਼ਾ ਕਰਨ ਦੀ ਹਰਕਤ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਯਕੀਨੀ ਬਣਾਈ ਜਾਵੇ। (੩੦ ਮਾਰਚ)

ਬੇਅਦਬੀ ਬਾਰੇ ਕਾਨੂੰਨ ਬਣਾਉਣ ਦੇ ਮਾਮਲੇ 'ਚ ਸ਼੍ਰੋਮਣੀ ਕਮੇਟੀ ਨੇ ਸਿੱਖ ਜਥੇਬੰਦੀਆਂ ਦੀ ੬ ਅਪ੍ਰੈਲ ਨੂੰ ਸੱਦੀ ਇਕੱਤਰਤਾ

ਸ਼੍ਰੋਮਣੀ ਕਮੇਟੀ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੀ ਮੁੱਦਈ, ਪਰ ਪੰਥਕ ਰਾਇ ਨਾਲ ਬਣੇ ਕਾਨੂੰਨ- ਐਡਵੋਕੇਟ ਧਾਮੀ

ਚੰਡੀਗੜ੍ਹ/ ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਸਰਕਾਰ ਦੁਆਰਾ ਬੇਅਦਬੀਆਂ ਸੰਬੰਧੀ ਕਾਨੂੰਨ ਬਣਾਏ ਜਾਣ ਦੇ ਸੰਬੰਧ ਵਿੱਚ ੬ ਅਪ੍ਰੈਲ ੨੦੨੬ ਨੂੰ ਸਵੇਰੇ ੧੧ ਵਜੇ ਸ਼੍ਰੋਮਣੀ ਕਮੇਟੀ

ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਮੁੱਚੀਆਂ ਸਿੱਖ ਜਥੇਬੰਦੀਆਂ ਦੀ ਇਕੱਤਰਤਾ ਬੁਲਾਈ ਹੈ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਚੰਡੀਗੜ੍ਹ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ ਨਾਲ ਮੀਟਿੰਗ ਮਗਰੋਂ ਮੀਡੀਆ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬੇਹੱਦ ਸੰਜੀਦਾ ਮਾਮਲਾ ਹੈ, ਜਿਸ ਉੱਤੇ ਸਾਂਝੀ ਪੰਥਕ ਰਾਇ ਜਰੂਰੀ ਹੈ। ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ, ਸਿੱਖ ਜੱਜਾਂ ਤੇ ਵਕੀਲਾਂ, ਸਿੱਖ ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ, ਸਿੱਖ ਫੈਡਰੇਸ਼ਨਾਂ, ਸਮੂਹ ਸਿੱਖ ਸੰਪਰਦਾਵਾਂ ਦੇ ਮੁਖੀਆਂ, ਨਿਰਮਲੇ, ਉਦਾਸੀ, ਸੇਵਾ ਪੰਥੀ ਤੇ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨਾਲ ਸਾਂਝੀ ਇਕੱਤਰਤਾ ੬ ਅਪ੍ਰੈਲ ੨੦੨੬ ਨੂੰ ਸਵੇਰੇ ੧੧:੦੦ ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤੀ ਜਾਵੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਚਾਹੁੰਦੀ ਹੈ ਕਿ ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ ਬਣੇ ਤਾਂ ਜੋ ਇਸ ਦਾ ਪੱਕਾ ਤੇ ਸਾਰਥਿਕ ਹੱਲ ਕੱਢਿਆ ਜਾ ਸਕੇ, ਪਰੰਤੂ ਪੰਜਾਬ ਸਰਕਾਰ ਇਸ ਬਾਰੇ ਸਪੱਸ਼ਟ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਧਾਰਮਿਕ ਗ੍ਰੰਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵੱਡਾ ਫਰਕ ਹੈ। ਇਹ ਜਾਗਤ ਜੋਤਿ ਗੁਰੂ ਹਨ ਜਿਨ੍ਹਾਂ ਨੂੰ ਗੁਰਿਆਈ ਗੁਰੂ ਸਾਹਿਬ ਨੇ ਆਪ ਦਿੱਤੀ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜਾਗਤ ਜੋਤਿ ਗੁਰੂ ਵਜੋਂ ਆਭਾ, ਵਡਿਆਈ ਤੇ ਮਹਾਨਤਾ ਦੀ ਵਚਨਬੱਧਤਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸੇ ਦੇ ਮੱਦੇਨਜ਼ਰ ਕੌਮੀ ਰਾਇ ਬਣਾਉਣ ਲਈ ਸਮੂਹ ਸਿੱਖ ਜਥੇਬੰਦੀਆਂ ਤੇ ਸੰਸਥਾਵਾਂ ਦੀ ਇਕੱਤਰਤਾ ਬੁਲਾਈ ਗਈ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ "ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਲਈ ਸਲੈਕਟ ਕਮੇਟੀ ਬਣਾਈ ਸੀ ਜਿਸ ਵੱਲੋਂ ਮੰਗੇ ਸੁਝਾਅ ਲਈ ਸ਼੍ਰੋਮਣੀ ਕਮੇਟੀ ਦੀ ਉਚ ਪੱਧਰੀ ਕਮੇਟੀ ਨੇ ਕਈ ਵਾਰ ਰਾਬਤਾ ਕਰਕੇ ਕੁਝ ਜਵਾਬ ਮੰਗੇ ਸਨ। ਵਾਰ-ਵਾਰ ਪੱਤਰ ਲਿਖਣ ਮਗਰੋਂ ਵੀ ਸਰਕਾਰ ਨੇ ਕਿਸੇ ਤਰ੍ਹਾਂ ਦੀ ਜਾਣਕਾਰੀ ਨਹੀਂ ਦਿੱਤੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਜਾਗਤ ਜੋਤਿ ਐਕਟ ੨੦੦੮ ਵਿੱਚ ਸੋਧ ਦੀ ਗੱਲ ਕਰਕੇ ਨਵੀਂ ਦੁਬਿਧਾ ਖੜ੍ਹੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸੰਦਰਭ ਨੂੰ ਵੀ ਵਿਚਾਰਨਾ ਬੇਹੱਦ ਜਰੂਰੀ ਹੈ ਕਿ ਸਰਕਾਰ ਵੱਲੋਂ ਬਣਾਇਆ ਜਾਣ ਵਾਲਾ ਕਾਨੂੰਨ ਕੇਵਲ ਪੰਜਾਬ ਸੂਬੇ ਤੱਕ ਲਾਗੂ ਰਹੇਗਾ ਜਦਕਿ ਦੂਜੇ ਸੂਬਿਆਂ ਵਿਚ ਜੇਕਰ ਬੇਅਦਬੀ ਦੀ ਘਟਨਾ ਵਾਪਰਦੀ ਹੈ ਤਾਂ ਇਸ ਨੂੰ ਉਥੇ ਲਾਗੂ ਕਿਵੇਂ ਕੀਤਾ ਜਾਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਸੀਂ ਸਖ਼ਤ ਕਾਨੂੰਨ ਦੇ ਹਮੇਸ਼ਾ ਮੁੱਦਈ ਰਹੇ ਹਾਂ ਅਤੇ ਹੁਣ ਵੀ ਇਹੋ ਮੰਗ ਕਰਦੇ ਹਾਂ ਕਿ ਇੱਕ ਕੌਮੀ ਰਾਏ ਬਣਾ ਕੇ ਇਸ ਨੂੰ ਅੰਜਾਮ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਸਦੀ ਗਈ ਇਕੱਤਰਤਾ ਲਈ ਸਾਰੀਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਦਾ ਪੱਤਰ ਵੀ ਭੇਜਿਆ ਜਾਵੇਗਾ। ਉਨ੍ਹਾਂ ਸਮੂਹ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਨੂੰ ਅਪੀਲ ਕੀਤੀ ਕਿ ਉਹ ੬ ਅਪ੍ਰੈਲ ਨੂੰ ਮੀਟਿੰਗ ਵਿੱਚ ਜਰੂਰ ਸ਼ਾਮਲ ਹੋਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਅਜਮੇਰ ਸਿੰਘ ਖੇੜਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਹਰਭਜਨ ਸਿੰਘ ਮਸਾਣਾ,

ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਲਖਵੀਰ ਸਿੰਘ ਆਦਿ ਮੌਜੂਦ ਸਨ। (੩੦ ਮਾਰਚ)

ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਪਲਵਿੰਦਰ ਸਿੰਘ ਤੇ ਹੋਰ ਮੁਲਾਜ਼ਮਾਂ ਨੂੰ ਸੇਵਾ ਮੁਕਤ ਹੋਣ 'ਤੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅੱਜ ਸੇਵਾ ਮੁਕਤ ਹੋਏ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਪਲਵਿੰਦਰ ਸਿੰਘ ਤੇ ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸੇਵਾ ਮੁਕਤ ਹੋਏ, ਇਨ੍ਹਾਂ ਅਧਿਕਾਰੀਆਂ ਵੱਲੋਂ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਚੰਗੇਰੇ ਭਵਿੱਖ ਲਈ ਅਰਦਾਸ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਭਾਈ ਅਜੈਬ ਸਿੰਘ ਅਭਿਆਸੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਿਚ ਸੇਵਾ ਨਿਭਾਉਣ ਵਾਲੇ ਬਹੁਤ ਸਾਰੇ ਪਰਿਵਾਰ ਉਨ੍ਹਾਂ ਸ਼ਹੀਦਾਂ ਦੀ ਵਿਰਾਸਤ ਹਨ, ਜਿਨ੍ਹਾਂ ਨੇ ਕੌਮ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਸੇਵਾਮੁਕਤ ਹੋਏ, ਇਨ੍ਹਾਂ ਮੁਲਾਜ਼ਮਾਂ ਨੇ ਆਪਣੇ ਜ਼ਿੰਮੇ ਲੱਗੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਨੂੰ ਸਹਿਯੋਗ ਕਰਦੇ ਰਹਿਣਗੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਖਹਰਪ੍ਰੀਤ ਸਿੰਘ ਰੋਡੇ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਮੇਜਰ ਸਿੰਘ, ਸ. ਪ੍ਰਜਿੰਦਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਬਲਦੇਵ ਸਿੰਘ, ਸ. ਗੁਰਪ੍ਰੀਤ ਸਿੰਘ ਰੋਡੇ, ਸ. ਰਾਜਪਾਲ ਸਿੰਘ, ਸ. ਉਮਕਾਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ। (੩੧ ਮਾਰਚ)

ਹਿਸਾਬ-ਕਿਤਾਬ

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਫਰਵਰੀ ੨੦੨੬

ਸੀ: ਨੰ:	ਨਾਮ ਖਾਤਾ	ਪੰਨਾ	ਨਾਮ	ਜਮ੍ਹਾਂ
੧	ਧਾਰਮਿਕ ਫੰਡ ੮੫	੫੩	੦.੦੦	੧੫੧੯੨੪੬੨੮.੦੦
੨	ਧਾਰਮਿਕ ਫੰਡ ੮੭	੯੧	੦.੦੦	੩੫੧੮੮੪੮.੦੦
੩	ਪ੍ਰਚਾਰ ਸਹਾਇਤਾ	੧੩੪	੦.੦੦	੫੪੮੯੦੦.੦੦
੪	ਧਾਰਮਿਕ ਪ੍ਰੀਖਿਆ ਵਜੀਫੇ/ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ	੧੮੧	੧੬੦੭੫੭.੦੦	੫੨੨੧੦.੦੦
੫	ਧਾਰਮਿਕ ਵਿਦਿਆ	੨੧੪	੨੩੬੦੦੭.੦੦	੦.੦੦
੬	ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ)	੨੪੪	੧੭੭੪੮੪੧.੦੦	੯੦੨੫੧.੦੦
੭	ਗੁਰਮਤਿ ਗਿਆਨ ਹਿੰਦੀ	੨੬੮	੫੩੨੫੮੬.੦੦	੧੧੦੯੦.੦੦
੮	ਧਰਮ ਤੇ ਅੰਮ੍ਰਿਤ ਪ੍ਰਚਾਰ	੨੮੬	੭੯੭੬੫੪.੦੦	੦.੦੦
੯	ਕਿਰਾਇਆ ਦੁਕਾਨਾਂ ਸਿੱਖ ਮਿਸ਼ਨ ਛੱਤੀਸਗੜ੍ਹ	੨੯੬	੦.੦੦	੯੫੦੦੦.੦੦
੧੦	ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ	੩੦੬	੦.੦੦	੧੪੭੦੮੫.੦੦
੧੧	ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼ਰੀਦ)	੩੧੮	੫੨੪੫੫੯.੦੦	੦.੦੦
੧੨	ਆਡਿਟ ਫੀਸ ਅਤੇ ਇੰਟਰਨਲ ਆਡਿਟ ਫੀਸ	੩੩੫	੩੦੦੦੦.੦੦	੦.੦੦
੧੩	ਤਨਖਾਹ ਸਟਾਫ ਦਫਤਰ	੩੪੫	੪੯੭੮੨੬੦.੦੦	੬੯੩੫.੦੦
੧੪	ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ	੩੪੯	੬੧੭੭੦੬.੦੦	੦.੦੦
੧੫	ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼	੩੫੬	੯੫੩੨੬੭.੦੦	੦.੦੦
੧੬	ਤਨਖਾਹ ਧਾਰਮਿਕ ਟੀਚਰ	੩੬੫	੨੦੦੪੨੫੩.੦੦	੦.੦੦
੧੭	ਡਾਕ ਤੇ ਤਾਰ ਖਰਚ	੩੭੨	੫੦੦.੦੦	੦.੦੦
੧੮	ਫਿਲਮਾਂ ਰਾਹੀਂ ਪ੍ਰਚਾਰ (ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ: ਖ: ਆਦਿ)	੩੮੬	੨੫੩੫੮੬.੦੦	੦.੦੦
੧੯	ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ)	੪੨੨	੨੪੪੩੯੬.੦੦	੦.੦੦
੨੦	ਟੈਲੀਫੋਨ	੪੩੯	੯੪੩੩.੦੦	੦.੦੦
੨੧	ਮੁਰੰਮਤ ਸਾਮਾਨ ਦਫਤਰ	੪੪੫	੨੫੦.੦੦	੦.੦੦
੨੨	ਐਂਟਰਟੇਨਮੈਂਟ (ਆਉ ਭਗਤ)	੪੬੨	੨੮੩੩੭.੦੦	੦.੦੦
੨੩	ਵਰਦੀਆਂ ਮੁਲਾਜਮਾਂ	੪੭੨	੨੪੦੦.੦੦	੦.੦੦
੨੪	ਸਫਰ ਖਰਚ ਮੁਲਾਜਮਾਂ	੪੮੭	੩੧੪੦੫.੦੦	੦.੦੦

੨੫	ਫੁਟਕਲ ਦਫਤਰ ਤੇ ਰੋਸ਼ਨੀ	੬੧੯	੬੨੮੪੪੯.੩੦	੧੨.੩੦
੨੬	ਬੀਮਾ ਗੱਡੀਆਂ ਤੇ ਕੈਸ਼	੫੧੮	੩੩੫੫੭.੦੦	੦.੦੦
੨੭	ਬੀਮਾ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ	੫੩੧	੫੮੪.੧੦	੧੧੧੮੬.੭੦
੨੮	ਬੀਮਾ ਪੇਸ਼ਗੀ ਮੁਲਾਜਮਾਂ ਮੈਡੀਕਲੇਮ	੫੪੬	੧੧੬੪੬.੬੦	੭੦੪੫੪੬.੦੦
੨੯	ਸ਼ਤਾਬਦੀਆਂ ਸਮਾਰੋਹ	੧੮੬੭	੬੧੮੬੬੧.੦੦	੦.੦੦
੩੦	ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ	੬੩੬	੮੭੩੦੦੧.੦੦	੨੬੫੫੦.੦੦
੩੧	ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ ਮਿਸ਼ਨਰੀ ਕਾਲਜ, ਰਾਜਸਥਾਨ	੬੪੧	੨੩੬੪੦੭.੦੦	੦.੦੦
੩੨	ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ, ਗੁਰੂ ਕੀ ਵਡਾਲੀ	੬੫੩	੩੫੭੪੦੭.੦੦	੦.੦੦
੩੩	ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ)	੬੬੭	੪੬੬੭੬੫.੦੦	੬੬੬੩.੦੦
੩੪	ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ	੬੭੨	੨੬੬੩੫੬.੦੦	੦.੦੦
੩੫	ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ)	੬੬੩	੩੦੬੬੧੬.੦੦	੦.੦੦
੩੬	ਸਬ-ਆਫਿਸ ਸ੍ਰੀ ਅਨੰਦਪੁਰ ਸਾਹਿਬ	੬੬੨	੧੫੩੭੫੫੭.੦੦	੨੫੦੦੦.੦੦
੩੭	ਸਬ-ਆਫਿਸ ਤਲਵੰਡੀ ਸਾਬੋ ਕੀ ਬਠਿੰਡਾ	੧੬੨੧	੩੩੮੨੪੬੬.੦੦	੧੫੩੧੬.੦੦
੩੮	ਸ਼ਹੀਦ ਸੰਗੀਤ ਵਿਦਿਆਲਾ ਬਾਦੀਆਂ ਸ੍ਰੀ ਮੁਕਤਸਰ ਸਾਹਿਬ ਤਨ:, ਸ:ਖ: ਤੇ ਫੁਟ: ਆਦਿ	੭੦੪	੬੮੩੮੪.੦੦	੦.੦੦
੩੯	ਸੰਤ ਕਰਤਾਰ ਸਿੰਘ ਖਾਲਸਾ ਸਿੱਖ ਮਿਸ਼ਨਰੀ ਕਾਲਜ ਭੂਰਾ ਕੋਹਨਾ ਤਰਨਤਾਰਨ ਤਨ:, ਸ:ਖ: ਤੇ ਫੁਟ: ਆਦਿ	੭੦੬	੩੩੭੪੮੫.੦੦	੦.੦੦
੪੦	ਸ. ਜੱਸਾ ਸਿੰਘ ਆਹਲੂਵਾਲੀਆ ਗੁਰ: ਸੰਗ: ਵਿਦਿ: ਕਾਲਾ ਮਲ੍ਹਾ ਛਾਪਾ ਬਰਨਾਲਾ ਤਨ:, ਸ:ਖ: ਤੇ ਫੁਟ:ਆਦਿ	੭੧੫	੨੧੫੫੮੬.੦੦	੦.੦੦
੪੧	ਬੇਬੇ ਨਾਨਕੀ ਸਿੱਖ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ, ਕਪੂਰਥਲਾ ਤਨ:, ਸ:ਖ: ਤੇ ਫੁਟ:ਆਦਿ	੭੨੨	੫੪੭੪੭੩.੦੦	੦.੦੦
੪੨	ਸ਼ਹੀਦ ਬਾਬਾ ਦੀਪ ਸਿੰਘ ਜੀ ਗੁਰ: ਵਿਦਿ: ਬਰਨਾਲਾ (ਬਖਸ਼ੀ ਵਾਲੀ ਕੋਠੀ) ਤਨ:, ਸ:ਖ: ਤੇ ਫੁਟ:ਆਦਿ	੭੩੦	੨੫੪੬੫੧.੦੦	੦.੦੦
੪੩	ਗੁਰੂ ਨਾਨਕ ਗੁਰਮਤਿ ਸਿਖਲਾਈ ਵਿਦਿ: ਡੇਰਾ ਬਾਬਾ ਨਾਨਕ, ਗੁਰਦਾਸਪੁਰ ਤਨ:, ਸ:ਖ: ਤੇ ਫੁਟ:ਆਦਿ	੭੩੭	੨੫੧੬੬੬.੦੦	੦.੦੦
੪੪	ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ	੭੪੨	੧੧੦੬੬੪.੦੦	੦.੦੦
੪੫	ਜਥੇ. ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ਼, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ)	੭੫੬	੧੧੪੩੬੭੦.੦੦	੩੧੬੪੧.੦੦
੪੬	ਤਨਖਾਹ ਭਾਈ ਨਗਾਹੀਆ ਜੀ ਪਬ: ਸਕੂਲ ਫਾਰ ਡੈਫ ਆਲਮਗੀਰ, ਲੁਧਿਆਣਾ	੭੮੬	੩੧੬੮੦੧.੦੦	੦.੦੦
੪੭	ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ			

	ਪੰਜਾਬ ਪ੍ਰਚਾਰ	੭੯੭	੭੧੪੨੫੭੯.੦੦	੨੭੦੫੯੧.੦੦
੪੮	ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ	੮੦੬	੨੯੧੪੨੩.੦੦	੦.੦੦
੪੯	ਦੀਵਾਨ, ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ	੮੨੪	੧੬੫੫੬੧੬.੦੦	੦.੦੦
੫੦	ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ	੮੫੭	੪੬੮੭੨੮.੦੦	੦.੦੦
੫੧	ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ	੮੬੨	੧੪੭੮੦.੦੦	੦.੦੦
੫੨	ਖਰਚ ਗੱਡੀਆਂ ਹਰਿਆਣਾ ਸਿੱਖ ਮਿਸ਼ਨ	੮੬੮	੫੭੭੨.੦੦	੦.੦੦
੫੩	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ	੮੭੬	੫੬੪੮੩.੦੦	੦.੦੦
੫੪	ਗੁਰ: ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:, ਵਜੀ:, ਸ: ਖਰਚ ਤੇ ਫੁਟ:	੮੬੨	੨੧੪੪੩੮.੦੦	੧੩੫੬.੦੦
੫੫	ਤਨਖਾਹ ਤੇ ਸਫ਼ਰ ਖਰਚ ਸਟਾਫ਼ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ)	੯੦੦	੨੮੮੩੪੧.੦੦	੦.੦੦
੫੬	ਬਿੱਲ ਬਿਜਲੀ ਰੋਸ਼ਨੀ ਆਦਿ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ)	੯੦੧	੫੪੭.੦੦	੦.੦੦
੫੭	ਤਨਖਾਹ ਤੇ ਸਫ਼ਰ ਖਰਚ ਸਟਾਫ਼ ਰਾਜਸਥਾਨ ਸਿੱਖ ਮਿਸ਼ਨ (ਬੁੱਢਾ ਜੋਹੜ)	੯੦੭	੨੦੫੨੦੨.੦੦	੦.੦੦
੫੮	ਦੀਵਾਨ, ਮੇਲੇ, ਕੈਂਪਸ ਅਤੇ ਫ਼ਿਲਮਾਂ ਰਾਹੀਂ ਪ੍ਰਚਾਰ ਰਾਜਸਥਾਨ ਸਿੱਖ ਮਿਸ਼ਨ	੯੧੩	੩੩੧੬੫.੦੦	੦.੦੦
੫੯	ਤਨ: ਸਫਰ ਖਰਚ ਸਟਾਫ਼ ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਮਿਸ਼ਨ	੯੨੩	੧੮੩੦੫੨੬.੦੦	੦.੦੦
੬੦	ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ, ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੨੭	੧੩੦੪੨.੦੦	੩੪੭੫੦.੦੦
੬੧	ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਾਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੩੮	੫੩੦੦੫.੦੦	੨੬੨੬.੦੦
੬੨	ਫੁਟਕਲ ਦਫ਼ਤਰ ਯੂ:ਪੀ:, ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੪੦	੮੩੭੬.੦੦	੦.੦੦
੬੩	ਤਨ:, ਸਫਰ ਖਰਚ ਸਟਾਫ਼ ਦਿੱਲੀ ਸਿੱਖ ਮਿਸ਼ਨ	੯੪੪	੧੬੪੦੨੮.੦੦	੦.੦੦
੬੪	ਫੁਟਕਲ ਦਫ਼ਤਰ ਦਿੱਲੀ ਸਿੱਖ ਮਿਸ਼ਨ	੯੪੬	੨੪੩੬੧.੦੦	੦.੦੦
੬੫	ਦੀਵਾਨ, ਮੇਲੇ ਤੇ ਕੈਂਪਸ ਸਿੱਖ ਮਿਸ਼ਨ ਦਿੱਲੀ	੧੯੦੨	੨੦੧੪੫੯.੦੦	੦.੦੦

੬੬	ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ, ਯੂ.ਪੀ.	੯੬੫	੨੧੦੦੦੪.੦੦	੧੫੯੧.੦੦
੬੭	ਗੁਰਦੁਆਰਾ ਗੁਰੂ ਨਾਨਕ ਦਰਬਾਰ, ਹਾਪੜ (ਯੂ.ਪੀ.)	੯੬੨	੭੫੭੩.੦੦	੭੯੧੨੧੫.੦੦
੬੮	ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜ੍ਹਮੁਕਤੇਸਰ, ਅਲੀਗੜ੍ਹ (ਯੂ.ਪੀ.)	੯੭੮	੩੭੨੨੦.੦੦	੧੩੨੦੮੪.੦੦
੬੯	ਇਸ਼ਤਿਹਾਰਬਾਜ਼ੀ ਵਸੂਲਣਯੋਗ ਰਕਮਾਂ (ਮੁਲਾਜਮਾਂ)	੯੭੭	੦.੦੦	੧੬੧੯੩.੦੦
੭੦	ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ.ਪੀ.	੧੦੦੩	੨੭੨੦.੦੦	੧੩੯੬੦.੦੦
੭੧	ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧਾ ਕੋਠੀ) ਯੂ.ਪੀ.	੧੦੦੪	੦.੦੦	੬੫੧੦.੦੦
੭੨	ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ.	੧੦੦੭	੬੩੪੦੫.੦੦	੧੦੨੬੩੫.੦੦
੭੩	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ, ਅਹਿਮਦਾਬਾਦ, ਗੁਜਰਾਤ	੧੦੧੫	੧੬੯੧੬੧.੦੦	੦.੦੦
੭੪	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ), ਸਿੱਖ ਮਿਸ਼ਨ ਗੁਜਰਾਤ ਅਤੇ ਉੜੀਸਾ ਮਿਸ਼ਨ	੧੦੧੮	੨੦੬੭੮.੦੦	੦.੦੦
੭੫	ਗੁ: ਨਾਨਕ ਦਰਸ਼ਨ ਮਾਊਂਟ ਆਬੂ, ਗੁਜਰਾਤ	੧੦੨੫	੧੦੭੪੮੨.੦੦	੦.੦੦
੭੬	ਤਨ: ਤੇ ਸਫ਼ਰ ਖ਼ਰਚ ਸਟਾਫ਼ ਛੱਤੀਸਗੜ੍ਹ ਸਿੱਖ ਮਿਸ਼ਨ	੧੦੩੩	੩੨੫੯੮੧.੦੦	੧੯੪੮੦.੦੦
੭੭	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛੱਤੀਸਗੜ੍ਹ ਮਿਸ਼ਨ	੧੦੩੭	੨੧੧੮੮.੦੦	੦.੦੦
੭੮	ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ: ਸਫਰ ਖਰਚ ਅਤੇ ਬਿੱਲ ਆਦਿ)	੧੦੪੯	੧੩੦੫੪੭.੦੦	੦.੦੦
੭੯	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੪੭	੬੫੬੧੨੭.੦੦	੦.੦੦
੮੦	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਅਤੇ ਖਰਚ ਗੱਡੀਆਂ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੫੪	੭੨੫੫.੦੦	੦.੦੦
੮੧	ਗੁਰਦੁਆਰਾ ਗੁਰੂ ਨਾਨਕ ਦੇਵ ਮਿਸ਼ਨ ਸਤਵਾਰੀ ਨਰਵਾਲ ਪਾਈ, ਜੰਮੂ	੧੦੬੦	੪੧੬੧੫.੦੦	੦.੦੦
੮੨	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਕਾਂਸ਼ੀਪੁਰ ਸਿੱਖ ਮਿਸ਼ਨ	੧੦੭੩	੭੭੧੫੪.੦੦	੦.੦੦
੮੩	ਫੁਟਕਲ ਆਦਿ, ਕਾਂਸ਼ੀਪੁਰ ਸਿੱਖ ਮਿਸ਼ਨ	੧੦੭੬	੧੦੦੭੦.੦੦	੦.੦੦
੮੪	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਕਾਂਸ਼ੀਪੁਰ ਸਿੱਖ ਮਿਸ਼ਨ	੧੦੮੦	੧੩੮੮੧.੦੦	੦.੦੦
੮੫	ਤਨਖਾਹ, ਸਫਰ ਖਰਚ ਸਿੱਖ ਮਿਸ਼ਨ ਨੇਪਾਲ	੧੦੮੩	੨੩੫੪੯.੦੦	੦.੦੦
੮੬	ਸਿੱਖ ਮਿਸ਼ਨ ਲਖਨਊ	੧੦੮੭	੧੮੬੦.੦੦	੦.੦੦

੮੭	ਸਹਾਇਤਾ ਗੁਰਦੁਆਰਾ ਸਾਹਿਬਾਨ	੧੧੨੨	੧੨੯੭੧੧੭.੦੦	੦.੦੦
੮੮	ਸਹਾਇਤਾ ਭੇਟਾ ਰਹਿਤ ਕੀਰਤਨੀ ਸਾਜ਼	੧੧੪੭	੧੭੧੦੦੦.੦੦	੦.੦੦
੮੯	ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, ਯੂਨੀਵਰਸਿਟੀ	੧੧੭੩	੧੪੭੮੦੦.੦੦	੦.੦੦
੯੦	ਸਹਾਇਤਾ ਗਰੀਬ ਤੇ ਲੋੜਵੰਦ ਪਰਿਵਾਰ	੧੨੬੭	੧੦੩੪੫੦੦.੦੦	੨੦੦੦੦.੦੦
੯੧	ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ	੧੩੦੧	੬੨੯੦੧.੦੦	੦.੦੦
੯੨	ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼੍ਰੋਮਣੀ ਗੁ. ਪ੍ਰ. ਕਮੇਟੀ ਨੂੰ)	੧੩੦੯	੦.੦੦	੪੮੨੩.੦੦
੯੩	ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾਂ ਨੂੰ ਸਨਮਾਨ	੧੩੨੨	੪੮੭੦੫੩.੦੦	੦.੦੦
੯੪	ਸਹਾਇਤਾ ਮੁਫ਼ਤ ਵਿਦਿਆ ਗੁਰਸਿੱਖ ਵਿਦਿਆਰਥਣਾਂ	੧੪੦੭	੧੪੨੦੫੫੪.੦੦	੦.੦੦
੯੫	ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ	੧੫੧੪	੦.੦੦	੮੪੭੧੩.੦੦
੯੬	ਸਟਾਕ ਕਕਾਰ ਅੰਮ੍ਰਿਤ ਸੰਚਾਰ	੧੫੩੭	੪੫੭੦੦੦.੦੦	੦.੦੦
੯੭	ਨਵੀਆਂ (ਸਟਾਕ) ਗੱਡੀਆਂ	੧੫੫੦	੨੩੮੮੩੪੯.੦੦	੦.੦੦
੯੮	ਸਾਮਾਨ ਦਫਤਰ ਧਰਮ ਪ੍ਰਚਾਰ ਕਮੇਟੀ	੧੫੫੭	੧੧੧੬੦੮.੦੦	੦.੦੦
੯੯	ਸਾਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼, ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ	੧੬੧੩	੧੩੭੦੦.੦੦	੦.੦੦
੧੦੦	ਇਮਾਰਤ ਸ੍ਰੀ ਗੁਰੂ ਰਾਮਦਾਸ ਸ਼ਾਹਜਹਾਨਪੁਰ, ਯੂ.ਪੀ.	੧੭੦੨	੭੩੬੦੦.੦੦	੦.੦੦
੧੦੧	ਇਮਾਰਤ ਗੁਰਮਤਿ ਵਿਦਿਆਲਾ ਛੱਤੀਸਗੜ੍ਹ, ਸਿੱਖ ਮਿਸ਼ਨ (ਰਾਏਪੁਰ)	੧੭੩੧	੬੧੯੫੦੮.੦੦	੦.੦੦
੧੦੨	ਆਮਦਨ ਕਰ	੧੭੭੬	੧੮੦੦੦.੦੦	੩੩੦੦੦.੦੦
੧੦੩	ਟੀ.ਡੀ.ਐਸ. (ਅਦਾਇਗੀ ਯੋਗ)	੧੮੧੯	੨੨੩੩੮.੦੦	੧੬੧੪੧.੦੦
੧੦੪	ਪ੍ਰੋਫੈਸ਼ਨਲ ਟੈਕਸ ਪੰਜਾਬ ਸਰਕਾਰ	੧੮੪੪	੦.੦੦	੧੧੯੨੦੦.੦੦
੧੦੫	ਅਣਦਿੱਤੀ ਤਨਖਾਹ	੨੦੧੪	੬੨੯੩੭.੦੦	੨੩੮੭੨੫.੦੦
੧੦੬	ਅਣਦਿੱਤੇ ਬਿਲਜ਼	੨੦੨੮	੩੫੮੭੫੦.੦੦	੭੫੦.੦੦
੧੦੭	ਅਮਾਨਤ ਜਨਰਲ	੨੦੪੫	੦.੦੦	੨੧੦੯੫੨੬.੦੦
੧੦੮	ਪੇਸ਼ਗੀ ਜਨਰਲ	੨੧੬੦	੧੬੯੬੪੪੬੭.੦੦	੮੭੫੫੫੪੧.੦੦
੧੦੯	ਜਮਾਨਤ ਵਿਦਿਆਰਥੀਆਂ	੨੧੬੭	੬੦੦੦.੦੦	੦.੦੦
੧੧੦	ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ	੨੨੩੧	੧੦੪੪੬੭.੦੦	੧੦੪੪੬੭.੦੦

੧੧੧	ਅਮਾਨਤ ਕਿਰਾਇਆ ਰੋਸ਼ਨੀ ਗੁ:ਮੰਜੀ ਸਾਹਿਬ ਆਲਮਗੀਰ	੨੨੪੩	੦.੦੦	੧੧੯੧.੦੦
੧੧੨	ਅਮਾਨਤ ਗੁ: ਸ੍ਰੀ ਅੰਬ ਸਾਹਿਬ, ਮੋਹਾਲੀ	੨੨੪੮	੦.੦੦	੧੭੪੮.੦੦
੧੧੩	ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ	੨੨੫੨	੦.੦੦	੧੯੫੭੦.੦੦
੧੧੪	ਅਮਾਨਤ ਸ਼੍ਰੋਮਣੀ ਕਮੇਟੀ	੨੨੭੭	੨੯੫੫੫.੦੦	੧੩੫੫੫.੦੦
੧੧੫	ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ	੨੨੯੪	੦.੦੦	੨੪੫੬.੦੦
੧੧੬	ਅਮਾਨਤ ਕਿਰਾਇਆ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ	੨੨੯੮	੦.੦੦	੩੨੯੮.੦੦
੧੧੭	ਅਮਾਨਤ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ	੨੩੮੦	੦.੦੦	੩੪੦੩.੦੦
੧੧੮	ਅਮਾਨਤ ਮੁਲਾਜਮਾਂ ਭਲਾਈ ਪ੍ਰਚਾਰਕ ਸਾਹਿਬਾਨ	੨੩੧੫	੦.੦੦	੫੫੯੦੦.੦੦
੧੧੯	ਪ੍ਰੋ: ਫੰਡ ਸਟਾਫ਼	੨੩੪੬	੪੨੨੨੦੫੮.੦੦	੪੨੨੨੦੫੮.੦੦
੧੨੦	ਜਮਾਨਤਾਂ ਮੁਲਾਜਮਾਂ	੨੩੬੭	੪੨੪੯੫.੦੦	੫੦੦੦.੦੦
੧੨੧	S.B. a/c no. ੬੫੦੩੮੬੦੦੪੯੦ SBI, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ	੨੫੪੯	੭੬੩੧੧੪੧੩.੦੦	੨੨੮੩੮੭੮੪.੦੦
੧੨੨	S.B. a/c no.੦੦੦੮੭੩੨ PNB, ਸਰਾਂ, ਅੰਮ੍ਰਿਤਸਰ	੨੬੦੩	੩੯੮੩੯੭੩੩.੦੦	੧੬੩੭੨੮੨.੦੦
੧੨੩	S.B. a/c no.੯੯੯੦੦੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ	੨੬੯੦	੧੭੬੪੨੬੮੦.੦੦	੧੭੨੯੬੩੯੦.੦੦
੧੨੪	S.B. a/c no.੦੫੨੪੧੦੦੦੦੦੨੪੮੦ PSB, ਸਰਾਂ, ਅੰਮ੍ਰਿਤਸਰ	੨੯੯੧	੩੦੯੬੦੦੧੬.੦੦	੩੨੬੭੩੬੬੩੦.੦੦
੧੨੫	*S.B. a/c no.*੦੨੪੧੧੦੦੦੦੦੦੨੩੩ *PSB*, ਗੜ੍ਹ ਰੋਡ, ਹਾਪੁੜ (ਯੂ.ਪੀ.)	੨੮੦੭	੧੧੯੬੫੬੭.੦੦	੦.੦੦
੧੨੬	S.B. a/c no.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ	੨੮੪੪	੯੦੦੦੦੦੦.੦੦	੦.੦੦
੧੨੭	S.B. a/c No ੭੮੩੬੦੧੦੦੦੦੫੪੦੪ ਬੈਂਕ ਆਫ ਬੜੌਦਾ, ਮਾਲ ਰੋਡ, ਅੰਮ੍ਰਿਤਸਰ	੨੯੪੧	੧੭੩੮੦੩੦.੦੦	੦.੦੦
	ਜੋੜ :-		**੨੪੯੦੨੯੮੦੬.੦੦**	**੨੪੮੮੭੪੨੨੦.੦੦**
	ਹੱਥ ਦੀ ਬਾਕੀ :-		**੭੪੭੬੦੭.੦੦**	**੬੦੩੧੬੬.੦੦**
	ਕੁੱਲ ਜੋੜ :-		**੨੪੯੭੭੭੪੧੬.੦੦**	**੨੪੯੭੭੭੪੧੬.੦੦**

ਸਹੀ/-
ਚੀਫ਼ ਅਕਾਊਂਟੈਂਟ,

ਸਹੀ/-
ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਟਰੱਸਟ ਫੰਡਜ਼ ਚਿੱਠਾ ਆਮਦਨ/ਖ਼ਰਚ ਮਹੀਨਾ ਫਰਵਰੀ ੨੦੨੬

ਸੀ: ਨੰ:	ਨਾਮ ਖਾਤਾ	ਪੰਨਾ	ਨਾਮ	ਜਮ੍ਹਾਂ
	ਜਨਰਲ ਲੈਜਰ ਨੰ: ੧			
	ਸਿੱਖ ਇਤਿਹਾਸ ਖੋਜ ਫੰਡ			
੧	ਵਸੂਲੀ ਦਫਾ ੮੫ ਦੇ ਗੁ: ਸਾਹਿਬਾਨ ਤੋਂ	੮		੨੪੪੦੦੦
੨	ਤਨਖਾਹ ਤੇ ਕਮਿਸ਼ਨ	੨੨	੯੩੩੧੯੩	
੩	ਸਮਾਨ ਤੇ ਫਰਨੀਚਰ	੨੭	੪੬੭੦	
੪	ਕੰਪਿਊਟਰ /ਸੀ.ਸੀ.ਟੀ.ਵੀ. ਕੈਮਰੇ	੬੧	੨੫੮੦੦	
੫	ਪੁਸਤਕਾਂ, ਅਖ਼ਬਾਰਾਂ ਤੇ ਰਸਾਲੇ	੩੮	੨੪੦੩੮	
੬	ਸਫਰ ਖਰਚ ਫੁਟਕਲ	੪੭	੧੦੮੮੨	
੭	ਕਾਰ ਖਰਚ ਸਿੱਖ ਇਤਿਹਾਸ	੫੫	੩੦੦੦	
੮	ਟੈਲੀਫੋਨ	੫੮	੪੭੦	
	ਗੁ: ਤੇ ਗੁ: ਲਿਟਰੇਚਰ ਫੰਡ			
੯	ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ	੬੯		੩੦੯੦੦੦
੧੦	ਵਸੂਲਣ ਯੋਗ ਬਿੱਲ ਦੀਆਂ ਰਕਮਾਂ ਗੁ: ਤੇ ਗੁ: ਲਿਟ.	੯੭		੯੪੫੪੯੩
੧੧	ਬਿਜਲੀ ਪਾਣੀ ਤੇ ਰੋਸ਼ਨੀ	੧੯੦	੫੯੯੦੫	
੧੨	ਤਨਖਾਹ ਤੇ ਕਮਿਸ਼ਨ	੪੫੦	੮੬੯੭੯੭	
੧੩	ਛਪਾਈ	੧੪੪	੬੯੪੪੦੦	
੧੪	ਕਾਗਜ਼	੧੨੫	੧੨੪੦੩੯੦	
੧੫	ਜਿਲਦਬੰਦੀ	੧੩੭	੧੪੯੨੪੭	੯੫੦੦
੧੬	ਤਨਖਾਹ ਜਿਲਦਬੰਦੀ ਵਿਭਾਗ	੧੪੬	੩੬੪੫੯੦	
੧੭	ਦਰਸ਼ਨ ਭੇਟਾ	੧੫੫	੫੬੭੦੦	
੧੮	ਗੱਡੀ ਸ੍ਰੀ ਪਾਵਨ ਸਰੂਪ	੧੬੨	੧੪੪੯੪੬	੨੫੦੦੦
੧੯	ਸਫਰ ਖਰਚ	੧੬੯	੩੯੦੦	
੨੦	ਫੁੱਟਕਲ	੧੭੯	੯੬੩੩	੧੦੫੦੦
	ਧਰਮ ਅਰਥ ਅਤੇ ਪੰਥਕ ਭਲਾਈ ਫੰਡ			
੨੧	ਵਸੂਲੀ ਦਫਾ ੮੫ ਦੇ ਗੁ: ਸਹਿਬਾਨ (ਧਰਮ ਅਰਥ ਫੰਡ)	੩੧੧		੨੬੪੪੨੬੦
੨੨	ਵਸੂਲੀ ਦਫਾ ੮੫ ਦੇ ਗੁ: ਸਹਿਬਾਨ (ਪੰਥਕ ਭਲਾਈ ਫੰਡ)	੩੨੦		੯੩੦੦੦

੨੩	ਫੁਟਕਲ ਆਮਦਨ ਸੰਗਤ ਪਾਸੋਂ	੩੩੭		੮੭੬੪੮੦
੨੪	ਮੁਲਾਜ਼ਮਾਂ ਵਲੋਂ ਸਹਾਇਤਾ ਵਿਦੇਸ਼ ਛੁੱਟੀ	੩੬੦		੫੬੫੦੦੦
੨੫	ਧਰਮ ਅਰਥ ਫੰਡ (ਖਰਚ)	੪੩੩	੧੭੪੦੦੦੦	
੨੬	ਸਫਰ ਖਰਚ	੩੩੪	੨੦੮੦	
	ਜਨਰਲ ਟਰੱਸਟ ਫੰਡ			
੨੭	ਮਿਆਦੀ ਹਿਸਾਬ	੨੨੨	੧੧੭੧੫੮੩	੧੦੮੧੩੦੧
੨੮	ਸੂਦ ਤੇ ਫੁਟਕਲ ਆਮਦਨ	੨੨੩		੯੦੨੮੨
	ਦਸਤਕਾਰੀ ਫੰਡ			
੨੯	ਸੂਦ	੨੨੮		੫੬੧੩
੩੦	ਮਿਆਦੀ ਹਿਸਾਬ	੨੨੭	੭੨੮੩੬੬	੬੭੨੨੩
	ਯਾਤਰਾ ਗੁ: ਸਾਹਿਬਾਨ ਪਾਕਿਸਤਾਨ			
੩੧	ਵੀਜ਼ਾ ਫੀਸ	੪੯੫		੮੯੩੦੦੦
੩੨	ਸਫਰ ਖਰਚ, ਕਾਰ ਖਰਚ ਗੁ: ਸਾਹਿਬਾਨ	੨੯੨	੧੧੮੧੮	
	ਭਾਈਚਾਰਕ ਸੁਧਾਰ ਫੰਡ			
੩੩	ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ	੧੮੮		੮੯੦੦੦
	ਸਸਪੈਂਸ ਗੁ: ਪਾਕਿਸਤਾਨ			
੩੪	ਮਿਆਦੀ ਹਿਸਾਬ	੨੦੭	੬੬੨੬੩	੬੧੧੫੭
੩੫	ਸੂਦ	੨੦੯		੫੧੦੬
	ਜਨਰਲ ਪ੍ਰੋ: ਫੰਡ			
੩੬	ਆਮਦਨ	੨੧੨		੧੦੦੭੮
	ਸੁੰਦਰ ਸਿੰਘ ਮਨਚੰਦਾ ਟਰੱਸਟ ਫੰਡਜ਼			
੩੭	ਮਿਆਦੀ ਹਿਸਾਬ	੨੩੩	੨੬੭੦੬	੨੪੬੪੮
੩੮	ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ	੨੩੫		੨੦੫੮
	ਜੈ ਸਿੰਘ ਖੋਸਲਾ ਟਰੱਸਟ ਫੰਡਜ਼			
੩੯	ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ	੨੪੦		੧੦੨੦
੪੦	ਮਿਆਦੀ ਹਿਸਾਬ	੨੪੨	੧੩੨੩੮	੧੨੨੧੮
	ਸ. ਬਲਵੰਤ ਸਿੰਘ ਨਲੂਆ ਟਰੱਸਟ ਫੰਡ			
੪੧	ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ	੨੪੬		੧੪੫੮
੪੨	ਮਿਆਦੀ ਹਿਸਾਬ	੨੫੧	੧੮੬੧੬	੧੭੪੫੮
	ਗਿਆਨੀ ਆਤਮਾ ਸਿੰਘ ਟਰੱਸਟ ਫੰਡ			
੪੩	ਮਿਆਦੀ ਹਿਸਾਬ	੨੫੪	੨੨੬੯੮	੨੦੬੪੬
੪੪	ਸੂਦ ਤੇ ਜੋੜ	੨੫੬		੧੭੪੬

ਮਾਈ ਖੁਸ਼ਹਾਲ ਕੌਰ ਟਰੱਸਟ ਫੰਡ

੪੫	ਮਿਆਦੀ ਹਿਸਾਬ	੨੬੧	੧੧੩੫੦	੧੦੪੭੫
੪੬	ਸੂਦ ਤੇ ਜੋੜ	੨੬੪		੮੭੫

ਸਵ: ਸ: ਹਰਬੰਸ ਸਿੰਘ ਤੇ

ਸਰਦਾਰਨੀ ਹਰਚਰਨ ਕੌਰ ਟਰੱਸਟ ਫੰਡਜ਼

੪੭	ਮਿਆਦੀ ਹਿਸਾਬ	੨੬੭	੧੫੧੩੨	੧੩੯੬੬੬
੪੮	ਸੂਦ ਤੇ ਜੋੜ	੨੬੯		੧੧੬੬੬

ਸਵ: ਮਾਸਟਰ ਦਲਜੀਤ ਸਿੰਘ

ਇੰ: ਫਲਾਇੰਗ ਸਕੁਐਡ ਟਰੱਸਟ ਫੰਡ

੪੯	ਸੂਦ ਤੇ ਆਮਦਨ	੨੭੩		੩੯੬੨੯
੫੦	ਮਿਆਦੀ ਹਿਸਾਬ	੨੭੨	੫੦੧੨੭੪	੪੬੨੬੪੬

ਜਨਰਲ ਲੈਜਰ ਨੰ: ੨

ਅਮਾਨਤਾਂ

੫੧	ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ	੫੦੩		੯੬੭੮੨
੫੨	ਅਮਾਨਤ ਗੁਰਦਵਾਰੇ	੫੨੨	੩੯੦੬੦੨	੨੩੩੪੪੯
੫੩	ਅਮਾਨਤ ਮੁਲਾਜਮਾਂ ਤੇ ਜਨਰਲ	੫੪੭		੧੩੯੬੨੧੮.੦੦
੫੪	ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ)	੫੬੫		੪੮੨੫੦
੫੫	ਅਮਾਨਤ ਵਿਦਿਅਕ ਅਦਾਰੇ	੫੮੫, ੬੬੫	੪੧੩੪੦੦	੨੬੪੦੧੨
੫੬	ਮਿਆਦੀ ਹਿਸਾਬ ਅਮਾਨਤਾਂ	੬੦੧	੧੩੧੨੦੧੪੪	੧੨੫੩੪੩੭੬
੫੭	ਪੇਸ਼ਗੀ ਜਨਰਲ	੭੬੫	੬੮੦੨੫੦੦	੬੬੫੮੮੫੭੭
੫੮	ਪੇਸ਼ਗੀ ਬੀਮਾ ਮੈਡੀਕਲ	੭੭੬	੦.੦੦	੪੦੦੦੦.੦੦
੫੯	ਮਿਆਦੀ ਹਿਸਾਬ ਜਨਰਲ ਡਿਪਾਜ਼ਟ ਪ੍ਰੋ. ਫੰਡ	੬੦੧	੭੭੮੩੮੫੫.੨੦	੬੭੪੪੦੦੦
੬੦	ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ)	੬੨੧	੮੭੬	੩੭੦੨੪੮

ਜਮਾਨਤਾਂ

੬੧	ਜਮਾਨਤ ਮੁਲਾਜਮਾਂ	੮੩੩, ੬੫੪	੧੩੮੦੦੦	੪੨੦੦੦੦
੬੨	ਸੂਦ ਜਮਾਨਤਾਂ	੮੭੩	੨੪੬੫੬੪.੩੮	
੬੩	ਜਮਾਨਤ ਠੇਕੇਦਾਰਾਂ	੮੮੩	੨੦੦੦੦੦੦	
੬੪	ਮਿਆਦੀ ਹਿਸਾਬ ਠੇਕੇਦਾਰਾਂ	੮੬੩	੧੫੩੧੬੪੫	੨੪੬੨੩੬੫੫

ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ

ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ

੬੫	ਵਸੂਲੀ ਗ੍ਰੈਚੂਇਟੀ ਦਫ਼ਾ-੮੫ ਗੁ: ਸਾਹਿਬਾਨ	੬੨੭		੧੦੫੨੦੦੦੦
੬੬	ਵਸੂਲੀ ਵਸੂਲੀ ਦਫ਼ਾ-੮੭ ਗੁ: ਸਾਹਿਬਾਨ	੬੩੦		੬੬੦੦੦

੬੭	ਗ੍ਰੈਚੁਇਟੀ ਫੰਡ (ਮੁਲਾਜ਼ਮਾਂ ਅਦਾਇਗੀ)	੬੬੭	੧੮੮੭੯੭੬੮	
੬੮	ਵਸੂਲੀ ਗ੍ਰੈਚੁਇਟੀ (ਧਰਮ ਪ੍ਰਚਾਰ ਕਮੇਟੀ)	੬੩੪		੨੦੦੦੦੦੦
੬੯	ਰਿਆਇਤੀ ਛੁੱਟੀਆਂ ਦੀ ਤਨਖਾਹ (ਸੇਵਾਫਲ ਮੁਲਾਜ਼ਮਾਂ	੭੦੭	੭੦੫੬੬੯੨	
੭੦	ਵਸੂਲੀ ਗ੍ਰੈਚੁਇਟੀ (ਵਿਦਿਆ ਫੰਡ)	੬੪੦		੨੧੦੦੦੦੦
੭੧	ਵਸੂਲੀ ਗ੍ਰੈਚੁਇਟੀ (ਸਪੋਰਟਸ ਫੰਡ)	੬੪੧		੯੦੦੦੦੦
	ਜਨਰਲ ਲੈਜਰ ਨੰ: ੩			
	ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਂਸਰ ਰਲੀਫ ਫੰਡ			
੭੨	ਵਸੂਲੀ ਦਫਾ ੮੫ ਦੇ ਗੁ: ਸਾਹਿਬਾਨ ਤੋਂ	੧੧੯੧		੪੩੪੦੦੦
੭੩	ਸੰਗਤ ਪਾਸੋਂ ਸਹਾਇਤਾ	੧੧੮੪		੮੧੦੦੭੭.੭੦
੭੪	ਸਹਾਇਤਾ ਕੁਦਰਤੀ ਆਫਤਾਂ	੧੧੮੬	੮੯੭੬੦੧੧੮	੧੭੮੩੪
੭੫	ਚੜ੍ਹਤ ਆਦਿ ਗੁ: ਸਾਹਿਬਾਨ ਤੋਂ	੧੧੯੭		੫੭੭੦੦੦
	ਸ਼ਹੀਦੀ ਫੰਡ			
੭੬	ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਨੂੰ ਸਨਮਾਨ ਭੱਤਾ	੧੦੦੭	੨੪੦੦੦੦	
੭੭	ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ	੧੦੨੪		੧੦੦੪੯੯੦
੭੮	ਸਪੈਸ਼ਲ ਕੋਰਟਾਂ ਦੇ ਕੇਸਾਂ ਦੀ ਪੈਰਵੀ ਲਈ ਅਤੇ ਫੁਟਕਲ	੧੦੩੧	੫੬੮੪੩੧੦	
੭੯	ਸਫਰ ਖਰਚ (ਰਲੀਫ / ਸ਼ਹੀਦੀ ਫੰਡ)	੧੦੬੨	੬੦੦	
	ਖਰਚ ਦਫਤਰ			
੮੦	ਡਾਕ ਖਰਚ	੧੧੨੬	੨੭੦੪	
੮੧	ਤਨਖਾਹ ਸਟਾਫ ਆਦਿ	੧੧੧੧	੧੩੮੧੬੭੨	
੮੨	ਫੁਟਕਲ/ ਸੂਦ	੧੧੩੯	੭੪੧੮	੧੧੩੮੫੯੯.੦੦
੮੩	ਵਰਦੀਆਂ ਸਟਾਫ	੧੧੩੫	੨੦੦੦	
	ਜਨਰਲ ਲੈਜਰ ਨੰ: ੪			
੮੪	ਬੱਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ	੧੫੬੪	੩੦੦੦੨੧੪.੦੦	੮੬੭੦੭੨.੩੮
੮੫	ਬੱਚਤ ਹਿਸਾਬ ਨੰ: ੧੩੧੩੧੦੦੦੦੯੪੬੮੦ HDFC	੧੨੫੫	੩੦੭੬੨੨੩	੩੫੮੨੮੨੭.੦੦
੮੬	ਬੱਚਤ ਹਿਸਾਬ ਨੰ: ੩੧੫੨੧੫ HDFC	੧੫੫੫	੨੮੩੫੭੫੧੪੮.੭੦	੨੮੫੨੧੭੩੮੬.੦੦
੮੭	ਬੱਚਤ ਹਿਸਾਬ ਨੰ ੦੨੬੩੧੭੭੦੦੦੦੦੧੩			
	HDFC Donation	੧੩੬੫	੬੬੧੭੮੦	
੮੮	ਬੱਚਤ ਹਿਸਾਬ ਨੰ: ੬੫੦੨੦੭੨੧੭੨੦ SBI	੧੩੭੮	੫੮੪੭੦੦.੦੦	੩੨੦੨੩੨੫.੦੦
੮੯	ਬੱਚਤ ਹਿਸਾਬ ਨੰ: ੨੦੧੬੫੭੫੬੭੭੫ ਇੰਡੀਅਨ			
	(ਅਲਾਹਾਬਾਦ) ਬੈਂਕ ਕਟੜਾ ਆਹਲੂਵਾਲੀਆ	੧੩੬੨	੧੦੧	
੯੦	ਬੱਚਤ ਹਿਸਾਬ ਨੰ: ੦੦੧੮੦੦੦੧੦੦੩੨੪੪੧			
	ਪੰਜਾਬ ਨੈਸ਼ਨਲ ਬੈਂਕ	੧੪੬੦	੧੨੬੬੦੦੦	੫੭੧੨੮੬

੯੧	ਬੱਚਤ ਹਿਸਾਬ ਨੰ: ੦੦੧੮੦੦੦੧੦੦੩੨੪੨੩			
	ਪੰਜਾਬ ਨੈਸ਼ਨਲ ਬੈਂਕ	੧੪੩੬	੧੭੮੫੩੩੪	੨੪੧੨੨੨੩
੯੨	ਬੱਚਤ ਹਿਸਾਬ ਨੰ: ੨੦੦੧੩੧੩			
	Equitas Small Finance Bank	੧੫੪੭	੧੯੩੪੫੯੭੨੫	੧੮੧੪੧੫੮੧੧
੯੩	ਬੱਚਤ ਹਿਸਾਬ ਨੰ: ੩੦੮੨੦੨੦੫੦੦੦੦੧੨੨			
	ਯੂਨੀਅਨ ਬੈਂਕ ਆਫ ਇੰਡੀਆ	੧੩੫੦	੭੫੦੦	
	ਪ੍ਰੋਵੀਡੈਂਟ ਫੰਡ			
੯੪	ਪ੍ਰੋਵੀਡੈਂਟ ਫੰਡ	੫੭	੬੩੫੮੫੫	੫੪੫੦੯੭੨੪
੯੫	ਅਮਾਨਤ ਪ੍ਰੋਵੀਡੈਂਟ ਫੰਡ	੧੬੪	੧੯੦੨੮੨੪	੧੯੦੨੮੨੪
੯੬	ਬੱਚਤ ਹਿਸਾਬ ਨੰ: ੧੦੦੦੨੫੫੪੨ ਬੈਂਕ ਆਫ ਬੜੌਦਾ	PF/ ੪੧	੨੯੨੬੬੧੬੬	੭੦੬੨੫੭੭੭
੯੭	ਮਿਆਦੀ ਹਿਸਾਬ ਪ੍ਰੋ. ਫੰਡ ਯੈਸ ਬੈਂਕ	੨੯੦,੩੯੨	੨੦੦੦੦੦੦੦	੧੨੪੯੬੬੨੦੦੦
੯੮	ਮਿਆਦੀ ਹਿਸਾਬ ਪ੍ਰੋ. ਫੰਡ ਬੈਂਕ ਆਫ ਬੜੌਦਾ	੩੬੩		੬੫੩੬੫੫.੨੦
੯੯	ਮਿਆਦੀ ਹਿਸਾਬ ਪ੍ਰੋਵੀਡੈਂਟ ਫੰਡ ਇਕੋਓਟਾਸ ਸਮਾਲ			
	ਫਾਈਨੈਂਸ ਬੈਂਕ	੩੭੫	੧੫੦੦੦੦੦੦	੬੩੧੦੦੦
੧੦੦	ਮਿਆਦੀ ਹਿਸਾਬ ਪ੍ਰੋਵੀਡੈਂਟ ਫੰਡ ਏ ਯੂ ਸਮਾਲ			
	ਫਾਈਨੈਂਸ ਬੈਂਕ	੩੦੬,੩੨੫		੧੩੦੦੬੪੦੦੦
੧੦੧	ਮਿਆਦੀ ਹਿਸਾਬ ਪ੍ਰੋਵੀਡੈਂਟ ਫੰਡ ਸੈਂਟਰਲ ਕੋ-ਆਪ੍ਰੇਟਿਵ			
	ਬੈਂਕ ਹਾਲ ਬਜਾਰ ਅੰਮ੍ਰਿਤਸਰ	੩੩੫		੧੮੨੯੦੦੦
	ਜੋੜ		**੧੦੩੨੭੩੩੫੧੪.੨੮**	**੧੦੩੨੭੦੪੨੨੧.੨੮**
	ਹੱਥ ਦੀ ਬਾਕੀ		**੬੬੫੨੪**	**੬੫੮੧੭**
	ਵੱਡਾ ਜੋੜ		**੧੦੩੨੮੦੦੦੩੮.੨੮**	**੧੦੩੨੮੦੦੦੩੮.੨੮**

ਸਹੀ/-
ਅਕਾਊਂਟੈਂਟ,

ਸਹੀ/-
ਮੀਤ/ਐਡੀ:/ ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਚਿੱਠਾ ਆਮਦਨ/ਖ਼ਰਚ ਜਨਰਲ ਬੋਰਡ ਫੰਡ, ਮਹੀਨਾ ਫਰਵਰੀ ੨੦੨੬

ਸੀ: ਨੰ:	ਨਾਮ ਖਾਤਾ	ਪੰਨਾ	ਨਾਮ	ਜਮ੍ਹਾਂ
	(੧) ਨਿਰੋਲ ਆਮਦਨ/ਖਰਚ			
੧	ਇੰਟਰਨਲ ਆਡਿਟ ਫੀਸ	੫੮੪/੨	੩੦੦੦੦.੦੦	
੨	ਐਂਟਰਟੇਨਮੈਂਟ	੩੧੩/੧	੪੩੯੩੪.੦੦	੨੭੯੨੦.੦੦
੩	ਕਿਰਾਇਆ ਕੁਆਟਰ ਸ਼੍ਰੋ: ਕਮੇਟੀ (ਮੁਲਾਜਮ)	੫੭੫/੨		੮੫੨੪.੦੦
੪	ਕੰਪਿਊਟਰ ਖਰਚ	੮੬੦/੨	੨੫੯੭੫.੦੦	
੫	ਖਰਚ ਗੁ:ਗਜਟ	੩੦੭/੧	੬੦੦੭੯.੦੦	
੬	ਖਰਚ ਗੱਡੀਆਂ (ਤੇਲ, ਮੁਰੰਮਤ, ਬੀਮਾ)	੧੩੬੬/੩	੩੪੬੦੩੧.੦੦	੧੪੫੭੧.੦੦
੭	ਖਰਚ ਗੱਡੀ (ਸਬ-ਆਫਿਸ ਚੰਡੀਗੜ੍ਹ)	੬੩੨/੨	੩੯੨੨੪.੦੦	
੮	ਖਰਚ ਸਬ-ਆਫਿਸ ਚੰਡੀਗੜ੍ਹ (ਐਂਟਰਟੇਨਮੈਂਟ)	੬੩੮/੨	੬੧੭੮੬.੦੦	
੯	ਖਰਚ ਸਬ-ਆਫਿਸ ਚੰਡੀਗੜ੍ਹ (ਫੁਟਕਲ)	੬੪੪/੨	੫੫੨੭੭.੦੦	
੧੦	ਖਰਚ ਸਬ-ਆਫਿਸ ਚੰਡੀਗੜ੍ਹ (ਬਿਜਲੀ, ਪਾਣੀ, ਟੈਲੀਫੋਨ)	੬੫੦/੨	੨੩੩੬੮.੦੦	
੧੧	ਖਰਚ ਸ੍ਰੀ ਕਲਗੀਧਰ ਨਿਵਾਸ (ਐਂਟਰਟੇਨਮੈਂਟ)	੬੫੮/੨	੫੬੧੬੦.੦੦	
੧੨	ਖਰਚ ਸ੍ਰੀ ਕਲਗੀਧਰ ਨਿਵਾਸ (ਫੁਟਕਲ)	੬੭੫/੨	੬੦੮੫੭.੦੦	
੧੩	ਖਰਚ ਸ੍ਰੀ ਕਲਗੀਧਰ ਨਿਵਾਸ (ਬਿਜਲੀ, ਪਾਣੀ, ਟੈਲੀਫੋਨ)	੬੭੯/੨	੨੧੦੮੯.੦੦	
੧੪	ਚੜ੍ਹਤ ਗੋਲਕ ਗੁ:ਕਲਗੀਧਰ ਨਿਵਾਸ, ਚੰਡੀਗੜ੍ਹ	੫੮੬/੨		੨੬੮੫੧.੦੦
੧੫	ਟੈਲੀਫੋਨ ਇੰਟਰਨਲ	੫੬੧/੨	੪੪੦੦.੦੦	
੧੬	ਟੈਲੀਫੋਨ ਦਫਤਰ	੫੪੫/੨	੧੧੫੩੮.੦੦	
੧੭	ਠੇਕਾ ਜ਼ਮੀਨ ਗੁ: ਸ੍ਰੀ ਬੁਰਜ ਸਾਹਿਬ ਧਾਰੀਵਾਲ ਪਿੰਡ ਔਜਲਾ	੩੩੬/੧		੧੯੩੬੦.੦੦
੧੮	ਠੇਕਾ ਜ਼ਮੀਨ ਪਿੰਡ ਝੱਜੀਆਂ ਖੁਰਦ ਤਹਿ: ਬਟਾਲਾ	੩੩੬/੧		੨੪੪੬੨.੦੦
੧੯	ਡਾਕ ਖਰਚ	੫੯੧/੨	੬੯੬੯.੦੦	
੨੦	ਤਨਖਾਹ ਸਬ-ਆਫਿਸ ਚੰਡੀਗੜ੍ਹ	੬੭੧/੨	੧੪੦੮੭੨੫.੦੦	
੨੧	ਤਨਖਾਹ ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ	੬੬੬/੨	੩੫੬੫੫੮.੦੦	
੨੨	ਤਨਖਾਹ ਇੰਸਪੈਕਸ਼ਨ ਵਿਭਾਗ	੧੯੪/੧	੫੮੭੧੪੩੩.੦੦	
੨੩	ਤਨਖਾਹ ਜਨਰਲ ਵਿਭਾਗ ਕਲਰਕ, ਹੈਲਪਰ, ਸੇਵਾਦਾਰ	੨੧੧/੧	੨੦੨੧੧੨੫੮.੦੦	
੨੪	ਤਨਖਾਹ ਸਬ-ਆਫਿਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ	੬੯੧/੨	੩੮੩੨੧੧.੦੦	

੨੫	ਤਨਖਾਹ ਸਬ-ਆਫਿਸ ਤਲਵੰਡੀ ਸਾਬੋ, ਬਠਿੰਡਾ	੬੯੮/੨	੫੩੨੬੪੬.੦੦	
੨੬	ਦਸਵੰਧ ਗੁ:ਸਾਹਿਬਾਨ ਦਫਾ ੮੫ ਤੋਂ	੩੦/੧		੩੫੧੧੬੩੨੬.੦੦
੨੭	ਦਸਵੰਧ ਗੁ:ਸਾਹਿਬਾਨ ਦਫਾ ੮੭ ਤੋਂ	੧੫੯/੧		੫੪੪੪੫੫੦.੦੦
੨੮	ਪਬਲੀਸਿਟੀ	੨੨੮/੧	੧੫੬੦੬੭.੦੦	
੨੯	ਫੁਟਕਲ	੪੧੬/੧	੩੭੫੪੪.੦੦	੫੩੬੬੧.੪੦
੩੦	ਮੁਰੰਮਤ ਸਮਾਨ	੨੭੬/੧	੪੦੦੦.੦੦	
੩੧	ਮੁਕੱਦਮੇ ਸਮੇਤ ਖਰਚਾ ਜੁਡੀਸ਼ਲ ਕਮਿਸ਼ਨ	੨੫੯/੧	੨੦੦੫੧੬੯.੦੦	
੩੨	ਰੈਨੋਵੇਸ਼ਨ ਗੁ: ਕਲਗੀਧਰ ਨਿਵਾਸ ਚੰਡੀਗੜ੍ਹ	੬੮੪/੨	੩੬੩੦੭੭.੦੦	
੩੩	ਰੋਸ਼ਨੀ	੧੧੪੬/੩	੨੮੬੩੭.੦੦	
੩੪	ਵਰਦੀਆਂ ਮੁਲਾਜਮਾਂ	੩੧੮/੧	੮੩੧੦੦.੦੦	
੩੫	ਸਟੇਸ਼ਨਰੀ ਦਫਤਰ	੬੦੪/੨	੧੫੪੩੫੭.੦੦	
੩੬	ਸਫਰ ਖਰਚ ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨ	੧੧੮੮/੩	੨੪੭੬੩੫.੦੦	
੩੭	ਸਫਰ ਖਰਚ ਮੁਲਾਜਮਾਂ	੧੩੦੧/੩	੬੪੬੬੪੨.੦੦	
੩੮	ਸਮਾਨ ਕੰਪਿਊਟਰ	੬੧੧/੨	੧੩੭੮੦੦.੦੦	
੩੯	ਸਮਾਨ ਗੁ: ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ	੬੮੨/੨	੫੭੦੦.੦੦	
੪੦	ਸਮਾਨ ਤੇ ਕਿਤਾਬਾਂ ਸਬ-ਆਫਿਸ ਚੰਡੀਗੜ੍ਹ	੬੫੨/੨	੯੦੦੦.੦੦	
੪੧	ਸਮਾਨ ਤੇ ਫਰਨੀਚਰ ਦਫਤਰ	੬੨੦/੨	੭੪੭੬੦.੦੦	
੪੨	ਸਹਾਇਤਾ ਇਮਾਰਤ ਗੁ: ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ	੬੮੭/੨		੪੯੦੦੦.੦੦
੪੩	ਸਹਾਇਤਾ ਗਰੀਬ ਬੱਚਿਆਂ ਦੀ ਪੜ੍ਹਾਈ	੫੨੧/੨	੨੭੩੫੦੦.੦੦	
੪੪	ਸਹਾਇਤਾ ਨਵੇਂ ਵਿਦਿਅਕ ਅਦਾਰੇ	੧੧੫੭/੩	੧੫੫੬੫੪.੦੦	
੪੫	ਸੂਦ ਬੈਂਕਾਂ	੨੬੩/੧		੪੭੭੭੪੫੩੨.੮੭
	ਜੋੜ ਨਿਰੋਲ ਆਮਦਨ/ਖ਼ਰਚ		**੩੪੦੨੬੮੨੦.੦੦**	**੮੮੫੫੬੭੮੮.੨੭**
	(੨) ਹੋਰ ਲੈਣਦਾਰੀਆਂ ਤੇ ਦੇਣਦਾਰੀਆਂ			
੪੬	ਅਮਾਨਤ ਮੈਡੀਕਲ ਬੀਮਾ ਮੁਲਾਜਮਾਂ	੭੩੭/੨	੪੬੮੧੨੪੨.੬੦	੪੮੧੦੬੨੬.੬੦
੪੭	ਇੰਨਕਮ ਟੈਕਸ ਫਰਮਾਂ	੧੮੪੩/੪	੭੬੪੦੨.੦੦	੭੬੪੦੨.੦੦
੪੮	ਇੰਨਕਮ ਟੈਕਸ ਮੁਲਾਜਮਾਂ	੧੮੫੬/੪	੧੧੧੧੦੦.੦੦	੧੧੧੧੦੦.੦੦
੪੯	ਕਰਜਾ ਗੁ: ਸਾਹਿਬ ਗੁਰੂ ਕਾ ਬਾਗ਼, ਘੁੱਕੇਵਾਲੀ	੭੫੧/੨		੧੭੧੪੪੮.੦੦
੫੦	ਤਨਖਾਹ ਸਟਾਫ ਆਨ ਡੈਪੂਟੇਸ਼ਨ	੮੦੧/੨	੫੬੫੦੬.੦੦	
੫੧	ਪ੍ਰੋਫੈਸ਼ਨਲ ਟੈਕਸ	੧੦੬੪/੩		੪੬੬੦੦੦.੦੦
੫੨	ਪੇਸ਼ਗੀ ਜਨਰਲ	੧੦੩੬/੩	੨੭੩੪੮੬੬.੦੦	੧੪੬੬੬੩੩.੦੦
੫੩	ਪੇਸ਼ਗੀ ਬੀਮਾ ਮੁਲਾਜਮਾਂ	੮੩੭/੨		੫੫੦੭੭੮.੮੦
੫੪	ਵਸੂਲਣਯੋਗ ਤਨਖਾਹ	੭੬੨/੨	੨੭੦੦.੦੦	

੫੫	ਵਿਕਰੀ ਸਟਾਕ ਸਟੇਸ਼ਨਰੀ	੮੨੦/੨		੪੭੦੧.੦੦
	ਜੋੜ		੭੬੬੮੪੬.੯੦	੭੬੯੦੬੯੨.੭੦
	(੩) ਬੈਂਕਾਂ ਰਾਹੀਂ ਲੈਣ/ਦੇਣ			
੫੬	ਆਈ.ਸੀ.ਆਈ.ਸੀ.ਆਈ. ਬੈਂਕ ਖਾਤਾ ਨੰ:			
	੦੦੬੬੦੧/੦੧੧੨੭੫	੧੭੭੬/੪	੫੦੦੦੦੦੦.੦੦	੧੨੦੧੩੮.੦੦
੫੭	ਇਕਿਉਟਾਸ ਸਮਾਲ ਫਾਈਨੈਸ ਬੈਂਕ ਖਾਤਾ ਨੰ:			
	੧੦੦੦੩੦੦੦੧੩੧੩	੧੯੦੬/੪	੧੪੨੧੯੭੨੦੩.੦੦	੧੪੩੧੧੮੭੭੬.੬੦
੫੮	ਇੰਡੀਅਨ ਬੈਂਕ, ਕੱਟੜਾ ਆਹਲੂਵਾਲੀਆ			
	ਖਾਤਾ ਨੰ: ੮੬੯੪/੧੭੬੩੦	੧੫੦੯/੪	੫੦੦੦੦੦.੦੦	੧੪੫੦੭੫.੦੦
੫੯	ਐਚ.ਡੀ.ਐਫ.ਸੀ. ਬੈਂਕ ਖਾਤਾ ਨੰ: ੩੧੬੦੨੭	੧੬੫੨/੪	੫੧੮੭੦੭੭੮੨.੪੦	੫੨੪੭੬੬੮੦੬.੦੦
੬੦	ਪੰਜਾਬ ਐਂਡ ਸਿੰਧ ਬੈਂਕ ਖਾਤਾ ਨੰ: ੨੧੨੩	੧੬੦੧/੪	੪੯੯੪੭੮੭.੦੦	੩੪੭੪੫੨੬੭.੦੦
੬੧	ਪੰਜਾਬ ਨੈਸ਼ਨਲ ਬੈਂਕ ਮਾਤਾ ਗੰਗਾ ਜੀ ਨਿਵਾਸ			
	ਖਾਤਾ ਨੰ: ੫੭੪੪	੧੬੯੮/੪	੧੫੮੬੧੨੧੭.੩੦	੫੫੧੩੦੭੭.੩੦
੬੨	ਬੈਂਕ ਆਫ ਇੰਡੀਆ ਖਾਤਾ ਨੰ: ੪੬੧੨	੧੭੯੭/੪	੧੬੫੬੧੬੯.੮੭	੭੪੬੧੦.੦੦
੬੩	ਮਿਆਦੀ ਹਿਸਾਬ ਜਨਰਲ ਇਕਿਉਟਸ ਸਮਾਲ			
	ਫਾਈਨੈਂਸ ਬੈਂਕ	੧੮੦੨/੪		੧੩੦੦੦੦੦੦.੦੦
੬੪	ਮਿਆਦੀ ਹਿਸਾਬ ਜਨਰਲ ਏ.ਯੂ. ਸਮਾਲ ਫਾਈਨੈਂਸ ਬੈਂਕ	੧੮੨੦/੪	੧੪੦੦੦੦੦੦.੦੦	
੬੫	ਮਿਆਦੀ ਹਿਸਾਬ ਜਨਰਲ ਐਚ.ਡੀ.ਐਫ.ਸੀ. ਬੈਂਕ	੧੮੦੫/੪	੫੧੦੦੦੦੦੦.੦੦	੩੭੦੦੦੦੦੦.੦੦
੬੬	ਮਿਆਦੀ ਹਿਸਾਬ ਯੈਸ ਬੈਂਕ ਹਾਲ ਬਜ਼ਾਰ	੧੮੦੮/੪		੭੦੦੦੦੦੦.੦੦
੬੭	ਸਟੇਟ ਬੈਂਕ ਆਫ ਇੰਡੀਆ ਖਾਤਾ ਨੰ:			
	੬੫੦੨੨੧੬੭੦੭੫	੧੭੫੫/੪	੪੦੬੧੦੭੮.੪੦	੬੬੧੬੪੪੬.੦੦
	ਬੈਂਕ ਖਾਤਿਆਂ ਦਾ ਜੋੜ		**੧੩੪੩੦੦੮੨੬੭.੬੭**	**੧੨੮੮੪੦੨੧੬੫.੬੦**
	ਜੋੜ (ਸਿਰਲੇਖ ੧+੨+੩)		**੧੩੮੪੭੦੩੬੩੪.੮੭**	**੧੩੮੪੬੫੨੬੭੬.੮੭**
	ਹੱਥ ਦੀ ਬਾਕੀ		**੨੨੧੬੨੫.੦੦**	**੨੭੨੮੮੩.੦੦**
	ਕੁੱਲ ਜੋੜ		**੧੩੮੪੬੨੫੮੫੬.੮੭**	**੧੩੮੪੬੨੫੮੫੬.੮੭**

ਸਹੀ/-
ਚੀਫ਼ ਅਕਾਊਂਟੈਂਟ,

ਸਹੀ/-
ਮੀਤ/ਐਡੀ:/ ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਕਾਰਵਾਈ ਇਜਲਾਸ

ੴ ਸਤਿਗੁਰ ਪ੍ਰਸਾਦਿ॥

ਕਾਰਵਾਈ ਜਨਰਲ ਸਮਾਗਮ (ਬਜਟ ਇਜਲਾਸ)

੧੫ ਚੇਤ ਸੰਮਤ ਨਾਨਕਸ਼ਾਹੀ ੫੫੮

੨੯ ਮਾਰਚ ੨੦੨੬

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਜਿਸਟਰਡ ਪੱਤਰ ਨੰਬਰ ੨੩੪੫੨ ਮਿਤੀ ੦੭-੦੩-੨੦੨੬ ਰਾਹੀਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਬਜਟ ਸਮਾਗਮ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮ (ਮੁਤਾਬਿਕ ੨੯ ਮਾਰਚ ੨੦੨੬) ਦਿਨ ਸ਼ਨਿਚਰਵਾਰ ਨੂੰ ਦੁਪਹਿਰ ੧੨.੦੦ ਵਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਐਡਵੋਕੇਟ ਸ. ਹਰਜਿੰਦਰ ਸਿੰਘ ਜੀ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਪ੍ਰਧਾਨਗੀ ਹੇਠ ਅਰੰਭ ਹੋਈ। ਇਕੱਤਰਤਾ ਵਿੱਚ ਹੇਠ ਲਿਖੇ ਮੈਂਬਰ ਸਾਹਿਬਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਾਮਿਲ ਹੋਏ:-

ਸੀ.ਨੰ.	ਹਲਕਾ ਨੰ.	ਨਾਮ ਹਲਕਾ	ਨਾਮ ਮੈਂਬਰ ਸਾਹਿਬਾਨ
ਹਿਮਾਚਲ			
੧	੧	ਸ਼ਿਮਲਾ	ਸ. ਦਲਜੀਤ ਸਿੰਘ ਜੀ ਭਿੰਡਰ
ਹਰਿਆਣਾ ਰਾਜ			
੨	੩/੧	ਅੰਬਾਲਾ	ਸ. ਅਮਰੀਕ ਸਿੰਘ ਜਨੈਤਪੁਰ
੩	੩/੨	ਅੰਬਾਲਾ	ਸ. ਹਰਪਾਲ ਸਿੰਘ ਜੀ
੪	੪/੧	ਯਮੁਨਾ ਨਗਰ	ਸ. ਬਲਦੇਵ ਸਿੰਘ ਜੀ ਕਾਇਮਪੁਰ
੫	੫	ਕੁਰੂਕਸ਼ੇਤਰ	ਸ. ਹਰਭਜਨ ਸਿੰਘ ਜੀ ਮਸਾਣਾ
੬	੯	ਸਿਰਸਾ	ਸ. ਗੁਰਮੀਤ ਸਿੰਘ ਜੀ ਤਿਲੋਕੇਵਾਲਾ
੭	੧੦	ਡੱਬਵਾਲੀ	ਸ. ਜਗਸੀਰ ਸਿੰਘ ਜੀ ਮਾਂਗੇਆਣਾ
ਪੰਜਾਬ ਰਾਜ			
ਜ਼ਿਲ੍ਹਾ ਮੁਕਤਸਰ ਸਾਹਿਬ			
੮	੧੨/੨	ਗਿੱਦੜਬਾਹਾ	ਬੀਬੀ ਕਿਰਨਵੀਰ ਕੌਰ ਜੀ
ਜ਼ਿਲ੍ਹਾ ਫਿਰੋਜ਼ਪੁਰ			
੯	੧੫/੧	ਅਬੋਹਰ	ਸ. ਕੌਰ ਸਿੰਘ ਜੀ ਬਹਾਵਵਾਲਾ
੧੦	੧੫/੨	ਅਬੋਹਰ	ਬੀਬੀ ਪਰਮਿੰਦਰ ਕੌਰ ਜੀ
੧੧	੧੮	ਮਮਦੋਟ	ਸ. ਪ੍ਰੀਤਮ ਸਿੰਘ ਜੀ ਮਲਸੀਆਂ
੧੨	੧੯/੧	ਫਿਰੋਜ਼ਪੁਰ	ਸ. ਦਰਸ਼ਨ ਸਿੰਘ ਜੀ ਸ਼ੇਰ ਖਾਂ
੧੩	੧੯/੨	ਫਿਰੋਜ਼ਪੁਰ	ਸ. ਬਲਵਿੰਦਰ ਸਿੰਘ ਜੀ ਭੰਬਾ ਲੰਡਾ
੧੪	੨੦/੧	ਤਲਵੰਡੀ ਭਾਈ	ਸ. ਸਤਪਾਲ ਸਿੰਘ ਜੀ ਤਲਵੰਡੀ
੧੫	੨੧	ਜੀਰਾ	ਸ. ਗੁਰਮੀਤ ਸਿੰਘ ਜੀ ਬੂਹਗੁੱਜਰਾਂ
੧੬	੨੨	ਧਰਮਕੋਟ	ਸ. ਸੁਖਜੀਤ ਸਿੰਘ ਜੀ ਲੋਹਗੜ੍ਹ

੧੭	੨੬	ਬਾਘਾ ਪੁਰਾਣਾ	ਸ. ਸੁਖਹਰਪ੍ਰੀਤ ਸਿੰਘ ਜੀ ਰੋਡੇ
ਜ਼ਿਲ੍ਹਾ	**ਫਰੀਦਕੋਟ**		
੧੮	੨੮/੨	ਫਰੀਦਕੋਟ	ਬੀਬੀ ਗੁਰਿੰਦਰ ਕੌਰ ਜੀ
੧੯	੨੯	ਕੋਟਕਪੂਰਾ	ਸ. ਸ਼ੇਰ ਸਿੰਘ ਜੀ ਮੰਡ
ਜ਼ਿਲ੍ਹਾ	**ਬਠਿੰਡਾ**		
੨੦	੩੧/੧	ਭਗਤਾ	ਸ. ਫੁੰਮਣ ਸਿੰਘ ਜੀ
੨੧	੩੪/੨	ਬੱਲੂਆਣਾ	ਬੀਬੀ ਜੋਗਿੰਦਰ ਕੌਰ ਜੀ
ਜ਼ਿਲ੍ਹਾ	**ਮਾਨਸਾ**		
੨੨	੩੭	ਸਰਦੂਲਗੜ੍ਹ	ਸ੍: ਸੁਰਜੀਤ ਸਿੰਘ ਜੀ ਰਾਏਪੁਰ
੨੩	੩੮/੧	ਮਾਨਸਾ	ਸ. ਮਿੱਠੂ ਸਿੰਘ ਜੀ ਕਾਹਨੇ ਕੇ
੨੪	੩੮/੨	ਮਾਨਸਾ	ਸ. ਬੂਟਾ ਸਿੰਘ ਜੀ
੨੫	੩੯	ਜੋਗਾ	ਸ. ਗੁਰਪ੍ਰੀਤ ਸਿੰਘ ਜੀ ਝੱਬਰ
ਜ਼ਿਲ੍ਹਾ	**ਸੰਗਰੂਰ**		
੨੬	੪੧	ਮੂਨਕ	ਬੀਬੀ ਪਰਮਜੀਤ ਕੌਰ ਜੀ
੨੭	੪੨/੨	ਸੁਨਾਮ	ਬੀਬੀ ਜਸਪਾਲ ਕੌਰ ਜੀ
੨੮	੪੩/੨	ਲੌਂਗੋਵਾਲ	ਸ. ਮਲਕੀਤ ਸਿੰਘ ਜੀ ਚੰਗਾਲ
ਜ਼ਿਲ੍ਹਾ	**ਬਰਨਾਲਾ**		
੨੯	੪੪	ਬਰਨਾਲਾ	ਸ. ਪਰਮਜੀਤ ਸਿੰਘ ਜੀ ਖਾਲਸਾ
੩੦	੪੫	ਭਦੌੜ	ਸ. ਬਲਦੇਵ ਸਿੰਘ ਜੀ ਚੂੰਘਾ
੩੧	੪੬/੨	ਚੰਨਣਵਾਲ	ਸੰਤ ਬਲਬੀਰ ਸਿੰਘ ਜੀ ਘੁੰਨਸ
ਜ਼ਿਲ੍ਹਾ	**ਸੰਗਰੂਰ**		
੩੨	੪੭/੨	ਧੂਰੀ	ਬੀਬੀ ਸ਼ਰਨਜੀਤ ਕੌਰ ਜੀ
੩੩	੪੯	ਅਮਰਗੜ੍ਹ	ਸ. ਭੁਪਿੰਦਰ ਸਿੰਘ ਜੀ ਭਲਵਾਨ
੩੪	੫੧/੧	ਦਿੜਬਾ	ਸ. ਹਰਦੇਵ ਸਿੰਘ ਜੀ ਰੋਗਲਾ
੩੫	੫੧/੨	ਦਿੜਬਾ	ਬੀਬੀ ਮਲਕੀਤ ਕੌਰ ਜੀ ਕਮਾਲਪੁਰ
ਜ਼ਿਲ੍ਹਾ	**ਪਟਿਆਲਾ**		
੩੬	੫੫/੧	ਡਕਾਲਾ	ਸ. ਜਰਨੈਲ ਸਿੰਘ ਜੀ ਕਰਤਾਰਪੁਰ
੩੭	੫੭/੧	ਸਨੌਰ	ਸ. ਜਸਮੇਰ ਸਿੰਘ ਜੀ ਲਾਛੜੂ
੩੮	੫੯	ਰਾਜਪੁਰਾ	ਸ. ਸੁਰਜੀਤ ਸਿੰਘ ਜੀ ਗੜ੍ਹੀ
ਜ਼ਿਲ੍ਹਾ	**ਫਤਹਿਗੜ੍ਹ ਸਾਹਿਬ**		
੩੯	੬੦	ਫਤਹਿਗੜ੍ਹ ਸਾਹਿਬ	ਸ. ਗੁਰਪ੍ਰੀਤ ਸਿੰਘ ਜੀ
੪੦	੬੧/੨	ਬੱਸੀ ਪਠਾਣਾਂ	ਸ. ਅਵਤਾਰ ਸਿੰਘ ਜੀ ਰਿਆ
ਜ਼ਿਲ੍ਹਾ	**ਲੁਧਿਆਣਾ**		
੪੧	੬੪	ਪਾਇਲ	ਸ. ਰਘਬੀਰ ਸਿੰਘ ਜੀ ਸਹਾਰਨ ਮਾਜਰਾ
੪੨	੬੫/੨	ਦੋਰਾਹਾ	ਸ. ਹਰਪਾਲ ਸਿੰਘ ਜੀ ਜੱਲਾ

੪੩	੬੬	ਪੱਖੋਵਾਲ	ਸ. ਹਰਪ੍ਰੀਤ ਸਿੰਘ ਜੀ ਗਰਚਾ ਐਡਵੋਕੇਟ
੪੪	੬੭	ਰਾਏਕੋਟ	ਸ. ਜਗਜੀਤ ਸਿੰਘ ਜੀ ਤਲਵੰਡੀ
੪੫	੬੮/੧	ਜਗਰਾਉਂ	ਸ. ਗੁਰਚਰਨ ਸਿੰਘ ਜੀ ਗਰੇਵਾਲ
੪੬	੭੦/੨	ਮੁੱਲਾਂਪੁਰ ਦਾਖਾ	ਸ. ਕੇਵਲ ਸਿੰਘ ਜੀ ਬਾਦਲ
੪੭	੭੧	ਲੁਧਿਆਣਾ ਸ਼ਹਿਰ (ਦੱਖਣੀ)	ਸ. ਬਲਵਿੰਦਰ ਸਿੰਘ ਜੀ ਬੈਂਸ
੪੮	੭੨/੨	ਲੁਧਿਆਣਾ ਸ਼ਹਿਰ (ਪੱਛਮੀ)	ਬੀਬੀ ਰਜਿੰਦਰ ਕੌਰ ਜੀ
੪੯	੭੫/੨	ਸਮਰਾਲਾ	ਬੀਬੀ ਹਰਜਿੰਦਰ ਕੌਰ ਜੀ
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ			
੫੦	੭੬/੨	ਬਲਾਚੌਰ	ਸ. ਗੁਰਬਖਸ਼ ਸਿੰਘ ਜੀ ਖਾਲਸਾ
ਜ਼ਿਲ੍ਹਾ ਜਲੰਧਰ			
੫੧	੭੮	ਫਿਲੌਰ	ਸ. ਕੁਲਵੀਰ ਸਿੰਘ ਜੀ ਬੜਾ ਪਿੰਡ
੫੨	੮੦/੨	ਸ਼ਾਹਕੋਟ	ਸ. ਬਲਦੇਵ ਸਿੰਘ ਜੀ ਕਲਿਆਣ
੫੩	੮੧/੨	ਆਦਮਪੁਰ	ਬੀਬੀ ਦਵਿੰਦਰ ਕੌਰ ਜੀ ਕਾਲੜਾ
੫੪	੮੨	ਜਲੰਧਰ	ਸ. ਕੁਲਵੰਤ ਸਿੰਘ ਜੀ ਮੰਨਣ
੫੫	੮੩/੨	ਕਰਤਾਰਪੁਰ	ਬੀਬੀ ਗੁਰਮੀਤ ਕੌਰ ਜੀ ਭਟਨੂਰਾ
ਜ਼ਿਲ੍ਹਾ ਕਪੂਰਥਲਾ			
੫੬	੮੪/੨	ਫਗਵਾੜਾ	ਬੀਬੀ ਗੁਰਪ੍ਰੀਤ ਕੌਰ ਜੀ
੫੭	੮੫	ਕਪੂਰਥਲਾ	ਸ. ਜਰਨੈਲ ਸਿੰਘ ਜੀ ਡੋਗਰਾਂਵਾਲਾ
ਜ਼ਿਲ੍ਹਾ ਸ੍ਰੀ ਅੰਮ੍ਰਿਤਸਰ			
੫੮	੮੮/੧	ਖਡੂਰ ਸਾਹਿਬ	ਸ. ਅਮਰਜੀਤ ਸਿੰਘ ਜੀ ਭਲਾਈਪੁਰ
੫੯	੮੮/੨	ਖਡੂਰ ਸਾਹਿਬ	ਸ. ਬਲਵਿੰਦਰ ਸਿੰਘ ਜੀ ਵੇਈਂਪੂਈਂ
੬੦	੮੯	ਨੌਸ਼ਹਿਰਾ ਪਨੂੰਆਂ	ਸ. ਗੁਰਬਚਨ ਸਿੰਘ ਜੀ ਕਰਮੂੰਵਾਲਾ
੬੧	੯੦/੧	ਪੱਟੀ	ਸ. ਖੁਸ਼ਵਿੰਦਰ ਸਿੰਘ ਜੀ ਪੱਟੀ
੬੨	੯੦/੨	ਪੱਟੀ	ਬੀਬੀ ਹਰਜਿੰਦਰ ਕੌਰ ਜੀ
੬੩	੯੨	ਭਿੱਖੀਵਿੰਡ	ਸ. ਮਨਜੀਤ ਸਿੰਘ ਜੀ
੬੪	੯੫/੧	ਵੇਰਕਾ	ਸ. ਮੰਗਵਿੰਦਰ ਸਿੰਘ ਜੀ ਖਾਪੜਖੇੜੀ
੬੫	੯੭	ਅੰਮ੍ਰਿਤਸਰ ਸ਼ਹਿਰ (ਕੇਂਦਰੀ)	ਸ. ਰਾਜਿੰਦਰ ਸਿੰਘ ਜੀ ਮਹਿਤਾ
੬੬	੯੮/੧	ਅੰਮ੍ਰਿਤਸਰ ਸ਼ਹਿਰ (ਪੱਛਮੀ)	ਸ. ਬਾਵਾ ਸਿੰਘ ਜੀ ਗੁਮਾਨਪੁਰਾ
੬੭	੯੯/੧	ਚੋਗਾਵਾਂ	ਸ. ਸੁਰਜੀਤ ਸਿੰਘ ਜੀ ਭਿੱਟੇਵੱਡ
੬੮	੧੦੦	ਅਜਨਾਲਾ	ਸ. ਅਮਰੀਕ ਸਿੰਘ ਜੀ ਵਿਛੋਆ
੬੯	੧੦੧/੨	ਗੁਰੂ ਕਾ ਬਾਗ਼	ਬੀਬੀ ਸਵਰਨ ਕੌਰ ਜੀ ਤੇੜਾ
੭੦	੧੦੩	ਮੱਤੇਵਾਲ	ਸ. ਭਗਵੰਤ ਸਿੰਘ ਜੀ ਸਿਆਲਕਾ
ਜ਼ਿਲ੍ਹਾ ਗੁਰਦਾਸਪੁਰ			
੭੧	੧੦੪	ਸ੍ਰੀ ਹਰਿਗੋਬਿੰਦਪੁਰ	ਸ. ਸੁਰਜੀਤ ਸਿੰਘ ਜੀ ਤੁਗਲਵਾਲਾ
੭੨	੧੦੫/੧	ਬਟਾਲਾ	ਸ. ਗੁਰਿੰਦਰਪਾਲ ਸਿੰਘ ਜੀ ਗੋਰਾ

੭੩	੧੦੫/੨	ਬਟਾਲਾ	ਸ. ਗੁਰਨਾਮ ਸਿੰਘ ਜੀ ਜੱਸਲ
੭੪	੧੦੭/੨	ਡੇਰਾ ਬਾਬਾ ਨਾਨਕ	ਬੀਬੀ ਜੋਗਿੰਦਰ ਕੌਰ ਜੀ
੭੫	੧੦੮/੨	ਧਾਰੀਵਾਲ	ਬੀਬੀ ਜਸਬੀਰ ਕੌਰ ਜੀ ਜੱਫਰਵਾਲ

ਜ਼ਿਲ੍ਹਾ ਹੁਸ਼ਿਆਰਪੁਰ

੭੬	੧੧੧	ਮੁਕੇਰੀਆਂ	ਸ. ਰਵਿੰਦਰ ਸਿੰਘ ਜੀ ਚੱਕ
੭੭	੧੧੨	ਦਸੂਹਾ	ਸ. ਤਾਰਾ ਸਿੰਘ ਜੀ ਤਲਵੰਡੀ ਸੱਲਾਂ
੭੮	੧੧੩/੧	ਸ਼ਾਮ ਚੁਰਾਸੀ	ਸ. ਹਰਜਿੰਦਰ ਸਿੰਘ ਜੀ ਧਾਮੀ ਐਡਵੋਕੇਟ
੭੯	੧੧੪	ਹੁਸ਼ਿਆਰਪੁਰ	ਸ. ਸੁਰਿੰਦਰ ਸਿੰਘ ਜੀ ਠੇਕੇਦਾਰ
੮੦	੧੧੫/੧	ਗੜ੍ਹਸ਼ੰਕਰ	ਸ. ਜੰਗਬਹਾਦਰ ਸਿੰਘ ਜੀ ਰਾਏ

ਜ਼ਿਲ੍ਹਾ ਰੋਪੜ

੮੧	੧੧੬/੧	ਸ੍ਰੀ ਅਨੰਦਪੁਰ ਸਾਹਿਬ	ਸ. ਅਮਰਜੀਤ ਸਿੰਘ ਜੀ ਚਾਵਲਾ

ਜ਼ਿਲ੍ਹਾ ਮੋਹਾਲੀ

੮੨	੧੧੮	ਮੋਰਿੰਡਾ	ਸ. ਅਜਮੇਰ ਸਿੰਘ ਜੀ ਖੇੜਾ

ਕੋਆਪਟਿਡ ਮੈਂਬਰ ਸਾਹਿਬਾਨ

੮੩	੨.	ਪੰਜਾਬ	ਸ. ਰਘੂਜੀਤ ਸਿੰਘ ਜੀ ਵਿਰਕ
੮੪	੭.	ਰਾਜਸਥਾਨ	ਸ. ਸੁਰਜੀਤ ਸਿੰਘ ਜੀ ਕੰਗ
੮੫	੧੦	ਯੂ.ਪੀ.	ਸ. ਸੁਖਮੀਤ ਸਿੰਘ ਜੀ ਕਾਦੀਆਂ

ਹੈੱਡ ਮਨਿਸਟਰਜ਼ ਸਾਹਿਬਾਨ

੧. ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਵਧੀਕ ਮੁੱਖ ਗ੍ਰੰਥੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

੨. ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ, ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

੩. ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ।

੪. ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)

ਬਜਟ ਇਜਲਾਸ ਦੀ ਅਰੰਭਤਾ ਦੀ ਅਰਦਾਸ ਭਾਈ ਪ੍ਰੇਮ ਸਿੰਘ ਜੀ ਮੁੱਖ ਅਰਦਾਸੀਆ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕੀਤੀ ਅਤੇ ਅਰੰਭਤਾ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਵਧੀਕ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਲਿਆ। ਮੁੱਖ ਵਾਕ ਆਇਆ:-

ਸੋਰਠਿ ਮਹਲਾ ੫॥
ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ॥
ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥
(ਸ੍ਰੀ ਗੁਰੂ ਗ੍ਰੰਥ ਸਾਹਿਬ, ੬੧੭)

ਸ. ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ

ਜੀ ਦੀ ਪਾਵਨ ਗੋਦ ਵਿੱਚ ਮਿਲ ਬੈਠੇ ਸਤਿਕਾਰਯੋਗ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫ਼ਤਹਿ ਬੁਲਾਉਂਦਿਆਂ ਹਾਊਸ ਦੀ ਕਾਰਵਾਈ ਅਰੰਭ ਕੀਤੀ ਅਤੇ ਸੱਦੇ ਗਏ ਬਜਟ ਇਜਲਾਸ ਸੰਬੰਧੀ ਜਾਣਕਾਰੀ ਦਿੰਦਿਆਂ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਬਜਟ ਇਜਲਾਸ ਸੰਬੰਧੀ ਦਫ਼ਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਾਰੀ ਪੱਤਰ ਨੰਬਰ ੨੩੪੫੨ ਮਿਤੀ ੦੭-੦੩-੨੦੨੬ ਪੜ੍ਹ ਕੇ ਸੁਣਾਈ।

ਸਮੂਹ ਮੈਂਬਰ ਸਾਹਿਬਾਨ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ਪ੍ਰਯੋਜਨ:- **ਜਨਰਲ ਇਜਲਾਸ (ਬਜਟ) ੧ਪ ਚੇਤ, ਸੰਮਤ ਨਾਨਕਸ਼ਾਹੀ ੫੫੮ (੨੮ ਮਾਰਚ, ੨੦੨੬) ਲਈ ਏਜੰਡਾ**

ਸਰਦਾਰ ਸਾਹਿਬ/ਬੀਬੀ ਜੀ,

ਮਾਨਯੋਗ ਪ੍ਰਧਾਨ ਸਾਹਿਬ ਦੀ ਆਗਿਆ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਜਨਰਲ ਇਜਲਾਸ (ਬਜਟ) ੧ਪ ਚੇਤ, ਸੰਮਤ ਨਾਨਕਸ਼ਾਹੀ ੫੫੮ (੨੮ ਮਾਰਚ, ੨੦੨੬) ਦਿਨ ਸ਼ਨਿਚਰਵਾਰ ਨੂੰ ਦੁਪਹਿਰ ੧੨.੦੦ ਵਜੇ ਤੇਜਾ ਸਿੰਘ ਸਮੁੰਦਰੀ ਹਾਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋ ਰਹੀ ਹੈ। ਇਸ ਸੰਬੰਧੀ ਸਮੂਹ ਮੈਂਬਰ ਸਾਹਿਬਾਨ ਨੂੰ ਚਿੱਠੀ ਨੰਬਰ ੨੩੪੫੨ ਮਿਤੀ ੦੭-੦੩-੨੦੨੬ ਸਪੀਡ ਪੋਸਟ ਰਾਹੀਂ ਭੇਜੀ ਗਈ ਹੈ।

ਅੱਜ ਦੀ ਇਕੱਤਰਤਾ ਦਾ ਏਜੰਡਾ ਹੇਠ ਲਿਖੇ ਅਨੁਸਾਰ ਹੈ:-

(੧) ਮੁੱਖ ਬਜਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ (ਸਾਲ ੨੦੨੬-੨੦੨੭)

ਮੁੱਖ ਬਜਟ ਦਾ ਭਾਗ- (ੳ) ਜਨਰਲ ਬੋਰਡ ਫੰਡ, ਟਰੱਸਟ ਫੰਡਜ਼, ਵਿਦਿਆ ਫੰਡ, ਸਪੋਰਟਸ ਫੰਡ, ਪ੍ਰਿੰਟਿੰਗ ਪ੍ਰੈੱਸਾਂ ਅਤੇ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ ਠੱਠਾ ਦੇ ਬਜਟ ਸਾਲ ੨੦੨੬-੨੦੨੭ ਵਿਚਾਰ ਲਈ:-

ਮੁੱਖ ਬਜਟ ਦਾ ਭਾਗ- (ਅ) ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਸ੍ਰੀ ਅੰਮ੍ਰਿਤਸਰ ਸਾਹਿਬ ਦਾ ਬਜਟ ਸਾਲ ੨੦੨੬-੨੦੨੭ ਵਿਚਾਰ ਲਈ:-

ਮੁੱਖ ਬਜਟ ਦਾ ਭਾਗ- (ੲ) ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੮੫ ਦੇ ਸਮੂਹ ਗੁਰਦੁਆਰਾ ਸਾਹਿਬਾਨ ਦੇ ਬਜਟ ਸਾਲ ੨੦੨੬-੨੦੨੭ ਵਿਚਾਰ ਲਈ:-

ਮੁੱਖ ਬਜਟ ਦਾ ਭਾਗ- (ਸ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਸਮੂਹ ਸਕੂਲਾਂ ਅਤੇ ਕਾਲਜਾਂ ਦੇ ਬਜਟ ਸਾਲ ੨੦੨੬-੨੦੨੭ ਵਿਚਾਰ ਲਈ:-

(੨) ਸਪਲੀਮੈਂਟਰੀ ਬਜਟ ਸਾਲ ੨੦੨੪-੨੦੨੫ ਅਤੇ ੨੦੨੫-੨੦੨੬ ਪ੍ਰਵਾਨਗੀ ਲਈ।

(੩) ਫੁਟਕਲ ਜਿਸ ਦੀ ਮਾਨਯੋਗ ਪ੍ਰਧਾਨ ਸਾਹਿਬ ਆਗਿਆ ਦੇਣ।

ਨੋਟ:- ਏਜੰਡੇ ਦੀ ਆਈਟਮ ਨੰਬਰ ੧ ਅਤੇ ੨ ਅਨੁਸਾਰ ਬਜਟ ਸਾਲ ੨੦੨੬-੨੦੨੭ ਅਤੇ ਸਪਲੀਮੈਂਟਰੀ ਬਜਟ ਸਾਲ ੨੦੨੪-੨੦੨੫ ਅਤੇ ੨੦੨੫-੨੦੨੬ ਦੀਆਂ ਕਾਪੀਆਂ ਆਪ ਜੀ ਨੂੰ

ਭੇਜ ਦਿੱਤੀਆਂ ਗਈਆਂ ਸਨ।

ਇਕੱਤਰਤਾ ਵਿਚ ਹਾਜ਼ਰ ਹੋਣ ਲਈ ਆਪ ਜੀ ਦਾ ਧੰਨਵਾਦ ਕੀਤਾ ਜਾਂਦਾ ਹੈ।

ਸ਼ੁਭਚਿੰਤਕ,

(ਕੁਲਵੰਤ ਸਿੰਘ ਮੰਨਣ)

ਮੁੱਖ ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਮੁੱਖ ਸਕੱਤਰ ਸਾਹਿਬ ਵੱਲੋਂ ਮਾਨਯੋਗ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਇਜਲਾਸ ਦੀ ਕਾਰਵਾਈ ਸ਼ੁਰੂ ਕਰਨ ਦੀ ਬੇਨਤੀ ਕੀਤੀ।

ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਪੰਜ ਵਾਰ ਮੂਲ ਮੰਤਰ ਦੇ ਪਾਠ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੋਦ ਵਿੱਚ ਬੈਠੇ ਸਿੰਘ ਸਾਹਿਬਾਨ, ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫ਼ਤਹਿ ਬੁਲਾ ਕੇ ਹਾਊਸ ਦੀ ਕਾਰਵਾਈ ਅਰੰਭ ਕੀਤੀ। ਪ੍ਰਧਾਨ ਸਾਹਿਬ ਨੇ ਹਾਊਸ ਅੱਗੇ ਹੇਠ ਲਿਖੇ ਸ਼ੋਕ ਮਤੇ ਪੇਸ਼ ਕੀਤੇ:-

ਸ਼ੋਕ ਮਤੇ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ (ਬਜਟ) ਪਿਛਲੇ ਸਮੇਂ ਦੌਰਾਨ ਇਨ੍ਹਾਂ ਸ਼ਖ਼ਸੀਅਤਾਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ:-

ਸ਼ੋਕ ਮਤਾ ਨੰਬਰ ੦੧.

ਬਾਬਾ ਸੁੱਚਾ ਸਿੰਘ ਜੀ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ।

ਸ਼ੋਕ ਮਤਾ ਨੰਬਰ ੦੨.

ਸ. ਅਮੀਰ ਸਿੰਘ ਰਸੀਦਾਂ, ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਸ਼ੋਕ ਮਤਾ ਨੰਬਰ ੦੩.

ਜਥੇਦਾਰ ਸੁਰਜੀਤ ਸਿੰਘ ਚੀਮਾ, ਸਾਬਕਾ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਸ਼ੋਕ ਮਤਾ ਨੰਬਰ ੦੪.

ਸ. ਬੀਰ ਸਿੰਘ, ਸਾਬਕਾ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਸ਼ੋਕ ਮਤਾ ਨੰਬਰ ੦੫.

ਸ. ਸੰਤੋਖ ਸਿੰਘ ਖੀਰਾਂਵਾਲੀ, ਸਾਬਕਾ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਨਰਲ ਇਜਲਾਸ ਇਨ੍ਹਾਂ ਸ਼ਖ਼ਸੀਅਤਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹੋਇਆ ਅਕਾਲ ਪੁਰਖ ਅੱਗੇ ਅਰਦਾਸ ਕਰਦਾ ਹੈ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਹਾਊਸ ਵੱਲੋਂ ਵਿਛੜੀਆਂ ਸ਼ਖਸ਼ੀਅਤਾਂ ਦੇ ਨਮਿਤ ਪੰਜ 'ਮੂਲ ਮੰਤਰ' ਅਤੇ ਪੰਜ 'ਗੁਰ ਮੰਤਰ' ਦੇ ਪਾਠ ਕਰ ਕੇ ਸ਼ੋਕ ਮਤੇ ਪ੍ਰਵਾਨ ਕੀਤੇ ਗਏ।

ਉਪਰੰਤ ਮੁੱਖ ਸਕੱਤਰ ਜੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (ਜਨਰਲ ਹਾਊਸ) ੧੮ ਕੱਤਕ ਸੰਮਤ ਨਾਨਕਸ਼ਾਹੀ ੫੫੭ ਮੁਤਾਬਿਕ ੦੩ ਨਵੰਬਰ ੨੦੨੫ ਦੀ ਕਾਰਵਾਈ ਦਾ ਮਤਾ ਨੰਬਰ ੦੬ ਹਾਊਸ ਵਿਚ ਪੇਸ਼ ਕੀਤਾ ਗਿਆ:-

ਮਤਾ ਨੰ: ੦੬.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (ਜਨਰਲ ਹਾਊਸ) ੧੮ ਕੱਤਕ ਸੰਮਤ ਨਾਨਕਸ਼ਾਹੀ ੫੫੭ ਮੁਤਾਬਿਕ ੦੩ ਨਵੰਬਰ ੨੦੨੫ ਦੀ ਕਾਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ 'ਗੁਰਦੁਆਰਾ ਗਜ਼ਟ' ਦੇ ਅੰਕ ਮਹੀਨਾ ਨਵੰਬਰ ੨੦੨੫ ਵਿੱਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ ਦਾ ਮਾਮਲਾ ਪੁਸ਼ਟੀ ਲਈ ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁਸਤ ਲਿਖਿਆ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ-ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖ਼ਤ ਕਰਵਾਏ ਗਏ।

ਇਸ ਉਪਰੰਤ ਪ੍ਰਧਾਨ ਸਾਹਿਬ ਵੱਲੋਂ ਮਤਾ ਨੰਬਰ ੦੭ ਤੋਂ ਮਤਾ ਨੰਬਰ ੧੫ ਤੱਕ ਜਨਰਲ ਮਤੇ ਹਾਊਸ ਵਿਚ ਪੇਸ਼ ਕੀਤੇ ਗਏ:-

ਮਤਾ ਨੰ: ੦੭.

ਸਿੱਖ ਕੌਮ ਦੇ ਮਹਾਨ ਇਤਿਹਾਸ, ਅਟੱਲ ਸਿਧਾਂਤਾਂ ਅਤੇ ਵਿਲੱਖਣ ਧਾਰਮਿਕ ਪਰੰਪਰਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਸਮੇਂ-ਸਮੇਂ 'ਤੇ ਨੀਤੀਗਤ ਏਜੰਡਿਆਂ ਤਹਿਤ ਸਿੱਖਾਂ ਦੀ ਮੌਲਿਕ ਅਤੇ ਅੱਡਰੀ ਪਛਾਣ ਨੂੰ ਰਲਗੱਡ ਕਰਨ ਦੀਆਂ ਹੋ ਰਹੀਆਂ ਕੋਸ਼ਿਸ਼ਾਂ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕਰਦਾ ਹੈ। ਅਜਿਹੀਆਂ ਹਰਕਤਾਂ ਕੇਵਲ ਸਿੱਖ ਕੌਮ ਦੀ ਵੱਖਰੀ ਪਛਾਣ ਨੂੰ ਨਿਸ਼ਾਨਾ ਬਣਾਉਣ ਤੱਕ ਹੀ ਸੀਮਤ ਨਹੀਂ ਹਨ, ਸਗੋਂ ਇਹ ਸਿੱਖ ਧਰਮ ਦੀ ਪਵਿੱਤਰਤਾ, ਅਜ਼ਾਦ ਹਸਤੀ ਅਤੇ ਮਾਨਵਤਾ ਨੂੰ ਪ੍ਰਦਾਨ ਕੀਤੇ ਉਸ ਦੇ ਉੱਚੇ ਆਦਰਸ਼ਾਂ ਲਈ ਵੀ ਸਿੱਧੀ ਚੁਨੌਤੀ ਹਨ। ਇਹ ਵਰਤਾਰਾ ਘੱਟ ਗਿਣਤੀਆਂ ਪ੍ਰਤੀ ਬਹੁਗਿਣਤੀ ਕੌਮਾਂ ਦੀਆਂ ਧਾਰਮਿਕ ਸੰਸਥਾਵਾਂ ਦੇ ਆਗੂਆਂ ਦੇ ਨਾਲ-ਨਾਲ ਇਸੇ ਸੋਚ ਵਾਲੇ ਲੋਕਾਂ ਵੱਲੋਂ ਸੋਸ਼ਲ ਮੀਡੀਆ ਉੱਤੇ ਪਰੋਸੀ ਜਾ ਰਹੀ ਵਿਚਾਰਧਾਰਾ ਨਾਲ ਸੰਬੰਧਿਤ ਹੈ।

ਜਨਰਲ ਇਜਲਾਸ ਸਪੱਸ਼ਟ ਤੌਰ 'ਤੇ ਦ੍ਰਿੜ੍ਹਤਾ ਨਾਲ ਆਖਦਾ ਹੈ ਕਿ ਸਿੱਖ ਕੌਮ ਇੱਕ ਵੱਖਰੀ ਅਤੇ ਸੁਤੰਤਰ ਧਾਰਮਿਕ ਕੌਮ ਹੈ। ਇਸ ਦਾ ਆਪਣਾ ਮਹਾਨ ਇਤਿਹਾਸ, ਵਿਲੱਖਣ ਦਰਸ਼ਨ, ਅਲੱਗ ਸਿਧਾਂਤ, ਕਦਰਾਂ-ਕੀਮਤਾਂ, ਤਿਉਹਾਰ, ਰਹਿਣ ਸਹਿਣ ਅਤੇ ਮਰਯਾਦਾਵਾਂ ਹਨ। ਸਿੱਖ ਧਰਮ ਦੇ ਮਨੁੱਖਤਾ ਲਈ ਸੱਚ, ਨਿਆਂ, ਬਰਾਬਰਤਾ, ਭਾਈਚਾਰੇ ਅਤੇ ਸੇਵਾ ਦੇ ਉੱਚ ਆਦਰਸ਼ ਹਨ।

ਸਿੱਖ ਕੌਮ ਦੀ ਨਿਰਾਲੀ ਪਛਾਣ ਕਿਸੇ ਵੀ ਹੋਰ ਧਰਮ ਦੇ ਆਦਰਸ਼ਾਂ ਤੋਂ ਪ੍ਰੇਰਿਤ ਨਹੀਂ ਹੈ। ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਗਈ ਖ਼ਾਲਸਾਈ ਪਛਾਣ, ਸਿੱਖ ਰਹਿਤ ਮਰਯਾਦਾ ਅਤੇ ਗੁਰਬਾਣੀ ਕੇਂਦਰਿਤ ਜੀਵਨ-ਮਾਰਗ ਸਿੱਖ ਕੌਮ ਦੀ ਆਤਮਿਕ ਅਤੇ ਸਭਿਆਚਾਰਕ ਹਸਤੀ ਦੇ ਮੂਲ ਆਧਾਰ ਹਨ। ਇਸ ਲਈ ਸਿੱਖ ਕੌਮ ਦੀ ਵਿਲੱਖਣ ਪਛਾਣ ਨੂੰ ਕਿਸੇ ਵੀ ਤਰੀਕੇ ਨਾਲ ਮਿਟਾਉਣ ਜਾਂ ਉਸ ਨੂੰ ਕਿਸੇ ਹੋਰ ਧਾਰਮਿਕ ਜਾਂ ਸਭਿਆਚਾਰਕ ਧਾਰਾ ਨਾਲ ਜੋੜਨ ਦੀ ਹਰ ਕੋਸ਼ਿਸ਼ ਨਾ ਸਿਰਫ਼ ਅਪ੍ਰਵਾਨ ਹੈ, ਸਗੋਂ ਇਹ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਵੀ ਖ਼ਿਲਾਫ਼ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਸਿੱਖਾਂ ਦੀ ਮੌਲਿਕ ਤੇ ਅੱਡਰੀ ਹਸਤੀ ਨੂੰ ਰਲਗੱਡ ਕਰਨ ਵਾਲੀ ਹਰ ਵਿਚਾਰਧਾਰਾ ਨੂੰ ਰੱਦ ਕਰਦਾ ਹੈ ਅਤੇ ਸਮੂਹ ਸਿੱਖ ਸੰਸਥਾਵਾਂ, ਵਿਦਵਾਨਾਂ ਅਤੇ ਸੰਸਾਰ ਭਰ ਦੀ ਸੰਗਤ ਨੂੰ ਅਪੀਲ ਕਰਦਾ ਹੈ ਕਿ ਸਿੱਖ ਧਰਮ ਦੀ ਮੌਲਿਕਤਾ, ਪਵਿੱਤਰਤਾ ਅਤੇ ਵਿਲੱਖਣ ਹੋਂਦ-ਹਸਤੀ ਨੂੰ ਮੁੱਖ ਰੱਖਦਿਆਂ ਸਦਾ ਜਾਗਰੂਕ ਰਹਿੰਦੇ ਹੋਏ, ਇਸ ਨੂੰ ਰਲਗੱਡ ਕਰਨ ਦੀ ਹਰ ਚਾਲ ਵਿਰੁੱਧ ਇਕਜੁੱਟਤਾ ਨਾਲ ਅਵਾਜ਼ ਬੁਲੰਦ ਕੀਤੀ ਜਾਵੇ।

ਮਤਾ ਨੰ: ੦੮.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਪੰਜਾਬ ਸਰਕਾਰ ਵੱਲੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ ੨੦੨੫" ਦੇ ਸੰਬੰਧ ਵਿਚ ਅਪਣਾਈ ਜਾ ਰਹੀ ਪਹੁੰਚ ਅਤੇ ਮੁੱਖ ਮੰਤਰੀ ਵੱਲੋਂ ਦਿੱਤੇ ਜਾ ਰਹੇ ਬਿਆਨ ਸੰਗਤ ਅੰਦਰ ਭਰਮ ਪੈਦਾ ਕਰਨ ਵਾਲੇ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਲਗਾਤਾਰ ਵੱਧ ਰਹੇ ਮਾਮਲੇ ਸਮੂਹ ਸਿੱਖ ਜਗਤ ਲਈ ਗੰਭੀਰ ਚਿੰਤਾ ਅਤੇ ਦੁੱਖ ਦਾ ਵਿਸ਼ਾ ਬਣੇ ਹੋਏ ਹਨ। ਰਾਜਸੀ ਪਾਰਟੀਆਂ ਨੇ ਇਸ ਮਾਮਲੇ ਉਤੇ ਸਰਕਾਰਾਂ ਬਣਾਉਣ ਲਈ ਸਿਆਸਤ ਤਾਂ ਕੀਤੀ ਪਰ ਸੰਗਤ ਦੀਆਂ ਭਾਵਨਾਵਾਂ ਦੀ ਤਰਜਮਾਨੀ ਨਾ ਕਰ ਸਕੀਆਂ।

ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਸ ਮਸਲੇ ਬਾਰੇ ਵੱਡੇ ਵਾਅਦਿਆਂ ਦੇ ਆਧਾਰ 'ਤੇ ਸੱਤਾ ਵਿੱਚ ਆਈ ਸੀ, ਪਰ ਅਫ਼ਸੋਸ ਕਿ ਇਸ ਸੰਵੇਦਨਸ਼ੀਲ ਮਾਮਲੇ ਉੱਤੇ ਇਸ ਨੇ ਵੀ ਸੰਗਤ ਨੂੰ ਨਿਰਾਸ਼ ਕੀਤਾ ਹੈ। ਇਸ ਸਰਕਾਰ ਦੇ ਸਮੇਂ ਦੌਰਾਨ ਬੇਅਦਬੀ ਦੇ ਬੇਅੰਤ ਮਾਮਲੇ ਸਾਹਮਣੇ ਆਏ ਹਨ, ਪ੍ਰੰਤੂ ਨਾ ਤਾਂ ਉਨ੍ਹਾਂ ਦੀ ਪੂਰੀ ਜਾਂਚ ਕੀਤੀ ਗਈ ਅਤੇ ਨਾ ਹੀ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਮਿਲੀਆਂ। ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਦੋਸ਼ੀ ਬਚ ਕੇ ਨਿਕਲ ਰਹੇ ਹਨ।

ਮੌਜੂਦਾ ਪੰਜਾਬ ਸਰਕਾਰ ਦੀ ਗ਼ੈਰ-ਸੰਜੀਦਗੀ ਇਸ ਗੱਲ ਤੋਂ ਵੀ ਸਾਹਮਣੇ ਆਉਂਦੀ ਹੈ ਕਿ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਜੋ ਕਾਰਵਾਈ ਸ਼ੁਰੂ ਕੀਤੀ ਗਈ, ਉਹ ਸਿਰਫ਼ ਇੱਕ ਰਸਮੀ ਅਤੇ ਮਨਮਰਜ਼ੀ ਦੀ ਕਾਰਵਾਈ ਬਣ ਕੇ ਰਹਿ ਗਈ ਹੈ। ਸਰਕਾਰ ਦੀ ਸਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸੁਝਾਅ ਤਾਂ ਮੰਗੇ ਗਏ, ਪਰ ਜਦੋਂ ਸ਼੍ਰੋਮਣੀ ਕਮੇਟੀ ਦੀ ਬਣਾਈ ਕਮੇਟੀ ਨੇ ਸਰਕਾਰ ਨੂੰ ਕਈ ਪੱਤਰ ਭੇਜ ਕੇ ਲੋੜੀਂਦੀ ਜਾਣਕਾਰੀ ਮੰਗੀ ਤਾਂ ਸਰਕਾਰ ਨੇ ਉਹ ਜਾਣਕਾਰੀ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ। ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਅਖ਼ਬਾਰੀ ਬਿਆਨਾਂ ਵਿਚ "ਦਾ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਬਾਰੇ ਹੈ, ਵਿਚ ਸੋਧ ਦੀ ਗੱਲ ਕਰਨ ਨਾਲ ਹੋਰ ਵੀ ਸਵਾਲ ਪੈਦਾ ਹੋ ਗਏ ਹਨ।

ਸਰਕਾਰ ਵੱਲੋਂ ਅਜਿਹੀ ਕਿਸੇ ਵੀ ਸੋਧ ਬਾਰੇ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੱਕ ਰਾਬਤਾ ਕਰਨ ਦੀ ਜ਼ਰੂਰਤ ਨਹੀਂ ਸਮਝੀ ਗਈ। ਅਜਿਹਾ ਰਵੱਈਆ ਸਰਕਾਰ ਦੀ ਨੀਅਤ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਇਸ ਅਹਿਮ ਮਸਲੇ ਪ੍ਰਤੀ ਮੰਗ ਕਰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕਿਉਂਕਿ ਜਾਗਤ ਜੋਤਿ ਅਤੇ ਹਾਜ਼ਰ-ਨਾਜ਼ਰ ਸਤਿਗੁਰੂ ਹਨ, ਇਸ ਲਈ ਇਸ ਦੀ ਪਵਿੱਤਰਤਾ ਅਤੇ ਮਰਯਾਦਾ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਪੰਜਾਬ ਸਰਕਾਰ ਬਿੱਲ ਨੂੰ ਲੈ ਕੇ ਸੰਗਤ ਦੀਆਂ ਭਾਵਨਾਵਾਂ ਦੀ ਤਰਜਮਾਨੀ ਯਕੀਨੀ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਗੀਆਂ ਗਈਆਂ ਸਾਰੀਆਂ ਜਾਣਕਾਰੀਆਂ ਤੁਰੰਤ ਮੁਹੱਈਆ ਕਰਵਾਏ।

ਸਰਕਾਰ ਆਪਣੀ ਮਨਮਰਜ਼ੀ ਦਾ ਐਕਟ ਬਣਾਉਣ ਦੀ ਥਾਂ ਕੌਮ ਨੂੰ ਪਹਿਲਾਂ ਉਸ ਬਾਰੇ ਸਪਸ਼ਟ ਕਰੇ ਅਤੇ ਕੌਮ ਦੇ ਸਵਾਲਾਂ ਨੂੰ ਸੰਬੋਧਤ ਹੋਵੇ ਤਾਂ ਜੋ ਇਹ ਸਿੱਖਾਂ ਦੀ ਸ਼ਰਧਾ ਭਾਵਨਾ ਅਨੁਸਾਰ ਇੱਕ ਮੁਕੰਮਲ ਤੇ ਕੌਮ ਪੱਖੀ ਕਾਨੂੰਨ ਸਾਹਮਣੇ ਆਵੇ।

"ਦਾ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ੨੦੦੮" ਨਾਲ ਕੋਈ ਛੇੜਛਾੜ ਨਾ ਕੀਤੀ ਜਾਵੇ।

ਮਤਾ ਨੰ: ੦੯

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਇਹ ਜਨਰਲ ਇਜਲਾਸ ਕਰੀਬ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਸਿੱਖ ਕੌਮ ਵੱਲੋਂ ਲਗਾਤਾਰ ਉਠਾਈ ਜਾ ਰਹੀ ਮੰਗ ਪ੍ਰਤੀ ਕੇਂਦਰ ਅਤੇ ਰਾਜ ਸਰਕਾਰਾਂ ਦੇ ਅੜੀਅਲ ਤੇ ਪੱਖਪਾਤੀ ਰਵੱਈਏ ਦੀ ਕਰੜੀ ਨਿੰਦਾ ਕਰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਲਈ ਪਾਈ ਗਈ ਪਟੀਸ਼ਨ ਨੂੰ ੧੪ ਸਾਲ ਪੂਰੇ ਹੋ ਗਏ ਹਨ। ਏਨੇ ਸਾਲਾਂ ਵਿਚ ਕਿਸੇ ਨੂੰ ਮਿਲੀ ਉਮਰ ਕੈਦ ਦੀ ਸਜ਼ਾ ਵੀ ਪੂਰੀ ਹੋ ਜਾਂਦੀ ਹੈ, ਪ੍ਰੰਤੂ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਗੰਭੀਰ ਮਾਮਲੇ ਪ੍ਰਤੀ ਅਪਣਾਈ ਜਾ ਰਹੀ ਪਹੁੰਚ ਸਰਕਾਰ ਦੀ ਨੀਤੀ ਤੇ ਨੀਤ 'ਤੇ ਵੱਡੇ ਸਵਾਲ ਪੈਦਾ ਕਰਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਸਾਲ ੨੦੧੯ ਵਿਚ ਭਾਰਤ ਸਰਕਾਰ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕੀਤਾ ਸੀ, ਪਰ ਇਸ ਨੂੰ ਲਾਗੂ ਨਾ ਕੀਤਾ ਗਿਆ। ਸੁਪਰੀਮ ਕੋਰਟ ਨੇ ਵੀ ਇਸ ਕੇਸ ਸੰਬੰਧੀ ਸੁਣਵਾਈ ਦੌਰਾਨ ਕਈ ਵਾਰ ਸਰਕਾਰ ਨੂੰ ਇਸ 'ਤੇ ਤੁਰੰਤ ਫੈਸਲਾ ਕਰਨ ਲਈ ਆਖਿਆ, ਲੇਕਿਨ ਸਰਕਾਰ ਦੀ ਪਹੁੰਚ ਹਮੇਸ਼ਾ ਨਿਰਾਸ਼ਾਜਨਕ ਹੀ ਰਹੀ। ਭਾਈ ਬਲਵੰਤ ਸਿੰਘ ਰਾਜੋਆਣਾ ਜੋ ਫਾਂਸੀ ਦੀ ਚੱਕੀ ਵਿਚ ਲੰਮੇ ਸਮੇਂ ਤੋਂ ਸਜ਼ਾ ਭੁਗਤ ਰਹੇ ਹਨ, ਉਨ੍ਹਾਂ ਨਾਲ ਕੀਤਾ ਜਾ ਰਿਹਾ ਅਜਿਹਾ ਵਿਤਕਰਾ ਸਮੁੱਚੀ ਕੌਮ ਨੂੰ ਪੀੜਾ ਦੇਣ ਵਾਲਾ ਹੈ। ਜਦੋਂ ਸਿੱਖ ਕੌਮ ਵੱਲੋਂ ਲਗਾਤਾਰ ਉਠਾਈਆਂ ਜਾਇਜ਼ ਮੰਗਾਂ ਦੇ ਬਾਵਜੂਦ ਵੀ ਕੋਈ ਸੁਣਵਾਈ ਨਾ ਹੋਵੇ ਤਾਂ ਫਿਰ ਲੋਕਤੰਤਰਿਕ ਪ੍ਰਣਾਲੀ ਦੀ ਕੀ ਅਹਿਮੀਅਤ ਰਹਿ ਜਾਂਦੀ ਹੈ? ਸਰਕਾਰਾਂ ਵੱਲੋਂ ਸਿੱਖ ਮਾਮਲਿਆਂ ਪ੍ਰਤੀ ਅਪਣਾਈ ਜਾ ਰਹੀ ਇਹ ਗ਼ੈਰ-ਸੰਜੀਦਾ ਪਹੁੰਚ ਸਿੱਖਾਂ ਅੰਦਰ ਬੇਗਾਨਗੀ ਦੀ ਭਾਵਨਾ ਪੈਦਾ ਕਰ ਰਹੀ ਹੈ।

ਅੱਜ ਦਾ ਇਜਲਾਸ ਸਮੁੱਚੀ ਸਿੱਖ ਕੌਮ ਦੀ ਮੰਗ ਦੇ ਮੱਦੇਨਜ਼ਰ ਭਾਈ ਬਲਵੰਤ ਸਿੰਘ ਰਾਜੋਆਣਾ ਸੰਬੰਧੀ ਪਟੀਸ਼ਨ 'ਤੇ ਤੁਰੰਤ ਫੈਸਲੇ ਲਈ ਕੇਂਦਰ ਸਰਕਾਰ ਨੂੰ ਆਖਦਾ ਹੈ। ਇਜਲਾਸ ਇਹ ਵੀ ਆਖਦਾ ਹੈ ਕਿ ਇਸ ਮਾਮਲੇ ਨੂੰ ਹੋਰ ਨਾ ਲਮਕਾਇਆ ਜਾਵੇ ਅਤੇ ਸਰਕਾਰ ਹਾਂ ਜਾਂ ਨਾ ਵਿਚ ਤੁਰੰਤ ਫੈਸਲਾ ਕਰੇ।

ਜਨਰਲ ਇਜਲਾਸ ਦਿੱਲੀ ਦੀ ਭਾਜਪਾ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਵਿਚ ਕੀਤੇ ਜਾ ਰਹੇ ਵਿਤਕਰੇ ਦੀ ਵੀ ਨਿੰਦਾ ਕਰਦਾ ਹੈ। ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਲਗਾਤਾਰ ਅਵਾਜ਼ ਉਠਾਈ ਜਾ ਰਹੀ ਹੈ। ਪਹਿਲਾਂ ਆਮ ਆਦਮੀ ਪਾਰਟੀ ਦੀ ਕੇਜਰੀਵਾਲ ਸਰਕਾਰ ਇਸ ਵਿਚ ਅੜਿੱਕਾ ਬਣਦੀ ਰਹੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਾਹ ਉੱਤੇ ਹੈ। ਕੇਜਰੀਵਾਲ ਸਰਕਾਰ ਸਮੇਂ ਤਾਂ ਭਾਜਪਾ ਦੇ ਸਿੱਖ ਆਗੂ ਇਸ ਮਾਮਲੇ ਉੱਤੇ ਸਵਾਲ ਚੁੱਕਦੇ ਰਹੇ ਪਰ ਹੁਣ ਉਨ੍ਹਾਂ ਦੀ ਖਾਮੋਸ਼ੀ ਸਵਾਲ ਬਣੀ ਹੋਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਪੁਰਜ਼ੋਰ ਮੰਗ ਕਰਦਾ ਹੈ ਕਿ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਫੈਸਲਾ ਵੀ ਤੁਰੰਤ ਕੀਤਾ ਜਾਵੇ।

ਇਸ ਦੇ ਨਾਲ ਹੀ ਜਨਰਲ ਇਜਲਾਸ ਲੰਮੇ ਸਮੇਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਭਾਈ ਗੁਰਦੀਪ ਸਿੰਘ ਖੇੜਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ ਸਮੇਤ ਹੋਰ ਸਿੰਘਾਂ ਦੀ ਤੁਰੰਤ ਰਿਹਾਈ ਦੀ ਵੀ ਮੰਗ ਕਰਦਾ ਹੈ।

ਮਤਾ ਨੰ: ੧੦.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਜਨਰਲ ਇਜਲਾਸ ਏ.ਆਈ. ਤਕਨਾਲੋਜੀ ਦੀ ਦੁਰਵਰਤੋਂ ਕਰ ਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਇਤਰਾਜ਼ਯੋਗ ਸਮੱਗਰੀ ਦੇ ਪ੍ਰਸਾਰ 'ਤੇ ਫ਼ਿਕਰਮੰਦੀ ਪ੍ਰਗਟ ਕਰਦਿਆਂ ਇਸ ਦੀ ਰੋਕਥਾਮ ਲਈ ਭਾਰਤ ਸਰਕਾਰ ਨੂੰ ਇੱਕ ਠੋਸ ਨੀਤੀ ਬਣਾਉਣ ਲਈ ਆਖਦਾ ਹੈ।

ਜਨਰਲ ਇਜਲਾਸ ਸਿੱਖ ਕੌਮ ਨੂੰ ਵੀ ਸੁਚੇਤ ਕਰਦਾ ਹੈ ਕਿ ਅਜਿਹੀ ਸਮੱਗਰੀ ਨੂੰ ਅੱਗੇ ਸਾਂਝਾ ਕਰਨ ਦੀ ਬਜਾਏ ਤੁਰੰਤ ਸੰਬੰਧਿਤ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਰਿਪੋਰਟ ਕੀਤੀ ਜਾਵੇ ਤਾਂ ਜੋ ਸ਼ਰਾਰਤੀ ਅਨਸਰਾਂ ਦੇ ਮਨਸੂਬੇ ਨਾਕਾਮ ਹੋਣ ਅਤੇ ਧਾਰਮਿਕ ਸਨਮਾਨ ਦੀ ਰੱਖਿਆ ਹੋ ਸਕੇ।

ਇਸ ਮਤੇ ਰਾਹੀਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਏ.ਆਈ. ਦੀ ਦੁਰਵਰਤੋਂ ਨੂੰ ਰੋਕਣ ਲਈ ਸਖ਼ਤ ਅਤੇ ਢੁਕਵੀਂ ਨੀਤੀ ਬਣਾਉਣ ਅਤੇ ਅਜਿਹੇ ਮਾਮਲਿਆਂ ਵਿੱਚ ਤੁਰੰਤ ਕਾਰਵਾਈ ਯਕੀਨੀ ਬਣਾਉਣ। ਇਸ ਸੰਬੰਧੀ ਕੇਂਦਰ ਸਰਕਾਰ ਸੂਬਾ ਸਰਕਾਰਾਂ ਨੂੰ ਵੀ ਸਖ਼ਤ ਆਦੇਸ਼ ਜਾਰੀ ਕਰੇ।

ਜਨਰਲ ਇਜਲਾਸ ਇਹ ਵੀ ਸਪਸ਼ਟ ਕਰਦਾ ਹੈ ਕਿ ਭਾਵੇਂ ਏ.ਆਈ. ਤਕਨਾਲੋਜੀ ਮਨੁੱਖੀ ਭਲਾਈ ਲਈ ਹੈ, ਪਰ ਇਸ ਦੀ ਗਲਤ ਵਰਤੋਂ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਕੌਮ ਨੂੰ ਵੀ ਅਪੀਲ ਕੀਤੀ ਜਾਂਦੀ ਹੈ ਕਿ ਇਸ ਮਾਮਲੇ 'ਤੇ ਇਕਜੁੱਟ ਹੋ ਕੇ ਆਪੋ-ਆਪਣੀ ਜ਼ਿੰਮੇਵਾਰੀ ਤਹਿਤ ਸਿੱਖਾਂ ਖ਼ਿਲਾਫ਼ ਹੁੰਦੀ ਏ.ਆਈ. ਦੀ ਦੁਰਵਰਤੋਂ 'ਤੇ ਸਖ਼ਤ ਇਤਰਾਜ਼ ਦਰਜ ਕਰਵਾਇਆ ਜਾਵੇ।

ਮਤਾ ਨੰ: ੧੧.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਕਕਾਰ ਉਤਾਰਨ ਲਈ ਮਜ਼ਬੂਰ ਕਰਨ ਦੀਆਂ ਘਟਨਾਵਾਂ 'ਤੇ ਦੁੱਖ ਜ਼ਾਹਰ ਕਰਦਾ ਹੈ।

ਸਿੱਖਾਂ ਲਈ ਕਕਾਰਾਂ ਦੀ ਮਹੱਤਤਾ ਤੋਂ ਜਾਣੂ ਹੋਣ ਦੇ ਬਾਵਜੂਦ ਵੀ ਅਕਸਰ ਹੀ ਮੁਕਾਬਲਾ ਪ੍ਰੀਖਿਆਵਾਂ ਸਮੇਂ ਸਿੱਖ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ। ਇਸ ਨਾਲ ਸਿੱਖ ਭਾਵਨਾਵਾਂ ਆਹਤ ਹੋਣ ਦੇ ਨਾਲ-ਨਾਲ ਵਿਦਿਆਰਥੀਆਂ ਦੀ ਪ੍ਰੀਖਿਆ 'ਤੇ ਵੀ ਅਸਰ ਪੈਂਦਾ ਹੈ। ਜਦੋਂ ਦੇਸ਼ ਦੇ ਸੰਵਿਧਾਨ ਅਨੁਸਾਰ ਹਰ ਵਿਅਕਤੀ ਨੂੰ ਆਪਣੇ ਧਰਮ ਦੀਆਂ ਮਾਨਤਾਵਾਂ ਅਨੁਸਾਰ ਵਿਚਰਣ ਦੀ ਪੂਰੀ ਖੁੱਲ੍ਹ ਹੈ ਤਾਂ ਫਿਰ ਸਿੱਖਾਂ ਦੇ ਕਕਾਰ ਲੁਹਾਉਣ ਵਾਲਿਆਂ 'ਤੇ ਸਖ਼ਤ ਕਾਰਵਾਈ ਕਿਉਂ ਨਹੀਂ ਹੁੰਦੀ?

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਾ ਹੈ ਕਿ ਵੱਖ-ਵੱਖ ਮੁਕਾਬਲਾ ਪ੍ਰੀਖਿਆਵਾਂ ਲਈ ਜਾਰੀ ਕੀਤੀ ਜਾਂਦੀ ਐਡਵਾਈਜ਼ਰੀ ਵਿਚ ਇਹ ਸਪਸ਼ਟ ਲਿਖਿਆ ਜਾਵੇ ਕਿ ਸਿੱਖ ਕਕਾਰਾਂ (ਕਿਰਪਾਨ, ਕੜਾ, ਕੰਘਾ ਆਦਿ) 'ਤੇ ਕਿਸੇ ਕਿਸਮ ਦਾ ਇਤਰਾਜ਼ ਨਹੀਂ ਹੈ। ਇਸ ਸੰਬੰਧੀ ਸੂਬਾ ਸਰਕਾਰਾਂ ਨੂੰ ਨਿਰਦੇਸ਼ ਦੇ ਕੇ ਲਾਜ਼ਮੀ ਕੀਤਾ ਜਾਵੇ ਤਾਂ ਜੋ ਕਿਸੇ ਵੀ ਸਿੱਖ ਵਿਦਿਆਰਥੀ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਾ ਪੁੱਜੇ। ਇਜਲਾਸ ਇਹ ਵੀ ਮੰਗ ਕਰਦਾ ਹੈ ਕਿ ਜੇਕਰ ਕੋਈ ਵਿਅਕਤੀ ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਕਕਾਰ ਉਤਾਰਨ ਲਈ ਮਜ਼ਬੂਰ ਕਰੇ ਤਾਂ ਉਸ ਖ਼ਿਲਾਫ਼ ਕਾਰਵਾਈ ਯਕੀਨੀ ਬਣਾਈ ਜਾਵੇ।

ਮਤਾ ਨੰ: ੧੨.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਅੰਦਰ ਨੌਜਵਾਨਾਂ ਦੇ ਵਧ ਰਹੇ ਪੁਲਿਸ ਮੁਕਾਬਲਿਆਂ 'ਤੇ ਫ਼ਿਕਰਮੰਦੀ ਪ੍ਰਗਟ ਕਰਦਾ ਹੈ। ਪੰਜਾਬ ਅੰਦਰ ਪੈਦਾ ਕੀਤਾ ਜਾ ਰਿਹਾ ਇਹ ਰੁਝਾਨ ਨਾ ਸਿਰਫ਼ ਕਾਨੂੰਨ-ਵਿਵਸਥਾ ਉੱਤੇ ਸਵਾਲ ਖੜ੍ਹੇ ਕਰਦਾ ਹੈ, ਸਗੋਂ

ਸਮਾਜ ਵਿਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਵੀ ਪੈਦਾ ਕਰਦਾ ਹੈ। ਨੌਜਵਾਨ ਪੀੜ੍ਹੀ, ਜੋ ਦੇਸ਼ ਅਤੇ ਕੌਮ ਦਾ ਭਵਿੱਖ ਹੈ, ਦਾ ਇਸ ਤਰ੍ਹਾਂ ਨਾਲ ਜਾਨੋਂ ਹੱਥ ਧੋ ਬੈਠਣਾ ਬਹੁਤ ਦੁਖਦਾਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਮੰਗ ਕਰਦਾ ਹੈ ਕਿ ਪੁਲਿਸ ਮੁਕਾਬਲਿਆਂ ਦੇ ਨਾਂ 'ਤੇ ਹੋ ਰਹੀਆਂ ਘਟਨਾਵਾਂ ਦੀ ਪੂਰੀ ਪਾਰਦਰਸ਼ਤਾ ਅਤੇ ਨਿਆਂਪੂਰਕ ਜਾਂਚ ਹੋਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਨੂੰ ਰੋਕਿਆ ਜਾ ਸਕੇ।

ਮਤਾ ਨੰ: ੧੩.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਲਾਂਘਾ ਪਹਿਲਾਂ ਦੀ ਤਰ੍ਹਾਂ ਤੁਰੰਤ ਚਾਲੂ ਕੀਤੇ ਜਾਣ ਦੀ ਮੰਗ ਦੁਹਰਾਉਂਦਾ ਹੈ। ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਸਿੱਖ ਸੰਗਤ ਲਈ ਆਸਥਾ ਦਾ ਮਾਰਗ ਹੈ ਅਤੇ ਸੰਗਤ ਆਪਣੇ ਪਾਵਨ ਅਸਥਾਨ ਦੇ ਦਰਸ਼ਨਾਂ ਦੀ ਹਮੇਸ਼ਾਂ ਤਾਂਘ ਰੱਖਦੀ ਹੈ। ਦੋਵਾਂ ਦੇਸ਼ਾਂ ਅੰਦਰ ਤਲਖੀ ਹੋਣ ਕਾਰਨ ਇਹ ਲਾਂਘਾ ਬੰਦ ਹੋਣ ਨਾਲ ਸਿੱਖ ਸੰਗਤ ਦੀ ਆਸਥਾ ਨੂੰ ਸੱਟ ਵੱਜ ਰਹੀ ਹੈ।

ਅੱਜ ਦਾ ਜਨਰਲ ਇਜਲਾਸ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਪਾਸੋਂ ਮੰਗ ਕਰਦਾ ਹੈ ਕਿ ਇਹ ਸਿੱਖ ਸੰਗਤ ਦੀਆਂ ਭਾਵਨਾਵਾਂ ਸਮਝਦੇ ਹੋਏ ਇਹ ਲਾਂਘਾ ਤੁਰੰਤ ਖੋਲ੍ਹਿਆ ਜਾਵੇ। ਇਜਲਾਸ ਇਹ ਵੀ ਮੰਗ ਕਰਦਾ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਵਿਖੇ ਜਾਣ ਵਾਲੇ ਸ਼ਰਧਾਲੂਆਂ ਲਈ ਪਾਸਪੋਰਟ ਦੀ ਸ਼ਰਤ ਨੂੰ ਵੀ ਖ਼ਤਮ ਕੀਤਾ ਜਾਵੇ।

ਮਤਾ ਨੰ: ੧੪.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਕਰਦਾ ਹੈ।

ਸਿੱਖਾਂ ਨੇ ਗੁਰੂ ਬਖ਼ਸ਼ੇ ਸਿਧਾਂਤ ਅਤੇ ਆਪਣੇ ਗੌਰਵਮਈ ਇਤਿਹਾਸ ਦੀ ਸੇਧ ਵਿਚ ਦੁਨੀਆ ਭਰ ਵਿਚ ਵੱਡੀਆਂ ਮੱਲਾਂ ਮਾਰੀਆਂ ਹਨ ਅਤੇ ਸਿੱਖ ਜਿਥੇ ਵੀ ਵਸਦੇ ਹਨ, ਉਸ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਭਰਪੂਰ ਯੋਗਦਾਨ ਪਾ ਰਹੇ ਹਨ ਪ੍ਰੰਤੂ ਵੱਖ-ਵੱਖ ਦੇਸ਼ਾਂ ਤੋਂ ਸਿੱਖਾਂ ਨਾਲ ਸੰਬੰਧਿਤ ਨਫ਼ਰਤੀ ਹਿੰਸਾ ਦੇ ਅਕਸਰ ਹੀ ਸਾਹਮਣੇ ਆਉਂਦੇ ਮਾਮਲੇ ਕੌਮ ਨੂੰ ਚਿੰਤਾ ਦਿੰਦੇ ਹਨ। ਤਾਜ਼ਾ ਮਿਸਾਲ ਨਿਊਜ਼ੀਲੈਂਡ ਅੰਦਰ ਸਿੱਖਾਂ ਵੱਲੋਂ ਸਜਾਏ ਗਏ ਨਗਰ ਕੀਰਤਨ ਨੂੰ ਸਥਾਨਕ ਕੁਝ ਲੋਕਾਂ ਵੱਲੋਂ ਰੋਕਣ ਦੀ ਹੈ।

ਅੱਜ ਦਾ ਇਹ ਇਜਲਾਸ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਦੇਸ਼-ਦੁਨੀਆ ਅੰਦਰ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਅਤੇ ਰਹੁ-ਰੀਤਾਂ ਨਿਭਾਉਣ ਦੀ ਆਜ਼ਾਦੀ ਦੀ ਰੱਖਿਆ ਹਰ ਹਾਲਤ ਵਿਚ ਯਕੀਨੀ ਬਣਾਈ ਜਾਵੇ। ਇਸ ਦੇ ਮੱਦੇਨਜ਼ਰ ਸਰਕਾਰ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਨਾਲ ਕਿਸੇ ਵੀ ਤਰ੍ਹਾਂ ਦੀ ਨਸਲੀ ਹਿੰਸਾ, ਭੇਦਭਾਵ ਰੋਕਣ ਲਈ ਕੂਟਨੀਤਕ ਯਤਨ ਕਰੇ।

ਮਤਾ ਨੰ: ੧੫.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਭਾਈ ਬਲਜੀਤ ਸਿੰਘ ਦਾਦੂਵਾਲ ਵੱਲੋਂ ਕੁਝ ਲੋਕਾਂ ਨੂੰ ਨਾਲ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਜਾਇਦਾਦ ਮੀਰੀ ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ (ਹਰਿਆਣਾ) 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ। ਸ਼੍ਰੋਮਣੀ ਕਮੇਟੀ ਪੂਰੇ ਭਾਰਤ ਅੰਦਰ ਸਿੱਖ ਮਿਸ਼ਨ ਅਤੇ ਵਿੱਦਿਅਕ ਸੰਸਥਾਵਾਂ

ਖੋਲ੍ਹ ਕੇ ਸਿੱਖੀ ਪ੍ਰਚਾਰ ਅਤੇ ਵਿੱਦਿਅਕ ਪ੍ਰਸਾਰ ਲਈ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ। ਇਸੇ ਤਹਿਤ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰਿਆਣੇ ਦੇ ਸ਼ਾਹਬਾਦ ਮਾਰਕੰਡਾ ਵਿਖੇ ਮੀਰੀ ਪੀਰੀ ਕਾਲਜ ਨੂੰ ਚਲਾਉਣ ਲਈ ਹਰ ਸਾਲ ੮ ਕਰੋੜ ਰੁਪਏ ਸਹਾਇਤਾ ਦਿੱਤੀ ਜਾਂਦੀ ਹੈ ਅਤੇ ਸੂਬੇ ਦੇ ਲੋਕਾਂ ਦੀ ਸਹੂਲਤ ਲਈ ਹਸਪਤਾਲ ਵਾਸਤੇ ਵੀ ਵੱਡੇ ਯਤਨ ਕੀਤੇ ਜਾਂਦੇ ਹਨ ਪ੍ਰੰਤੂ ਕੁਝ ਲੋਕਾਂ ਵੱਲੋਂ ਸ਼ਾਹਬਾਦ ਮਾਰਕੰਡਾ ਵਿਖੇ ਚੱਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਨੂੰ ਹਥਿਆਉਣ ਦੇ ਯਤਨ ਕੀਤੇ ਜਾ ਰਹੇ ਹਨ।

ਅੱਜ ਦਾ ਇਹ ਇਜਲਾਸ ਸਪਸ਼ਟ ਕਰਦਾ ਹੈ ਕਿ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਵਾਲੀਆਂ ਅਜਿਹੀਆਂ ਹਰਕਤਾਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਇਜਲਾਸ ਹਰਿਆਣਾ ਸਰਕਾਰ ਤੋਂ ਵੀ ਮੰਗ ਕਰਦਾ ਹੈ ਕਿ ਅਜਿਹੇ ਲੋਕਾਂ ਦੇ ਮਨਸੂਬਿਆਂ ਨੂੰ ਰੋਕੇ ਅਤੇ ਇਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਏ।

ਉਪਰੰਤ ਮੁੱਖ ਸਕੱਤਰ ਜੀ ਵੱਲੋਂ ਬਜਟ ਪੇਸ਼ ਕਰਨ ਲਈ ਜਨਰਲ ਸਕੱਤਰ, ਸ਼੍ਰੋਮਣੀ ਗੁ: ਪ੍ਰ: ਕਮੇਟੀ ਨੂੰ ਬੇਨਤੀ ਕੀਤੀ ਗਈ:-

ਭਾਈ ਸ਼ੇਰ ਸਿੰਘ ਜੀ ਮੰਡ, ਜਨਰਲ ਸਕੱਤਰ, ਸ਼੍ਰੋਮਣੀ ਗੁ: ਪ੍ਰ: ਕਮੇਟੀ ਵੱਲੋਂ ਸਤਿਕਾਰਯੋਗ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਨੂੰ ਗੁਰ ਫਤਹਿ ਬੁਲਾ ਕੇ ਹੇਠ ਲਿਖੇ ਅਨੁਸਾਰ ਹਾਊਸ ਵਿੱਚ ਬਜਟ ਸਪੀਚ ਪੜ੍ਹੀ ਗਈ:-

ੴ ਸਤਿਗੁਰ ਪ੍ਰਸਾਦਿ॥

ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਪਵਿੱਤਰ ਹਜ਼ੂਰੀ ਵਿੱਚ ਸੁਸ਼ੋਭਿਤ ਸਿੰਘ ਸਾਹਿਬਾਨ ਜੀ, ਸਿੱਖ ਪੰਥ ਦੀ ਵਾਹਦ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਜੀਓ!

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹ॥

ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਬੁਨਿਆਦ ਸਿੱਖਾਂ ਦੀਆਂ ਸ਼ਹਾਦਤਾਂ 'ਤੇ ਰੱਖੀ ਗਈ ਹੈ। ਅੰਗਰੇਜ਼ ਸਾਮਰਾਜ ਦੇ ਵਿਰੁੱਧ ਇਕ ਲੰਮੇ ਸੰਘਰਸ਼ ਤੋਂ ਬਾਅਦ ਇਸ ਇਤਿਹਾਸਕ ਸੰਸਥਾ ਦੀ ਸਥਾਪਨਾ ਹੋਈ ਸੀ। ਇਸ ਮਹਾਨ ਸੰਸਥਾ ਦੀ ਅਗਵਾਈ ਸਿੱਖ ਪੰਥ ਦੀਆਂ ਬਹੁਤ ਹੀ ਉੱਚ ਕੋਟੀ ਦੀਆਂ ਸ਼ਖ਼ਸੀਅਤਾਂ ਨੇ ਕੀਤੀ ਹੈ। ਅੱਜ ਇਸ ਸੰਸਥਾ ਦੇ ਪ੍ਰਧਾਨ ਨੇਕ, ਇਮਾਨਦਾਰ ਅਤੇ ਪੰਥ ਪ੍ਰਸਤ ਐਡਵੋਕੇਟ ਹਰਜਿੰਦਰ ਸਿੰਘ ਜੀ ਧਾਮੀ ਹਨ। ਇਹ ਮਹਾਨ ਸੰਸਥਾ ਇੱਕ ਸੌ ਸਾਲ ਤੋਂ ਵੱਧ ਸਮੇਂ ਦਾ ਪੈਂਡਾ ਤੈਅ ਕਰ ਚੁੱਕੀ ਹੈ। ਇਸ ਲੰਮੇ ਸਮੇਂ ਦੌਰਾਨ ਸੰਸਥਾ ਨੇ ਉਤਰਾਅ ਚੜ੍ਹਾਅ ਵਿੱਚੋਂ ਲੰਘਦਿਆਂ ੧੯੮੪ ਦਾ ਤਸ਼ੱਦਦ ਵੀ ਆਪਣੇ ਪਿੰਡੇ 'ਤੇ ਹੰਢਾਇਆ ਹੈ। ਸਮੇਂ-ਸਮੇਂ ਸਰਕਾਰਾਂ ਨੇ ਕੋਝੀਆਂ ਚਾਲਾਂ ਨਾਲ ਇਸ ਮਹਾਨ ਸੰਸਥਾ ਨੂੰ ਕਮਜ਼ੋਰ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਹਨ ਜੋ ਅੱਜ ਵੀ ਜਾਰੀ ਹਨ। ਸਾਡੇ ਕੁਝ ਭੋਲੇ ਵੀਰ ਪੰਥ-ਵਿਰੋਧੀਆਂ ਦੇ ਝਾਂਸੇ ਵਿੱਚ ਆ ਕੇ ਇਸ ਸੰਸਥਾ ਦੇ ਖ਼ਿਲਾਫ਼ ਕੋਝੀਆਂ ਅਤੇ ਅਰਥਹੀਣ ਟਿੱਪਣੀਆਂ ਕਰ ਕੇ ਇਸ ਸੰਸਥਾ ਨੂੰ ਨੀਵਾਂ ਵਿਖਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪ੍ਰੰਤੂ ਪੰਥ ਦੀ ਇਹ ਸੰਸਥਾ ਅਕਾਲ ਪੁਰਖ ਦੀ ਮੇਹਰ ਸਦਕਾ ਬੁਲੰਦੀਆਂ ਨੂੰ ਛੂਹ ਰਹੀ ਹੈ। ਇਸ ਸੰਸਥਾ ਦੇ ਪ੍ਰਬੰਧ ਵਿੱਚ ਹੋਰ ਨਿਖਾਰ ਲਿਆਉਣ ਲਈ ਧਾਰਮਿਕ, ਸਮਾਜਿਕ ਅਤੇ ਵਿਦਵਾਨ ਸ਼ਖ਼ਸੀਅਤਾਂ ਦੇ ਸਹਿਯੋਗ ਤੋਂ ਇਲਾਵਾ ਸਮੁੱਚੀਆਂ ਜਥੇਬੰਦੀਆਂ, ਸੰਪ੍ਰਦਾਵਾਂ, ਨਿਹੰਗ ਸਿੰਘ ਅਤੇ ਹੋਰ ਸਿੱਖ ਸੰਸਥਾਵਾਂ ਦਾ ਸਹਿਯੋਗ ਵੀ ਲਿਆ ਜਾ ਰਿਹਾ ਹੈ।

ਮੈਂ ਸਭ ਤੋਂ ਪਹਿਲਾਂ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਾ ਹਾਂ ਜਿਨ੍ਹਾਂ ਨੇ ਦਾਸ ਉੱਤੇ ਅਪਾਰ ਕਿਰਪਾ ਕਰ ਕੇ ਸਿੱਖ ਪੰਥ ਦੀ ਅਜੀਮ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲ ੨੦੨੬-੨੦੨੭

ਦਾ ਸਲਾਨਾ ਬਜਟ ਪੇਸ਼ ਕਰਨ ਦਾ ਸੁਭਾਗ ਬਖ਼ਸ਼ਿਆ ਹੈ। ਮੈਨੂੰ ਵਾਰ-ਵਾਰ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਇਹ ਬਚਨ ਚੇਤੇ ਆਉਂਦਾ ਹੈ :-

ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ॥

ਸਿੱਖ ਸੰਗਤ ਨੂੰ ਗੁੰਮਰਾਹ ਕਰਕੇ ਅਕਸਰ ਇਹ ਪ੍ਰਚਾਰਿਆ ਜਾਂਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਪੰਜਾਬ ਸਰਕਾਰ ਦੇ ਬਜਟ ਨਾਲੋਂ ਵੀ ਵੱਡਾ ਹੈ ਪ੍ਰੰਤੂ ਸਚਾਈ ਇਹ ਹੈ ਕਿ ਇਹ ਪੰਜਾਬ ਦੇ ਵੱਡੇ ਸ਼ਹਿਰਾਂ ਦੀ ਨਗਰ ਨਿਗਮ ਕਮੇਟੀ ਦੇ ਬਜਟ ਤੋਂ ਵੀ ਘੱਟ ਹੈ। ਪੰਜਾਬ ਸਰਕਾਰ ਦੇ ਬਜਟ ਦੇ ਮੁਕਾਬਲੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਇੱਕ (੦੧%) ਫ਼ੀਸਦੀ ਤੋਂ ਵੀ ਘੱਟ ਬਣਦਾ ਹੈ।

ਬਜਟ ਦੇ ਅੰਕੜੇ ਪੇਸ਼ ਕਰਨ ਤੋਂ ਪਹਿਲਾਂ ਮੈਂ ਸਮੁੱਚੇ ਹਾਊਸ ਨੂੰ ਇੱਕ ਵਾਰ ਇਹ ਯਾਦ ਕਰਾਉਣਾ ਚਾਹੁੰਦਾ ਹਾਂ ਕਿ ਤੁਸੀਂ ਉਸ ਮਹਾਨ ਸਿੱਖ ਸੰਸਥਾ ਦੇ ਮੈਂਬਰ ਹੋ, ਜਿਸ ਦੀ ਸਥਾਪਨਾ ਤਕਰੀਬਨ ਇੱਕ ਸਦੀ ਪਹਿਲਾਂ 'ਸਿੱਖੀ ਦੇ ਪ੍ਰਚਾਰ-ਪ੍ਰਸਾਰ' ਅਤੇ 'ਸਿੱਖ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ' ਲਈ ਹੋਈ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਸਿੱਖੀ ਦੇ ਪ੍ਰਚਾਰ-ਪ੍ਰਸਾਰ' ਅਤੇ 'ਸਿੱਖ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ' ਦੀਆਂ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ ਦੇ ਨਾਲ-ਨਾਲ ਸਿੱਖ ਪੰਥ ਦੇ ਸਿਆਸੀ ਅਤੇ ਸਮਾਜਕ ਸਰੋਕਾਰਾਂ ਉੱਤੇ ਵੀ ਪਹਿਰਾ ਦਿੰਦੀ ਆ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖਾਂ ਦੀ ਅੱਡਰੀ ਪਛਾਣ ਨੂੰ ਹੋਰ ਗੂੜ੍ਹੀ ਕਰਨ, ਅਜ਼ਾਦ ਹੋਂਦ-ਹਸਤੀ ਨੂੰ ਸੰਸਾਰ ਭਰ ਵਿੱਚ ਪ੍ਰਗਟ ਕਰਨ ਅਤੇ ਬਰਕਰਾਰ ਰੱਖਣ ਲਈ ਪਿਛਲੇ ਸਮੇਂ ਵਿੱਚ ਆਪਣਾ ਰੋਲ ਬਾਖ਼ੂਬੀ ਨਿਭਾਇਆ ਹੈ।

ਮੇਰਾ ਇੱਥੇ ਇਹ ਜ਼ਿਕਰ ਕਰਨ ਦਾ ਮਕਸਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਰ ਮੈਂਬਰ ਨੂੰ ਇਹ ਅਹਿਸਾਸ ਕਰਾਉਣਾ ਹੈ ਕਿ ਉਸ ਦੀ ਪਹਿਲੀ ਜ਼ਿੰਮੇਵਾਰੀ ਇਹ ਬਣਦੀ ਹੈ ਕਿ ਉਹ ਸਿੱਖ ਜਗਤ ਦੀ ਇਸ ਸਿਰਮੌਰ ਸੰਸਥਾ ਦੀ ਅਜ਼ਾਦ ਅਤੇ ਅੱਡਰੀ ਹਸਤੀ ਬਰਕਰਾਰ ਰੱਖਣ ਲਈ ਹਮੇਸ਼ਾਂ ਤਤਪਰ ਰਹੇ। ਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖ਼ੁਦ ਸਮਰਥ ਅਤੇ ਅਜ਼ਾਦ ਹੋਵੇਗੀ ਤਾਂ ਹੀ ਸਿੱਖਾਂ ਦੀ ਅੱਡਰੀ ਪਛਾਣ ਅਤੇ ਅਜ਼ਾਦ ਹੋਂਦ ਉੱਤੇ ਪਹਿਰਾ ਦੇ ਸਕੇਗੀ।

ਸਤਿਕਾਰਯੋਗ ਮੈਂਬਰ ਸਾਹਿਬਾਨ ਜੀਓ! ਬਜਟ ਕੇਵਲ ਅੰਕੜਿਆਂ ਦੀ ਪੇਸ਼ਕਾਰੀ ਹੀ ਨਹੀਂ ਹੁੰਦਾ ਬਲਕਿ ਇਹ ਸੰਸਥਾ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਦਾ ਮਹੱਤਵਪੂਰਨ ਦਸਤਾਵੇਜ਼ ਹੁੰਦਾ ਹੈ। ਇਸ ਦਸਤਾਵੇਜ਼ ਤੋਂ ਇਹ ਤਾਂ ਪਤਾ ਲੱਗਦਾ ਹੀ ਹੈ ਕਿ ਸੰਸਥਾ ਦੀ ਮਾਇਕ ਹਾਲਤ ਕਿਹੋ ਜਿਹੀ ਹੈ, ਭਵਿੱਖਮੁਖੀ ਦ੍ਰਿਸ਼ਟੀ (Futuristic Vision) ਕੀ ਹੋਵੇਗੀ, ਅਤੇ ਸੰਸਥਾ ਦੇ ਪ੍ਰਬੰਧਕ ਉਸ ਨੂੰ ਆਉਣ ਵਾਲੇ ਸਮੇਂ ਵਿੱਚ ਕਿਸ ਦਿਸ਼ਾ ਵੱਲ ਤੋਰਨਾ ਚਾਹੁੰਦੇ ਹਨ। ਇਸ ਤੋਂ ਇਲਾਵਾ ਬਜਟ ਇਹ ਵੀ ਦਰਸਾਉਂਦਾ ਹੈ ਕਿ ਸੰਸਥਾ ਅਗਲੇ ਵਰ੍ਹੇ ਵਿੱਚ ਕਿਹੜੇ-ਕਿਹੜੇ ਕਾਰਜਾਂ ਉੱਤੇ ਜ਼ੋਰ ਦੇਣਾ ਚਾਹੁੰਦੀ ਹੈ।

ਸਾਲ ੨੦੨੬-੨੦੨੭ ਦੇ ਬਜਟ ਵਿੱਚ ਵੱਧ ਤੋਂ ਵੱਧ ਪੈਸਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਢਲੇ ਕਾਰਜਾਂ ਧਰਮ ਪ੍ਰਚਾਰ ਅਤੇ ਗੁਰਦੁਆਰਾ ਸਾਹਿਬਾਨ ਦੀ ਸੁਚਜੀ ਸੇਵਾ ਸੰਭਾਲ ਲਈ ਰੱਖਣ ਦੀ ਕੋਸ਼ਿਸ਼ ਕੀਤੀ ਗਈ ਹੈ। ਬਜਟ ਵਿੱਚ ਆਪਣੀ ਸਹੂਲਤ ਲਈ ਵਰਤਿਆ ਜਾਣ ਵਾਲਾ ਸ਼ਬਦ "ਆਮਦਨ"ਦਾ ਮੁੱਖ ਸ੍ਰੋਤ ਸੰਗਤ ਵੱਲੋਂ **ਗੁਰੂ ਕੀ ਗੋਲਕ** ਵਿੱਚ ਪਾਈ ਜਾਣ ਵਾਲੀ ਮਾਇਆ ਹੈ। ਜੋ ਅਸਲ ਵਿੱਚ ਸਾਡੇ ਕੋਲ ਗੁਰੂ ਦੀ ਅਮਾਨਤ ਹੈ ਅਤੇ ਜਿਸ ਨੂੰ ਗੁਰੂ ਆਸ਼ਿਆਂ ਉੱਤੇ ਹੀ ਖ਼ਰਚਿਆ ਜਾਣਾ ਚਾਹੀਦਾ ਹੈ। ਇਸ ਲਈ ਕੋਸ਼ਿਸ਼ ਕੀਤੀ ਗਈ ਹੈ ਕਿ ਪ੍ਰਬੰਧਕੀ ਅਤੇ ਬੇਲੋੜੇ ਖ਼ਰਚਿਆਂ ਨੂੰ ਘਟਾਇਆ ਜਾਵੇ। ਸਾਨੂੰ ਸਾਰੇ ਅਹੁਦੇਦਾਰਾਂ ਅਤੇ ਮੁਲਾਜ਼ਮਾਂ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਸਿੱਖ ਪੰਥ ਨੇ ਸਾਨੂੰ

ਆਪਣੇ ਜਾਨ ਤੋਂ ਵੀ ਪਿਆਰੇ ਗੁਰਧਾਮਾਂ ਦੀ ਸੇਵਾ ਸੌਂਪੀ ਹੈ, ਨਾ ਕਿ ਚੌਧਰ ਲਈ। ਇਸ ਸੇਵਾ ਨਾਲ ਸਾਡੇ ਅੰਦਰ ਹੱਥੀਂ ਸੇਵਾ ਕਰਨ ਦਾ ਠੰਡਾ ਪਿਆ ਹੋਇਆ ਜਜ਼ਬਾ ਪ੍ਰਚੰਡ ਹੋਵੇਗਾ। ਜੇ ਸੇਵਾ ਦਾ ਜਜ਼ਬਾ ਪ੍ਰਚੰਡ ਹੋ ਗਿਆ ਤਾਂ ਪ੍ਰਬੰਧਕੀ ਖ਼ਰਚੇ ਵੀ ਘਟਣਗੇ ਅਤੇ ਸੇਵਾ-ਸੰਭਾਲ ਦਾ ਪੱਧਰ ਵੀ ਉੱਚਾ ਹੋਵੇਗਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜਿਥੇ ਇਤਿਹਾਸਕ ਗੁਰਧਾਮਾਂ, ਤਖ਼ਤ ਸਾਹਿਬਾਨਾਂ ਦੀ ਸੇਵਾ ਸੰਭਾਲ ਦਾ ਪ੍ਰਬੰਧ ਦੇਖਦੀ ਹੈ, ਉਥੇ ਹੀ ਧਰਮ ਪ੍ਰਚਾਰ, ਸਿੱਖਿਆ ਅਤੇ ਸਮਾਜ ਭਲਾਈ ਦੇ ਕੰਮਾਂ ਵਿਚ ਵੀ ਅਹਿਮ ਯੋਗਦਾਨ ਪਾ ਰਹੀ ਹੈ। ਇਹ ਸੰਸਥਾ ਸਿੱਖ ਪੰਥ ਦੀਆਂ ਉਮੀਦਾਂ ਅਨੁਸਾਰ ਸਦਾ ਕਾਰਜਸ਼ੀਲ ਰਹਿੰਦੀ ਹੈ।

ਪੰਜਾਬ ਵਿੱਚ ਪਿਛਲੇ ਸਮੇਂ ਦੌਰਾਨ ਆਏ ਹੜ੍ਹਾਂ ਕਾਰਨ ਪੰਜਾਬ ਦੇ ਵੱਡੇ ਹਿੱਸੇ ਦਾ ਭਾਰੀ ਨੁਕਸਾਨ ਹੋਇਆ ਅਤੇ ਬਹੁਤ ਸਾਰੇ ਇਲਾਕਿਆਂ ਦੇ ਹਲਾਤ ਤਰਸਯੋਗ ਬਣ ਗਏ। ਜਿਸ ਦੀ ਆਮ ਲੋਕਾਂ ਵੱਲੋਂ ਭਰਪਾਈ ਕਰ ਪਾਉਣੀ ਸੰਭਵ ਨਹੀਂ ਸੀ। ਸਰਕਾਰ ਲੋਕਾਂ ਨੂੰ ਤੁਰੰਤ ਰਾਹਤ ਦੇਣ ਦੀ ਬਜਾਏ ਕੇਵਲ ਆਪਣੀ ਪ੍ਰਸਿਧੀ ਤੱਕ ਹੀ ਸੀਮਤ ਰਹੀ। ਉਥੇ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਿਨਾਂ ਭੇਦ-ਭਾਵ ਤੋਂ ਮੋਹਰੀ ਹੋ ਕੇ ਲੋੜਵੰਦਾਂ ਤੇ ਪੀੜਤਾਂ ਦੀ ਮਦਦ ਕੀਤੀ ਹੈ। ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਖੇਤਾਂ ਨੂੰ ਪੱਧਰਾ ਕਰਕੇ ਮੁੜ ਵਾਹੀਯੋਗ ਬਣਾਉਣ ਲਈ ੭੫੫੦੦ ਲੀਟਰ ਡੀਜਲ ਮੁਹੱਈਆ ਕਰਵਾਇਆ ਗਿਆ, ਫਸਲ ਬੀਜਣ ਲਈ ੨੩੫੦੦ ਕੁਇੰਟਲ ਕਣਕ ਦਾ ਬੀਜ ਮੁਹੱਈਆ ਕਰਵਾਇਆ ਗਿਆ। ਸਥਾਨਕ ਲੋਕਾਂ ਦੀਆਂ ਲੋੜਾਂ ਅਨੁਸਾਰ ਰਾਹਤ ਸਮੱਗਰੀ ਮੁਹੱਈਆ ਕਰਵਾਈ ਗਈ। ਇਸ ਤੋਂ ਇਲਾਵਾ ਪਸ਼ੂਆਂ ਦਾ ਚਾਰਾ, ਤੂੜੀ, ਖਾਦ, ਮੈਡੀਕਲ ਸੇਵਾਵਾਂ, ਵਿਦਿਆਰਥੀਆਂ ਦੀਆ ਕਾਪੀਆਂ-ਕਿਤਾਬਾਂ, ਮਕਾਨ ਦੀ ਉਸਾਰੀ ਤੇ ਹੋਰ ਕਾਰਜਾਂ ਲਈ ਸਹਾਇਤਾ ਕੀਤੀ ਗਈ। ਹੜ੍ਹ ਪ੍ਰਭਾਵਿਤ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਲਈ ਵੀ ਮਦਦ ਕੀਤੀ ਗਈ। ਸਾਰੇ ਕਾਰਜਾਂ ਲਈ 'ਕੁਦਰਤੀ ਆਫਤਾਂ ਫੰਡ' ਵਿੱਚੋਂ ਕਰੋੜਾਂ ਰੁਪਏ ਖ਼ਰਚ ਕੀਤੇ ਗਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਤਿਕਾਰਯੋਗ ਮੈਂਬਰ ਸਾਹਿਬਾਨ, ਸੇਵਾ ਨੂੰ ਸਮਰਪਿਤ ਸੰਗਤ ਅਤੇ ਜੁਝਾਰੂ ਮੁਲਾਜ਼ਮਾਂ ਨੇ ਅੱਗੇ ਆ ਕੇ ਵੱਧ ਤੋਂ ਵੱਧ ਮਦਦ ਕੀਤੀ। ਇਸ ਨਾਲ ਜਿੱਥੇ ਇਸ ਸੰਸਥਾ ਦੇ ਕਾਰਜ ਦੀ ਸ਼ਲਾਘਾ ਹੋਈ, ਉਥੇ ਪੂਰੇ ਵਿਸ਼ਵ ਵਿੱਚ ਸਿੱਖ ਕੌਮ ਦੀ ਇੱਕ ਵੱਖਰੀ ਹੋਂਦ ਹਸਤੀ ਅਤੇ ਪਹਿਚਾਣ ਬਣੀ। ਇਹ ਸਭ ਆਪ ਜੀ ਦੇ ਸਹਿਯੋਗ ਨਾਲ ਹੀ ਸੰਭਵ ਹੋ ਸਕਿਆ ਹੈ। ਭਾਵੇਂ ਇਨ੍ਹਾਂ ਹੜ੍ਹਾਂ ਕਾਰਨ ਕੁਝ ਗੁਰੂ ਘਰਾਂ ਦੀ ਆਮਦਨ ਨੂੰ ਭਾਰੀ ਨੁਕਸਾਨ ਹੋਇਆ ਹੈ ਪ੍ਰੰਤੂ ਇਹ ਸੰਸਥਾ ਲੋਕ ਭਲਾਈ ਦੇ ਕੰਮਾਂ ਤੋਂ ਕਦੀ ਵੀ ਪਿੱਛੇ ਨਹੀਂ ਹਟੀ।

ਸਮਾਜ ਨੂੰ ਵਿੱਦਿਆ ਦੇਣ ਦੀ ਜ਼ਿੰਮੇਵਾਰੀ ਭਾਵੇਂ ਸਰਕਾਰ ਦੀ ਹੁੰਦੀ ਹੈ। ਪਿਛਲੇ ਕਈ ਸਾਲ਼ਾਂ ਤੋਂ ਸਰਕਾਰਾਂ ਇਸ ਜ਼ਿੰਮੇਵਾਰੀ ਨੂੰ ਪੂਰਨ ਰੂਪ 'ਚ ਨਿਭਾਉਣ ਵਿੱਚ ਫੇਲ੍ਹ ਹੋਈਆਂ ਹਨ। ਜਿਸ ਕਾਰਨ ਕਾਰਪੋਰੇਟਾਂ ਨੇ ਬੁਨਿਆਦੀ ਅਧਿਕਾਰ ਵਿੱਦਿਆ ਨੂੰ ਬਿਜਨਸ ਨੀਤੀ ਤਹਿਤ ਬਹੁਤ ਮਹਿੰਗਾ ਕਰ ਦਿੱਤਾ ਹੈ। ਸਮਾਜ ਵਿੱਚ ਮਿਆਰੀ ਅਤੇ ਆਮ ਨਾਗਰਿਕ ਦੇ ਬਜਟ ਅਨੁਸਾਰ ਵਿੱਦਿਆ ਦੀ ਕਮੀ ਨੂੰ ਪੂਰਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਸੀਮਤ ਸਾਧਨਾਂ ਨਾਲ ਪ੍ਰਭਾਵਸ਼ਾਲੀ ਯੋਗਦਾਨ ਪਾ ਰਹੀ ਹੈ। ਪਿਛਲੇ ਸਮੇਂ ਤੋਂ ਲਗਾਤਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗੁਰੂ ਰਾਮਦਾਸ ਮੈਡੀਕਲ ਸਾਇੰਸ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ, ਮੀਰੀ ਪੀਰੀ ਮੈਡੀਕਲ ਸਾਇੰਸ ਐਂਡ ਰੀਸਰਚ ਸ਼ਾਹਬਾਦ ਮਾਰਕੰਡਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ, ਇਹਨਾਂ ਤੋਂ ਇਲਾਵਾ ਆਰਟਸ, ਸਾਇੰਸ, ਕਾਮਰਸ, ਇੰਜੀਨੀਅਰਿੰਗ ਅਤੇ ਪੋਲੀਟੈਕਨਿਕ ਉਚੇਰੀ ਸਿੱਖਿਆ ਦੀਆਂ ੩੧ ਵਿੱਦਿਅਕ ਸੰਸਥਾਵਾਂ ਅਤੇ ਪ੍ਰਾਇਮਰੀ ਤੇ ਸੈਕੰਡਰੀ ਵਿੱਦਿਆ ਦੀਆਂ ੪੯ ਸੰਸਥਾਵਾਂ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਮਹਾਂਰਾਸ਼ਟਰ ਪ੍ਰਾਂਤਾਂ ਵਿੱਚ ਚੱਲ ਰਹੀਆਂ ਹਨ। ਵਿੱਦਿਅਕ ਅਦਾਰਿਆਂ ਵਿੱਚ ਕਵਰਡ ਪੋਸਟਾਂ

ਤੋਂ ਰਿਟਾਇਰ ਹੋ ਗਏ ਅਧਿਆਪਕਾਂ ਦੀਆਂ ਅਸਾਮੀਆਂ ਸਰਕਾਰ ਵਲੋਂ ਭਰੀਆਂ ਨਹੀਂ ਜਾ ਰਹੀਆਂ। ਏਡਿਡ ਪੋਸਟਾਂ ਪੁਰ ਰੱਖੇ ਗਏ ਅਧਿਆਪਕਾਂ ਦੀ ਸਰਕਾਰ ਵਲੋਂ ਮਨਜ਼ੂਰੀ ਨਾ ਮਿਲਣ ਕਰਕੇ ਏਡਿਡ ਪੋਸਟਾਂ ਵਾਲੇ ਅਧਿਆਪਕਾਂ ਨੂੰ ਵੀ ਸ਼੍ਰੋਮਣੀ ਕਮੇਟੀ ਵੱਲੋਂ ਵਿੱਦਿਆ ਫੰਡਾਂ ਰਾਹੀਂ ਆਪ ਤਨਖ਼ਾਹਾਂ ਅਤੇ ਭੱਤੇ ਦਿੱਤੇ ਜਾ ਰਹੇ ਹਨ।

ਮੈਨੂੰ ਇਹ ਦੱਸਦਿਆਂ ਖੁਸ਼ੀ ਅਤੇ ਮਾਣ ਮਹਿਸੂਸ ਹੋ ਰਿਹਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰੇ ਵਿਦਿਆਰਥੀਆਂ ਨੂੰ ਫ਼ੀਸਾਂ ਵਿੱਚ ਵੱਡੀਆਂ ਰਿਆਇਤਾਂ ਦੇਣ ਕਾਰਨ ਜੋ ਬੀਤੇ ਸਮੇਂ ਘਾਟੇ ਅੰਦਰ ਚੱਲ ਰਹੇ ਸਨ, ਉਹ ਹੁਣ ਆਤਮ ਨਿਰਭਰਤਾ ਨਾਲ ਚੱਲ ਰਹੇ ਹਨ। ਹਰ ਸਾਲ ਵਿਦਿਆਰਥੀਆਂ ਦੇ ਦਾਖਲਿਆਂ ਵਿੱਚ ਵਾਧਾ ਹੋ ਰਿਹਾ ਹੈ। ਸਮੂਹ ਵਿੱਦਿਅਕ ਅਦਾਰਿਆਂ ਦੀਆਂ ਤਨਖ਼ਾਹਾਂ ਸਮੇਂ ਸਿਰ ਸੰਸਥਾ ਵੱਲੋਂ ਅਦਾ ਕੀਤੀਆਂ ਜਾ ਰਹੀਆਂ ਹਨ। ਹਰੇਕ ਪ੍ਰਕਾਰ ਦੀਆਂ ਪੈਂਡਿੰਗ ਵਿੱਤੀ ਦੇਣਦਾਰੀਆਂ ਮੁਕੰਮਲ ਹੋ ਚੁੱਕੀਆਂ ਹਨ। ਸਾਰੀਆਂ ਦੇਣਦਾਰੀਆਂ ਮੁਕੰਮਲ ਕਰਨ ਤੋਂ ਬਾਅਦ ਵਿੱਦਿਅਕ ਅਦਾਰਿਆਂ ਦੀਆਂ ਇਮਾਰਤਾਂ ਨੂੰ ਆਧੁਨਿਕ ਅਤੇ ਸਮੇਂ ਦੇ ਹਾਣੀ ਬਣਾਉਣ ਲਈ ਰੰਗ ਰੋਗਨ ਅਤੇ ਨਵਾਂ ਇਨਫ੍ਰਾਸਟ੍ਰਕਚਰ ਕੇਂਦਰੀਕ੍ਰਿਤ ਤਰੀਕੇ ਰਾਹੀਂ ਹੋ ਰਿਹਾ ਹੈ। ਪ੍ਰਾਇਮਰੀ ਪੱਧਰ ਦੇ ਵਿੱਦਿਆਰਥੀਆਂ ਲਈ ਨਵੀਂ ਐਜੂਕੇਸ਼ਨ ਪਾਲਸੀ ਅਨੁਸਾਰ ਟੀਚਿੰਗ ਲਰਨਿੰਗ ਲੈਬ (ਕਾਰਜਸ਼ਾਲਾ) ਹਰੇਕ ਸਕੂਲ ਵਿੱਚ ਵਿੱਦਿਆ ਫੰਡ ਵਿੱਚੋਂ ਮੁਹੱਈਆ ਕਰਵਾਈ ਗਈ ਹੈ। ਸਾਲ ੨੦੨੬-੨੦੨੭ ਵਿੱਚ ਵਿਦਿਆਰਥੀਆਂ ਦੀ ਸਹੂਲਤ ਅਨੁਸਾਰ ਨਵਾਂ ਆਧੁਨਿਕ ਇਨਫ੍ਰਾਸਟ੍ਰਕਚਰ ਅਤੇ ਲੋੜੀਂਦਾ ਫਰਨੀਚਰ ਤਿਆਰ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿੱਦਿਅਕ ਸੰਸਥਾਵਾਂ ਨੂੰ ਬੁਲੰਦੀਆਂ ਵੱਲ ਲਿਜਾਣ ਲਈ ਦੇਸ਼ ਵਿਦੇਸ਼ ਦੀਆਂ ਸਮਾਜ ਸੇਵੀ ਸੰਸਥਾਵਾਂ ਪਾਸੋਂ ਸਹਿਯੋਗ ਲੈਣ ਲਈ ਸੰਪਰਕ ਕੀਤਾ ਜਾ ਰਿਹਾ ਹੈ। ਮਿਆਦੀ ਪੱਧਰ ਦੇ ਸਕੂਲਾਂ ਵਿੱਚ ਵਾਧਾ ਕਰਦਿਆਂ ਸੈਸ਼ਨ ੨੦੨੬-੨੦੨੭ ਤੋਂ I.C.S.E. ਬੋਰਡ ਨਾਲ ਸੰਬੰਧਿਤ ਇੱਕ ਨਵਾਂ ਸਕੂਲ "ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ" ਦੇ ਨਾਮ ਪੁਰ ਮੰਜੀ ਸਾਹਿਬ ਕੋਟਾਂ ਲੁਧਿਆਣਾ ਵਿਖੇ ਖੋਲ੍ਹਿਆ ਗਿਆ ਹੈ।

ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਦੀ ਖੇਡ ਰੁਚੀ ਨੂੰ ਵਧਾਉਣ ਲਈ ਸਪੋਰਟਸ ਪਾਲਸੀ ਦਾ ਵਿਸਥਾਰ ਕੀਤਾ ਗਿਆ ਹੈ। ਸਕੂਲਾਂ ਵਿੱਚ ਆਧੁਨਿਕ ਮਾਰਸ਼ਲ ਆਰਟ ਨੂੰ ਪ੍ਰਫੁਲਿਤ ਕਰਨ ਲਈ ਬਾਕਸਿੰਗ ਰਿੰਗ ਵੀ ਤਿਆਰ ਕਰਵਾਏ ਗਏ ਹਨ।

ਮੈਨੂੰ ਇਹ ਦੱਸਦੇ ਹੋਏ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਨਿਸ਼ਚੈ ਅਕੈਡਮੀਆਂ ਵਿੱਚ ਸੈਸ਼ਨ ੨੦੨੩-੨੦੨੪ ਦੇ ੦੪ ਵਿਦਿਆਰਥੀਆਂ ਅਤੇ ੨੦੨੫-੨੦੨੬ ਦੇ ੦੨ ਵਿੱਦਿਆਰਥੀਆ ਨੇ ਪੀ.ਸੀ.ਐਸ. (Prelims) ਕਲੀਅਰ ਕੀਤੀ ਹੈ ਅਤੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਵਿਖੇ ਚੱਲ ਰਹੀ ਅਕੈਡਮੀ ਦੇ ੦੧ ਵਿਦਿਆਰਥੀ ਨੇ ਲ਼ਾਅ ਆਫਿਸਰ ਪੰਜਾਬ ਦਾ ਟੈਸਟ ਕਲੀਅਰ ਕੀਤਾ ਹੈ। ਇਸ ਤੋਂ ਇਲਾਵਾ ਖਾਲਸਾ ਕਾਲਜ ਪਟਿਆਲਾ ਦੀ ਵਿਦਿਆਰਥਣ ਬੀਬੀ ਸਿਮਰਨਦੀਪ ਕੌਰ ਨੇ ਯੂ.ਪੀ.ਐਸ.ਸੀ. ਵਰਗੀ ਸਖਤ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚੋਂ ਪੰਦਰਵਾਂ ਸਥਾਨ ਪ੍ਰਾਪਤ ਕਰਕੇ ਸਾਡੀ ਕੌਮ ਅਤੇ ਸੰਸਥਾ ਦਾ ਨਾਮ ਉੱਚਾ ਕੀਤਾ ਹੈ। ਮੈਂ ਆਸ ਕਰਦਾਂ ਹਾਂ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਵਿਦਿਆਰਥੀ ਸਾਡੀ ਸੰਸਥਾ ਦਾ ਨਾਮ ਰੋਸ਼ਨ ਕਰਨਗੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਸਮਾਜਿਕ ਮੇਲ-ਜੋਲ ਹਿੱਤ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸਾਹਿਬ, ਪ੍ਰਚਾਰਕ ਸਾਹਿਬਾਨ ਅਤੇ ਮੋਹਤਬਰ ਪਤਵੰਤੇ ਸੱਜਣਾਂ ਨੂੰ ਵਿਸ਼ੇਸ਼ ਨੀਤੀ ਤਹਿਤ ਸੰਸਥਾ ਨਾਲ ਜੋੜਿਆ ਗਿਆ ਹੈ। ਇਸ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਅਤੇ ਸਿੱਖੀ ਦੇ ਪ੍ਰਚਾਰ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਹਰੇਕ ਸਾਲ ਵਿਦੇਸ਼ੀ ਸਿੱਖਾਂ ਦੇ ਸਹਿਯੋਗ ਨਾਲ ਸਮੂਹ ਸਕੂਲ ਵਿਦਿਆਰਥੀਆਂ ਦਾ ਗੁਰਮਤਿ ਟਰੇਨਿੰਗ ਕੈਂਪ ਲਗਾਇਆ ਜਾਂਦਾ ਹੈ। ਜਿਸ ਵਿੱਚ ਸਿੱਖ ਪਨੀਰੀ ਨੂੰ ਗੁਰਬਾਣੀ, ਇਤਿਹਾਸ ਅਤੇ ਰਿਵਾਇਤੀ ਵਿਰਾਸਤੀ ਖੇਡਾਂ ਦੀ ਜਾਣਕਾਰੀ ਤੋਂ ਇਲਾਵਾ ਸਿੱਖ ਮਾਰਸ਼ਲ ਆਰਟ ਗਤਕਾ ਮੁਕਾਬਲੇ ਵੀ ਕਰਵਾਏ ਜਾਂਦੇ ਹਨ।

ਗੁਰੂ ਸਾਹਿਬਾਨ ਦੇ ਮਹਾਨ ਗੁਰਪੁਰਬਾਂ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ, ਗੁਰਮਤਿ ਕੈਂਪ, ਸਿਕਲੀਗਰ ਤੇ ਵਣਜਾਰੇ ਸਿੱਖਾਂ ਦੀ ਮਦਦ, ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫੇ, ਗੁਰਸਿੱਖ ਖਿਡਾਰੀਆਂ ਦੇ ਮੁਕਾਬਲਿਆਂ ਦੀਆਂ ਪ੍ਰਤੀਯੋਗਤਾਵਾਂ ਤੇ ਵੱਖ-ਵੱਖ ਵਿੱਦਿਅਕ ਬੋਰਡਾਂ ਦੇ ਇਮਤਿਹਾਨਾਂ ਵਿੱਚੋਂ ਵਿਸ਼ੇਸ਼ ਸਥਾਨ ਗ੍ਰਹਿਣ ਕਰਨ ਵਾਲੇ ਗੁਰਸਿੱਖ ਨੌਜਵਾਨਾਂ ਅਤੇ ਬੀਬੀਆਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਜਾਂਦੇ ਹਨ। ਇਹ ਸਾਰੇ ਕਾਰਜ ਧਰਮ ਪ੍ਰਚਾਰ ਕਮੇਟੀ ਰਾਹੀਂ ਕੀਤੇ ਜਾਂਦੇ ਹਨ।

ਗੁਰੂ ਸਾਹਿਬਾਨ ਦੇ ਮਹਾਨ ਗੁਰਪੁਰਬਾਂ ਦੇ ਨਾਲ-ਨਾਲ ਮਹਾਨ ਗੁਰਸਿੱਖਾਂ, ਸ਼ਹੀਦ ਸਿੰਘਾਂ ਅਤੇ ਸ਼੍ਰੋਮਣੀ ਭਗਤ ਸਾਹਿਬਾਨ ਦੇ ਦਿਹਾੜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਅਤੇ ਸਤਿਕਾਰ ਨਾਲ ਮਨਾਏ ਜਾਂਦੇ ਹਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ੩੫੦ ਸਾਲਾ ਸ਼ਹੀਦੀ, ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਖ਼ਾਲਸਾ ਪੰਥ ਦੇ ਬਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਿਆਈ ਦਿਵਸ ਅਤੇ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਉੱਚ ਪੱਧਰ ਤੇ ਮਨਾਈ ਗਈ ਹੈ। ਇਹਨਾਂ ਸਮਾਗਮਾਂ ਉਪਰ ਕਰੋੜਾਂ ਰੁਪਏ ਖ਼ਰਚ ਕੀਤੇ ਗਏ। ਇਸ ਸਾਲ ੦੧ ਮਈ, ੨੦੨੬ ਨੂੰ ੪੦੦ ਸਾਲਾ ਸਥਾਪਨਾ ਦਿਵਸ ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਅਤੇ ਭਗਤ ਰਵਿਦਾਸ ਜੀ ਦਾ ੬੫੦ ਸਾਲਾ ਜਨਮ ਦਿਹਾੜਾ ਮਨਾਉਣ ਦਾ ਪ੍ਰੋਗਰਾਮ ਹੈ। ਇਹ ਸਮਾਗਮ ਵੱਡੇ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਜਾਣਗੇ। ਇਨ੍ਹਾਂ ਦਿਹਾੜਿਆਂ ਨੂੰ ਸ਼ਤਾਬਦੀ ਦੇ ਰੂਪ ਵਿੱਚ ਮਨਾਉਣ ਦੀ ਤਜਵੀਜ਼ ਹੈ। ਇਸ ਕਾਰਜ ਲਈ ਸਾਲ ੨੦੨੬-੨੦੨੭ ਦੇ ਬਜਟ ਵਿੱਚ ਸੱਤ ਕਰੋੜ ਰੁਪਏ ਰੱਖੇ ਗਏ ਹਨ।

ਇੱਥੇ ਮੈਂ ਇਹ ਜਾਣਕਾਰੀ ਸਾਂਝੀ ਕਰਦਿਆਂ ਮਾਣ ਅਤੇ ਖੁਸ਼ੀ ਮਹਿਸੂਸ ਕਰ ਰਿਹਾ ਹਾਂ ਕਿ ਮਾਣਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਜੀ ਧਾਮੀ ਦੀ ਯੋਗ ਅਗਵਾਈ ਵਿੱਚ ਸਿੱਖ ਸਿਧਾਂਤਾਂ ਅਨੁਸਾਰ ਪੰਥ ਅਤੇ ਪੰਜਾਬ ਪ੍ਰਸਤ ਅਫ਼ਸਰ ਬਣਾਉਣ ਦੇ ਮਕਸਦ ਨੂੰ ਪੂਰਾ ਕਰਨ ਵਾਸਤੇ ਗੁਰਸਿੱਖ ਬੱਚਿਆਂ ਨੂੰ ਪ੍ਰਸ਼ਾਸਨਿਕ ਖੇਤਰ ਵਿੱਚ ਅੱਗੇ ਲਿਆਉਣ ਲਈ ਧਰਮ ਪ੍ਰਚਾਰ ਕਮੇਟੀ ਰਾਹੀਂ ਯਤਨ ਕਰਦਿਆਂ 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਸ਼ੁਰੂ ਕੀਤਾ ਗਿਆ ਹੈ। ਇਸ ਕੇਂਦਰ ਵਿੱਚ ਆਈ. ਏ. ਐਸ., ਆਈ. ਪੀ. ਐਸ., ਆਈ. ਐਫ. ਐਸ. ਅਤੇ ਪੀ. ਸੀ. ਐਸ. ਦੀ ਕੋਚਿੰਗ ਦਿੱਤੀ ਜਾ ਰਹੀ ਹੈ। ਪੀ. ਸੀ. ਐਸ., ਅਗਜ਼ੈਕਟਿਵ ਅਤੇ ਜੁਡੀਸ਼ੀਅਲ ਦੀ ਕੋਚਿੰਗ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ (ਪਟਿਆਲਾ) ਵਿਖੇ ਵੀ ਸ਼ੁਰੂ ਹੋ ਚੁੱਕੀ ਹੈ। ਕੋਚਿੰਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀਆਂ ਫ਼ੀਸਾਂ, ਰਿਹਾਇਸ਼ ਅਤੇ ਲੰਗਰ ਆਦਿ ਪੂਰ ਹੋਣ ਵਾਲਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਸਹਾਇਤਾ ਦੇ ਕੇ ਵਿੱਦਿਆ ਫੰਡ ਰਾਹੀਂ ਕੀਤਾ ਜਾ ਰਿਹਾ ਹੈ। ਇਸ ਸਾਲ ਦੇ ਬਜਟ ਵਿੱਚ ਇਸ ਕਾਰਜ ਲਈ ਦੋ ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਇਸ ਤੋਂ ਇਲਾਵਾ ਗੁਰਸਿੱਖ ਵਿਦਿਆਰਥੀਆਂ ਦੀ ਪ੍ਰਸ਼ਾਸਕੀ ਪ੍ਰੀਖਿਆ (ਪ੍ਰੀ-ਪ੍ਰੀਖਿਆ ਅਤੇ ਮੁੱਖ ਪ੍ਰੀਖਿਆ) ਦੀ ਤਿਆਰੀ ਵਾਸਤੇ ਧਰਮ ਪ੍ਰਚਾਰ ਕਮੇਟੀ ਦੇ ਬਜਟ ਸਾਲ ੨੦੨੬-੨੦੨੭ ਵਿੱਚ ਪੰਜ ਕਰੋੜ ਰੁਪਏ ਵੱਖਰੇ ਰਾਖਵੇਂ ਰੱਖੇ ਗਏ ਹਨ।

ਸਿੱਖ ਬੱਚੀਆਂ ਨੂੰ ਸਿੱਖ ਧਰਮ ਵੱਲ ਪ੍ਰੇਰਿਤ ਕਰਨ ਲਈ ਮਾਨਯੋਗ ਪ੍ਰਧਾਨ ਸਾਹਿਬ ਦੀ ਵਿਸ਼ੇਸ਼

ਦਿਲਚਸਪੀ ਰਹਿੰਦੀ ਹੈ। ਇਸੇ ਲਈ ਉਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਰਾਹੀਂ ਲੜਕੀਆਂ ਨੂੰ ਮੁਫ਼ਤ ਵਿੱਦਿਆ ਦੇਣ ਦੀ ਸ਼ੁਰੂਆਤ ਕੀਤੀ ਹੈ। ਇਸ ਕਾਰਜ ਲਈ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਤਲਵੰਡੀ ਸਾਬੋ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਚੋਣ ਕਰ ਕੇ ਲੜਕੀਆਂ ਨੂੰ ਮੁਫ਼ਤ ਵਿੱਦਿਆ ਦੇਣ ਦੀ ਅਰੰਭਤਾ ਕੀਤੀ ਜਾ ਚੁੱਕੀ ਹੈ। ਹੁਣ ਤੱਕ ਇਨ੍ਹਾਂ ਦੋਵਾਂ ਅਦਾਰਿਆਂ ਵਿੱਚ ੩੮੫ ਲੜਕੀਆਂ ਨੇ ਦਾਖਲਾ ਲੈ ਲਿਆ ਹੈ। ਇਨ੍ਹਾਂ ਦੀਆਂ ਫ਼ੀਸਾਂ, ਖੁਰਾਕ ਅਤੇ ਰਿਹਾਇਸ਼ ਆਦਿ ਦਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾ ਰਿਹਾ ਹੈ। ਕੌਮ ਦੀਆਂ ਧੀਆਂ ਨੂੰ ਮਾਈ ਭਾਗੋ ਦੀਆਂ ਵਾਰਿਸ ਬਣਾਉਣ ਦੀ ਦਿਸ਼ਾ ਵੱਲ ਕਦਮ ਵਧਾਉਂਦਿਆਂ ਹੋਇਆਂ ਨਿਵੇਕਲੀ ਪਹਿਲ ਕਰਦਿਆਂ ਵਿਦਿਆਰਥਣਾਂ ਦਾ "ਕੌਰ ਕੈਂਪ" ਵੀ ਲਗਾਇਆ ਜਾ ਰਿਹਾ ਹੈ।

ਗੂੰਗੇ ਅਤੇ ਬੋਲੇ ਬੱਚਿਆਂ ਨੂੰ ਗੁਰਮਤਿ ਦੀ ਵਿੱਦਿਆ ਦੇਣ ਲਈ ਧਰਮ ਪ੍ਰਚਾਰ ਕਮੇਟੀ ਰਾਹੀਂ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਿਖੇ ਭਾਈ ਨਗਾਹੀਆ ਸਿੰਘ ਜੀ ਖਾਲਸਾ ਪਬਲਿਕ ਸਕੂਲ ਫਾਰ ਡੈੱਫ ਖੋਲ੍ਹਿਆ ਹੋਇਆ ਹੈ। ਗੂੰਗੇ ਅਤੇ ਬੋਲੇ ਬੱਚਿਆਂ ਨੂੰ ਗੁਰਮਤਿ ਅਤੇ ਸਮਾਜਿਕ ਸਿੱਖਿਆ ਦੇਣ ਲਈ ਮਾਹਿਰ ਟੀਚਰ ਰੱਖੇ ਹੋਏ ਹਨ। ਇਸ ਸਕੂਲ ਵਿੱਚ ਗੂੰਗੇ ਤੇ ਬੋਲੇ ਬੱਚਿਆਂ ਨੂੰ ਗੁਰਮਤਿ ਗਿਆਨ ਦੇ ਨਾਲ-ਨਾਲ ਸਮਾਜ ਦੇ ਹਾਣੀ ਬਣਾਇਆ ਜਾ ਰਿਹਾ ਹੈ। ਇਸ ਸਮੇਂ ਇਸ ਸਕੂਲ ਵਿਖੇ ੧੨੫ ਗੂੰਗੇ ਤੇ ਬੋਲੇ ਬੱਚੇ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਆਦਿ ਦਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾ ਰਿਹਾ ਹੈ।

ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਅਤੇ ਗੁਰਮਤਿ ਦਾ ਗਿਆਨ ਦੇਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਜਾਬ ਅਤੇ ਪੰਜਾਬ ਤੋਂ ਬਾਹਰ ਹੋਰ ਸੂਬਿਆਂ ਵਿੱਚ ਗੁਰਮਤਿ ਕਾਲਜ, ਮਿਸ਼ਨਰੀ ਕਾਲਜ ਅਤੇ ਗੁਰਮਤਿ ਸੰਗੀਤ ਵਿਦਿਆਲੇ ਖੋਲ੍ਹੇ ਗਏ ਹਨ। ਇਨ੍ਹਾਂ ਵਿਦਿਆਲਿਆਂ ਵਿੱਚ ਬੱਚਿਆਂ ਨੂੰ ਗੁਰਮਤਿ ਗਿਆਨ, ਗੁਰਬਾਣੀ ਦੀ ਸੰਥਿਆ, ਸੰਗੀਤ ਦੀ ਵਿੱਦਿਆ, ਗੁਰਬਾਣੀ ਦੀ ਕਥਾ, ਕਵੀਸ਼ਰੀ ਅਤੇ ਢਾਡੀ ਕਲਾ ਆਦਿ ਦੀ ਸਿਖਲਾਈ ਦੇਣ ਲਈ ਮਾਹਿਰ ਅਧਿਆਪਕ ਰੱਖੇ ਗਏ ਹਨ। ਇਨ੍ਹਾਂ ਵਿਦਿਆਲਿਆਂ ਵਿੱਚ ਇਸ ਸਮੇਂ ਪ੍ਰਚਾਰਕ, ਸੰਗੀਤ ਦੇ ਵਿਦਿਆਰਥੀ, ਤਬਲਾ ਵਾਦਕ, ਗ੍ਰੰਥੀ, ਢਾਡੀ ਕਵੀਸ਼ਰ ਕੁੱਲ ੩੨੩ ਵਿਦਿਆਰਥੀ ਗੁਰਮਤਿ ਦੀ ਮੁਫ਼ਤ ਵਿੱਦਿਆ ਪ੍ਰਾਪਤ ਕਰ ਰਹੇ ਹਨ। ਇਸ ਤੋਂ ਇਲਾਵਾ ਜਥੇਦਾਰ ਗੁਰਚਰਨ ਸਿੰਘ ਜੀ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇੰਨ ਸਿੱਖਇਜ਼ਮ ਬਹਾਦਰਗੜ੍ਹ (ਪਟਿਆਲਾ) ਵਿਖੇ ਬੈਚੂਲਰ ਆਫ ਮੈਨਜਮੈਂਟ ਸਟੱਡੀਜ਼ (ਗੁਰਦੁਆਰਾ ਮੈਨਜਮੈਂਟ) ਅਤੇ ਬੈਚੂਲਰ ਆਫ ਆਰਟਸ ਇੰਨ ਗੁਰਮੁਖੀ ਐਜੂਕੇਸ਼ਨ ਦੇ ਕੋਰਸ ਕਰਵਾਏ ਜਾਂਦੇ ਹਨ। ਇਨ੍ਹਾਂ ਦੋਵਾਂ ਕੋਰਸਾਂ ਵਿੱਚ ਇਸ ਸਮੇਂ ਕੁੱਲ ੫੪ ਵਿਦਿਆਰਥੀ ਸਿੱਖਿਆ ਗ੍ਰਹਿਣ ਕਰ ਰਹੇ ਹਨ। ਇਨ੍ਹਾਂ ਸਾਰੇ ਵਿਦਿਆਰਥੀਆਂ ਦੀ ਪੜ੍ਹਾਈ, ਰਿਹਾਇਸ਼ ਅਤੇ ਲੰਗਰ ਆਦਿ ਪੁਰ ਹੋਣ ਵਾਲਾ ਖ਼ਰਚ ਵੀ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾਂਦਾ ਹੈ।

ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਪਿੰਡ-ਪਿੰਡ ਜਾ ਕੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਏ ਜਾਣਗੇ। ਸਿੱਖ ਧਰਮ ਦੇ ਪ੍ਰਚਾਰ ਨੂੰ ਸਿਖਰ ਤੱਕ ਪਹੁੰਚਾਉਣ ਲਈ ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਪ੍ਰਚਾਰ ਕੇਂਦਰ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਪ੍ਰਚਾਰ ਕੇਂਦਰਾਂ ਨੂੰ ਸਿੱਖ ਮਿਸ਼ਨਾਂ ਦਾ ਨਾਮ ਦਿੱਤਾ ਗਿਆ ਹੈ। ਇਨ੍ਹਾਂ ਸਿੱਖ ਮਿਸ਼ਨਾਂ ਵਿੱਚ ਸੂਬੇ ਦੀ ਬੋਲੀ ਦੇ ਆਧਾਰ ਪੁਰ ਪ੍ਰਚਾਰਕ ਭਰਤੀ ਕੀਤੇ ਗਏ ਹਨ। ਇਹ ਪ੍ਰਚਾਰਕ ਆਪਣੇ-ਆਪਣੇ ਸੂਬੇ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਕਰ ਰਹੇ ਹਨ, ਜਿਸ ਤੋਂ ਪ੍ਰਭਾਵਿਤ ਹੋ ਕੇ ਹੋਰ ਧਰਮਾਂ ਦੇ ਲੋਕ ਵੀ ਸਿੱਖੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਇਸ ਦੇ ਚੰਗੇ ਸਿੱਟੇ ਸਾਹਮਣੇ ਆ ਰਹੇ ਹਨ। ਇਨ੍ਹਾਂ ਸਾਰੀਆਂ ਉਪ੍ਰੋਕਤ ਮੱਦਾਂ ਲਈ ਧਰਮ ਪ੍ਰਚਾਰ ਕਮੇਟੀ ਦੇ ਬਜਟ ਵਿੱਚ ਰਕਮਾਂ ਰਾਖਵੀਂਆਂ ਰੱਖੀਆਂ ਗਈਆਂ ਹਨ।

ਅੱਜ ਜਿਹੜੇ ਨੌਜਵਾਨ ਸਿੱਖੀ ਤੋਂ ਦੂਰ ਹੋ ਕੇ ਪਤਿਤਪੁਣੇ ਵੱਲ ਜਾ ਰਹੇ ਹਨ, ਉਨ੍ਹਾਂ ਨੂੰ ਪ੍ਰੇਰਿਤ ਕਰਕੇ ਵਾਪਸ ਸਿੱਖੀ ਵੱਲ ਮੋੜਨ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਸਿੱਖ ਨੌਜਵਾਨ ਬੱਚੇ ਬੱਚੀਆਂ ਨੂੰ ਪਤਿਤਪੁਣੇ ਤੋਂ ਬਚਾਉਣ ਲਈ ਗਤਕਾ, ਕਬੱਡੀ, ਅਤੇ ਹਾਕੀ ਦੀਆਂ ਅਕੈਡਮੀਆਂ ਤਿਆਰ ਕੀਤੀ ਗਈਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਖੇਡ ਅਕੈਡਮੀਆਂ ਵਿੱਚੋਂ ਤਿਆਰ ਸਿੱਖ ਖਿਡਾਰੀਆਂ ਨੇ ਆਪਣੇ-ਆਪਣੇ ਖੇਤਰ ਵਿੱਚ ਚੰਗਾ ਨਾਮਣਾ ਖੱਟਿਆ ਹੈ। ਇਨ੍ਹਾਂ ਸਾਬਤ ਸੂਰਤ ਸਿੱਖ ਖਿਡਾਰੀਆਂ ਦੀ ਚੰਗੀ ਕਾਰਜਗੁਜ਼ਾਰੀ ਨਾਲ ਜਿਥੇ ਇਸ ਸੰਸਥਾ ਦਾ ਨਾਮ ਰੋਸ਼ਨ ਹੋਇਆ ਹੈ, ਉੱਥੇ ਸਿੱਖੀ ਤੋਂ ਪਤਿਤ ਨੌਜਵਾਨਾਂ ਵਿੱਚ ਸਿੱਖੀ ਪ੍ਰਤੀ ਭਾਵਨਾ ਅਤੇ ਲਗਨ ਵੀ ਪੈਦਾ ਹੋਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਇਹ ਮਾਣ ਵਾਲੀ ਗੱਲ ਹੈ ਕਿ ਹਾਕੀ ਅਕੈਡਮੀ ਬਾਬਾ ਬਕਾਲਾ ਸਾਹਿਬ ਦੀ ਜੂਨੀਅਰ ਹਾਕੀ ਟੀਮ ਨੈਸ਼ਨਲ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਹਾਕੀ ਟੀਮ ਦੀ ਕਪਤਾਨੀ ਹੇਠ ੦੨ ਖਿਡਾਰੀਆਂ ਨੇ ਸਬ-ਜੂਨੀਅਰ ਨੈਸ਼ਨਲ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਹਾਕੀ ਅਕੈਡਮੀ ਦੇ ੭੦ ਦੇ ਕਰੀਬ ਖਿਡਾਰੀ ਪੈਰਾ ਮਿਲਟਰੀ ਫੋਰਸ, ਪੰਜਾਬ ਪੁਲਿਸ, ਇੰਡੀਅਨ ਰੇਲਵੇ ਅਤੇ ਹੋਰ ਵਿਭਾਗਾਂ ਵਿੱਚ ਨੌਕਰੀ ਪ੍ਰਾਪਤ ਕਰ ਚੁੱਕੇ ਹਨ ਇਸ ਤੋਂ ਇਲਾਵਾ ੦੮ ਖਿਡਾਰੀ ਵਿਦੇਸ਼ੀ ਹਾਕੀ ਅਕੈਡਮੀ ਵਿੱਚ ਖੇਡ ਰਹੇ ਹਨ।

ਇਸੇ ਤਰ੍ਹਾਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਕਬੱਡੀ ਅਕੈਡਮੀ ਸਫਲਤਾਪੂਰਵਕ ਚੱਲ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਇਨ੍ਹਾਂ ਅਕੈਡਮੀਆਂ ਦੀਆਂ ਟੀਮਾਂ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਵੱਡੀਆਂ ਮੱਲ੍ਹਾਂ ਮਾਰੀਆਂ ਹਨ ਅਤੇ ਸੰਸਥਾ ਦਾ ਨਾਮ ਉੱਚਾ ਕੀਤਾ ਹੈ। ਮੈਂ ਆਪ ਜੀ ਨੂੰ ਸੰਖੇਪ ਜਾਣਕਾਰੀ ਦੇ ਕੇ ਬਜਟ ਦੀ ਕਾਰਵਾਈ ਨੂੰ ਅੱਗੇ ਤੋਰਦਿਆਂ ਦੱਸਣਾ ਚਾਹੁੰਦਾ ਹਾਂ ਕਿ ਸਿੱਖ ਬੱਚੇ ਅਤੇ ਬੱਚੀਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਪੋਰਟਸ ਦਾ ਵੱਖਰਾ ਬਜਟ ਤਿਆਰ ਕੀਤਾ ਜਾਂਦਾ ਹੈ।

ਬੀਮਾਰੀਆਂ ਤੋਂ ਪੀੜਤ ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਸਸਤੇ ਮੁੱਲ 'ਤੇ ਦੇਣ ਅਤੇ ਸਸਤੇ ਮੁੱਲ ਵਿੱਚ ਟੈਸਟ ਕਰਨ ਲਈ ਭਾਈਚਾਰਕ ਸੁਧਾਰ ਫੰਡ ਵਿੱਚੋਂ ਸੱਠ ਲੱਖ ਰੁਪਏ ਖ਼ਰਚ ਕਰਕੇ ਇੱਕ ਲੈਬ (ਲੈਬੋਰਟਰੀ) ਅਤੇ ਇੱਕ ਦਵਾਖਾਨਾ ਖੋਲ੍ਹਣ ਦੀ ਤਜਵੀਜ਼ ਹੈ। ਇਸ ਨਾਲ ਲੋੜਵੰਦਾਂ ਨੂੰ ਸਸਤੇ ਮੁੱਲ 'ਤੇ ਟੈਸਟ ਅਤੇ ਦਵਾਈਆਂ ਦੀ ਸਹੂਲਤ ਮਿਲੇਗੀ।

ਸਿੱਖਾਂ ਦੀ ਇਹ ਸੰਸਥਾ ਧਰਮ, ਕੌਮ ਅਤੇ ਦੇਸ਼ ਖਾਤਿਰ ਕੁਰਬਾਨੀ ਕਰਨ ਵਾਲੇ ਸਿੰਘਾਂ ਦਾ ਹਮੇਸ਼ਾ ਸਨਮਾਨ ਕਰਦੀ ਰਹੀ ਹੈ। ਧਰਮ ਯੁਧ ਮੋਰਚੇ ਤੋਂ ਅਰੰਭ ਹੋਏ ਸਿੱਖ ਸੰਘਰਸ਼ ਵਿੱਚ ਸ਼ਹੀਦ ਹੋਏ ਅਤੇ ਸਰਕਾਰੀ ਤਸ਼ੱਦਦ ਝੱਲਣ ਵਾਲੇ ਪਰਿਵਾਰਾਂ ਦੀ ਹਰ ਪ੍ਰਕਾਰ ਦੀ ਮਦਦ ਕਰ ਰਹੀ ਹੈ। ਮਾਣਯੋਗ ਪ੍ਰਧਾਨ ਸਾਹਿਬ ਸ. ਹਰਜਿੰਦਰ ਸਿੰਘ ਜੀ ਧਾਮੀ ਦੇ ਵਿਸ਼ੇਸ਼ ਉੱਦਮ ਸਦਕਾ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਨੂੰ ਚਾਲੀ ਹਜ਼ਾਰ ਰੁਪਏ ਮਾਸਿਕ ਸਨਮਾਨ ਭੱਤਾ ਦਿੱਤਾ ਜਾ ਰਿਹਾ ਹੈ। ਇਸ ਸੰਬੰਧੀ ਸ਼ਹੀਦੀ ਫੰਡ ਵਿੱਚ ਪੰਜਤਾਲੀ ਲੱਖ ਰੁਪਏ ਦੀ ਰਕਮ ਰਾਖਵੀਂ ਰੱਖ ਲਈ ਗਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੇਵਲ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ ਦਾ ਪ੍ਰਬੰਧ ਹੀ ਨਹੀਂ ਵੇਖਦੀ ਸਗੋਂ ਬਹੁਤ ਸਾਰੀਆਂ ਵਿੱਦਿਅਕ ਸੰਸਥਾਵਾਂ ਵੀ ਚਲਾਉਂਦੀ ਹੈ। ਇਨ੍ਹਾਂ ਸੰਸਥਾਵਾਂ ਦਾ ਪ੍ਰਬੰਧ ਚਲਾਉਣ ਲਈ ਸਟਾਫ ਦੀ ਲੋੜ ਹੁੰਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਧਰਮ ਯੁੱਧ ਮੋਰਚੇ ਸਮੇਂ ਸ਼ਹਾਦਤ ਦੇਣ ਵਾਲੇ, ਜੇਲ੍ਹਾਂ ਕੱਟਣ ਵਾਲੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਉੱਪਰ ਭਾਰਤ ਸਰਕਾਰ ਵੱਲੋਂ ਕੀਤੇ ਫ਼ੌਜੀ ਹਮਲੇ ਸਮੇਂ ਬੈਰਕਾਂ ਛੱਡਣ ਵਾਲੇ ਧਰਮੀ ਫ਼ੌਜੀਆਂ, ਜੋਧਪੁਰ ਜੇਲ੍ਹ ਵਿੱਚ ਨਜ਼ਰਬੰਦ ਰਹੇ ਸਿੰਘਾਂ ਅਤੇ ਉਨ੍ਹਾਂ ਦੇ ਬੱਚੇ-ਬੱਚੀਆਂ ਨੂੰ ਇਨ੍ਹਾਂ ਸੰਸਥਾਵਾਂ ਵਿੱਚ ਭਰਤੀ ਕਰਕੇ ਰੁਜ਼ਗਾਰ

ਦਿੱਤਾ ਗਿਆ ਹੈ। ਮੌਜੂਦਾ ਸਮੇਂ ਲਗਪਗ ਪੰਦਰਾਂ ਹਜ਼ਾਰ ਮੁਲਾਜ਼ਮ ਇਨ੍ਹਾਂ ਸੰਸਥਾਵਾਂ ਵਿੱਚ ਸੇਵਾ ਨਿਭਾਅ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੁਲਾਜ਼ਮਤ ਵਿੱਚ ਸੇਵਾ ਨਿਭਾ ਰਹੇ, ਇਨ੍ਹਾਂ ਮੁਲਾਜ਼ਮਾਂ ਦੇ ਪਰਿਵਾਰਾਂ ਦੀ ਰੋਜ਼ੀ ਰੋਟੀ ਦਾ ਵਸੀਲਾ ਵੀ ਇਹ ਸੰਸਥਾ ਬਣੀ ਹੋਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਦਾ ਵੱਡਾ ਹਿੱਸਾ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਉਪਰ ਖ਼ਰਚ ਹੁੰਦਾ ਹੈ। ਇਸ ਸਾਲ ਦੇ ਬਜਟ ਵਿੱਚ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਦਾ ਅੰਦਾਜ਼ਨ ਕੁੱਲ ਖ਼ਰਚ ਛੇ ਅਰਬ ਅੱਠ ਕਰੋੜ ਉਨਤਾਲੀ ਲੱਖ ਚਾਲੀ ਹਜ਼ਾਰ ਤਰਵਿੰਜਾ ਰੁਪਏ ਹੈ। ਜੋ ਕੁੱਲ ਖ਼ਰਚ ਦੇ ਬਜਟ ਦਾ ੪੧% ਬਣਦਾ ਹੈ।

ਵਾਤਾਵਰਨ ਦੀ ਸ਼ੁੱਧਤਾ ਲਈ ਉਪਰਾਲੇ, ਵਿੱਦਿਅਕ ਅਦਾਰਿਆਂ ਲਈ ਨਵੀਆਂ ਸੋਧਾਂ ਅਤੇ ਸੇਧਾਂ, ਕੁਦਰਤੀ ਖੇਤੀ ਅਤੇ ਸੋਲਰ ਪਲਾਂਟ ਲਗਵਾਉਣ ਲਈ ਉਤਸ਼ਾਹਤ ਕਰਨਾ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਮੁੱਖ ਏਜੰਡਾ ਹੈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਰੋਜ਼ਾਨਾ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨਤਮਸਤਕ ਹੋਣ ਪੁੱਜਦੀ ਹੈ। ਸੰਗਤ ਦੀ ਗਿਣਤੀ ਵਿੱਚ ਨਿਰੰਤਰ ਵਾਧਾ ਹੋ ਰਿਹਾ ਹੈ। ਗੁਰੂ ਘਰਾਂ ਵਿੱਚ ਰਾਤ ਦਾ ਵਿਸ਼ਰਾਮ ਕਰਨ ਵਾਲੀ ਸੰਗਤ ਦੀ ਸਹੂਲਤ ਲਈ ਨਵੀਆਂ ਸਰਾਵਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਭਾਈ ਜੈਤਾ ਜੀ ਨਿਵਾਸ, ਬਾਬਾ ਬਸੰਤ ਸਿੰਘ ਨਿਵਾਸ ਅਤੇ ਭਗਤ ਨਾਮਦੇਵ ਜੀ ਨਿਵਾਸ ਦੀ ਉਸਾਰੀ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਚੋਂ ੯੮ ਕਮਰਿਆਂ ਵਾਲੀ ਸਰਾਂ ਬਾਬਾ ਬਸੰਤ ਸਿੰਘ ਨਿਵਾਸ ਦੀ ਉਸਾਰੀ ਦਾ ਕੰਮ ਤੇਜੀ ਨਾਲ ਚੱਲ ਰਿਹਾ ਹੈ। ਭਗਤ ਨਾਮਦੇਵ ਜੀ ਨਿਵਾਸ ਦੇ ੮੭ ਕਮਰਿਆਂ ਵਾਲੀ ਸਰਾਂ ਦੀਆਂ ਸੱਤ ਮੰਜਲਾਂ ਉੱਪਰ ਲੈਂਟਰ ਪੈ ਚੁੱਕਾ ਹੈ, ਜਲਦੀ ਹੀ ਰਹਿੰਦੇ ਕਾਰਜ ਮੁਕੰਮਲ ਕਰਕੇ ਇਸ ਨੂੰ ਯਾਤਰੂਆਂ ਦੀ ਰਿਹਾਇਸ਼ ਲਈ ਤਿਆਰ ਕਰਵਾ ਕੇ ਵਰਤੋਂ ਵਿੱਚ ਲਿਆਂਦਾ ਜਾਵੇਗਾ। ਇਸੇ ਤਰਾਂ ੯੩ ਕਮਰਿਆਂ ਵਾਲੀ ਭਾਈ ਜੈਤਾ ਜੀ ਨਿਵਾਸ ਦੀਆਂ ਸੱਤ ਮੰਜਲਾਂ ਉੱਪਰ ਲੈਂਟਰ ਪੈ ਚੁੱਕਾ ਹੈ। ਕਮਰਿਆਂ ਦੀ ਤਿਆਰੀ ਦਾ ਕੰਮ ਚੱਲ ਰਿਹਾ ਹੈ ਅਤੇ ਇਹ ਸਰਾਂ ਵੀ ਜਲਦੀ ਹੀ ਸੰਗਤ ਦੀ ਰਿਹਾਇਸ਼ ਲਈ ਵਰਤੀ ਜਾਵੇਗੀ। ਇਨ੍ਹਾਂ ਤੋਂ ਇਲਾਵਾ ਹੋਰ ਵਿਸਥਾਰ ਕਰਦਿਆਂ ਅਕਾਲੀ ਮਾਰਕੀਟ ਵਾਲੀ ਜਗ੍ਹਾ ਤੇ "ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ" ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੰਪਲੈਕਸ ਦਾ ਨਿਰਮਾਣ ਸ਼ੁਰੂ ਕੀਤਾ ਗਿਆ ਹੈ। ਇਸ ਕੰਪਲੈਕਸ ਵਿੱਚ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਅਤੇ ਭਾਈ ਮੱਖਣ ਸ਼ਾਹ ਲੁਬਾਣਾ ਦੇ ਨਾਮ ਪੁਰ ਚਾਰ ਬਲਾਕਾਂ ਦੀ ਉਸਾਰੀ ਹੋਵੇਗੀ। ਇਸ ਕੰਪਲੈਕਸ ਵਿੱਚ ੭੫ ਦੁਕਾਨਾਂ, ਉਸ ਉਪਰ ੧੦੦ ਕਮਰੇ ਅਤੇ ਛੋਟੇ-ਵੱਡੇ ਹਾਲ ਤਿਆਰ ਕਰਨ ਦੇ ਨਾਲ ਵੱਡੀ ਸਮਰਥਾ ਵਾਲੇ ਸੰਗਤੀ ਨਿਵਾਸ ਬਲਾਕ ਬਣਾਏ ਜਾਣਗੇ। ਜਿਸ ਦੀ ਰੂਪ ਰੇਖਾ ਤਿਆਰ ਕੀਤੀ ਜਾ ਰਹੀ ਹੈ। ਇਸ ਸਾਲ ਦੇ ਬਜਟ ਵਿੱਚ ਇਨ੍ਹਾਂ ਕਾਰਜਾਂ ਲਈ ਤੇਤੀ ਕਰੋੜ ਰੁਪਏ ਰੱਖੇ ਗਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਬਲਾਕ ਲਈ ਦੋ ਮੰਜ਼ਿਲਾ ਬਿਲਡਿੰਗ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਸ ਬਿਲਡਿੰਗ ਅੰਦਰ ਤਕਰੀਬਨ ੨੦੦ ਮੈਂਬਰਾਂ ਦੇ ਬੈਠਣ ਦੀ ਸਮਰਥਾ ਵਾਲਾ ਆਧੁਨਿਕ ਤਰੀਕੇ ਦਾ ਆਡੀਟੋਰੀਅਮ ਵੀ ਸਥਾਪਿਤ ਕੀਤਾ ਜਾ ਰਿਹਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿਰੰਤਰ ਚੱਲ ਰਹੇ ਸਾਰੇ ਕਾਰਜਾਂ ਅਤੇ ਪ੍ਰਾਪਤੀਆਂ ਦੀ ਸੂਚੀ ਬਹੁਤ ਲੰਮੇਰੀ ਹੈ ਜੋ ਇਥੇ ਵਿਸਥਾਰ ਨਾਲ ਦੱਸਣੀ ਅਸੰਭਵ ਹੈ। ਇਨ੍ਹਾਂ ਸਾਰੇ ਕਾਰਜ ਅਤੇ ਪ੍ਰਾਪਤੀਆਂ ਦੀ ਜਾਣਕਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮਾਸਿਕ ਪੱਤਰਾਂ ਗੁਰਦੁਆਰਾ ਗਜ਼ਟ, ਗੁਰਮਤਿ ਪ੍ਰਕਾਸ਼ ਤੇ ਗੁਰਮਤਿ ਗਿਆਨ ਰਾਹੀਂ ਸੰਗਤ ਤੱਕ ਪੁੱਜਦੀ ਕੀਤੀ ਜਾ ਰਹੀ ਹੈ।

ਮੈਂ ਬਜਟ ਇਜਲਾਸ ਵਿਚ ਸ਼ਾਮਲ ਹੋਏ ਸਤਿਕਾਰਯੋਗ ਸਿੰਘ ਸਾਹਿਬਾਨ, ਮਾਣਯੋਗ ਪ੍ਰਧਾਨ ਸਾਹਿਬ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਦਾ ਸਵਾਗਤ ਕਰਦਾ ਹੋਇਆ ਅੱਜ ਦੇ ਬਜਟ ਲਈ ਸਾਰਿਆਂ ਤੋਂ ਪੂਰਨ ਸਹਿਯੋਗ ਦੀ ਆਸ ਕਰਦਾ ਹਾਂ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਆਪਣੀ ਆਮਦਨ ਕੇਵਲ ਬੈਂਕਾਂ ਦਾ ਵਿਆਜ, ਜਮੀਨਾਂ ਦੇ ਠੇਕੇ, ਮੁਲਾਜ਼ਮਾਂ ਅਤੇ ਸੰਗਤ ਵੱਲੋਂ ਜਮ੍ਹਾਂ ਕਰਾਈ ਜਾਂਦੀ ਮਾਇਆ ਹੀ ਹੈ। ਜਨਰਲ ਬੋਰਡ ਫੰਡ, ਟਰੱਸਟ ਫੰਡਜ਼, ਵਿੱਦਿਆ ਫੰਡ ਅਤੇ ਧਰਮ ਪ੍ਰਚਾਰ ਕਮੇਟੀ ਦੀ ਆਮਦਨ ਦਾ ਵੱਡਾ ਹਿੱਸਾ ਗੁਰਦੁਆਰਾ ਸਾਹਿਬਾਨ ਪਾਸੋਂ ਨਿਯਮਾਂ ਅਨੁਸਾਰ ਇਕੱਤਰ ਕੀਤੇ ਜਾਂਦੇ ਫੰਡਾਂ 'ਤੇ ਹੀ ਨਿਰਭਰ ਕਰਦਾ ਹੈ।

ਬਜਟ ਸਬ-ਕਮੇਟੀ ਵੱਲੋਂ ਸਾਲ ੨੦੨੬-੨੦੨੭ ਦੇ ਬਜਟ ਦੀ ਕੀਤੀ ਘੋਖ-ਪੜਤਾਲ ਦੇ ਅਧਾਰ 'ਤੇ ਅੰਤ੍ਰਿੰਗ ਕਮੇਟੀ ਵੱਲੋਂ ਕੀਤੀ ਸਿਫਾਰਸ਼ ਅਨੁਸਾਰ ਤਰਤੀਬਵਾਰ ਬਜਟ ਤਿਆਰ ਕੀਤਾ ਗਿਆ ਹੈ। ਸਾਲ ੨੦੨੬-੨੦੨੭ ਵਿੱਚ ਕੁੱਲ ਆਮਦਨ ਚੌਦਾਂ ਅਰਬ ਸਤਾਸੀ ਕਰੋੜ ਇਕਤਾਲੀ ਲੱਖ ਅੱਸੀ ਹਜ਼ਾਰ ਰੁਪਏ ਅਤੇ ਖ਼ਰਚ ਚੌਦਾਂ ਅਰਬ ਸਤਾਸੀ ਕਰੋੜ ਇਕਤਾਲੀ ਲੱਖ ਅੱਸੀ ਹਜ਼ਾਰ ਰੁਪਏ ਹੈ। ਇਸ ਤਰ੍ਹਾਂ ਇਸ ਸਾਲ ਆਮਦਨ ਅਤੇ ਖ਼ਰਚ ਬਰਾਬਰ ਹੋਣ ਦਾ ਅੰਦਾਜ਼ਾ ਹੈ। ਬਜਟ ਦਾ ਵੇਰਵਾ ਸੰਖੇਪ ਤੌਰ 'ਤੇ ਹੇਠ ਲਿਖੇ ਅਨੁਸਾਰ ਹੈ। ਬਜਟ ਦਾ ਵਿਸਥਾਰ ਚਾਰ ਭਾਗਾਂ "ਓ", "ਅ", "ਏ", ਅਤੇ "ਸ" ਵਿੱਚ ਕੀਤਾ ਗਿਆ ਹੈ :-

ਭਾਗ ਆਮਦਨ (ਆਪਣੇ ਸਾਧਨਾਂ ਤੋਂ):-

ਬਜਟ ਭਾਗ "ਓ"

ਬਜਟ ਭਾਗ "ਓ" ਦੇ ਛੇ ਭਾਗ ਹਨ।

(ਭਾਗ "ਓ-੧") ਜਨਰਲ ਬੋਰਡ ਫੰਡ:-

ਜਨਰਲ ਬੋਰਡ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ :- ਚੌਦਾਂ ਕਰੋੜ ਛੱਤੀ ਲੱਖ ਰੁਪਏ।

(ਭਾਗ "ਓ-੨") ਟਰੱਸਟ ਫੰਡਜ਼:-

ਟਰੱਸਟ ਫੰਡਜ਼ ਦੀ ਆਪਣੇ ਸਾਧਨਾਂ ਤੋਂ ਆਮਦਨ :- ਵੀਹ ਕਰੋੜ ਤਰਵਿੰਜਾ ਲੱਖ ਅੱਸੀ ਹਜ਼ਾਰ ਰੁਪਏ।

(ਭਾਗ "ਓ-੩") ਵਿੱਦਿਆ ਫੰਡ:-

ਵਿੱਦਿਆ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ :- ਇੱਕ ਕਰੋੜ ਸਤਾਰਾਂ ਲੱਖ ਰੁਪਏ।

(ਭਾਗ "ਓ-੪") ਸਪੋਰਟਸ ਫੰਡ:-

ਸਪੋਰਟਸ ਫੰਡ ਦੀ ਆਪਣੇ ਸਾਧਨਾਂ ਤੋਂ ਆਮਦਨ :- ਛੇ ਲੱਖ ਰੁਪਏ।

(ਭਾਗ "ਓ-੫") ਪ੍ਰਿੰਟਿੰਗ ਪ੍ਰੈੱਸਾਂ:-

ਪ੍ਰਿੰਟਿੰਗ ਪ੍ਰੈੱਸਾਂ ਦੀ ਆਪਣੇ ਸਾਧਨਾਂ ਤੋਂ ਆਮਦਨ :- ਸੱਤ ਕਰੋੜ ਛਿਆਸੀ ਲੱਖ ਰੁਪਏ।

(ਭਾਗ "ਓ-੬") ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ :-

ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ, ਦੀ ਆਪਣੇ ਸਾਧਨਾਂ ਤੋਂ ਆਮਦਨ :- ਇੱਕ ਕਰੋੜ ਤਿੰਨ ਲੱਖ ਰੁਪਏ।

ਬਜਟ ਭਾਗ "ਅ" ਧਰਮ ਪ੍ਰਚਾਰ ਕਮੇਟੀ:-

ਧਰਮ ਪ੍ਰਚਾਰ ਕਮੇਟੀ ਦੀ ਆਪਣੇ ਸਾਧਨਾਂ ਤੋਂ ਆਮਦਨ :- ਅਠਾਰਾਂ ਕਰੋੜ ਰੁਪਏ।

ਬਜਟ ਭਾਗ "ਏ" ਗੁਰਦੁਆਰਾ ਸਾਹਿਬਾਨ ਦਫ਼ਾ ੮੫ :-

ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੀ ਆਪਣੇ ਸਾਧਨਾਂ ਤੋਂ ਆਮਦਨ :- ਗਿਆਰਾਂ ਅਰਬ ਸਤਾਈ ਕਰੋੜ ਚੌਂਤੀ ਲੱਖ ਰੁਪਏ।

ਬਜਟ ਭਾਗ "ਸ" ਵਿੱਦਿਅਕ ਅਦਾਰੇ:-

ਵਿੱਦਿਅਕ ਅਦਾਰਿਆਂ ਦੀ ਆਪਣੇ ਸਾਧਨਾਂ ਤੋਂ ਆਮਦਨ :- ਦੋ ਅਰਬ ਸਤਾਨਵੇਂ ਕਰੋੜ ਛੇ ਲੱਖ ਰੁਪਏ।

ਆਮਦਨ ਦਾ ਕੁੱਲ ਜੋੜ :- ਚੌਦਾਂ ਅਰਬ ਸਤਾਸੀ ਕਰੋੜ ਇੱਕਤਾਲੀ ਲੱਖ ਅੱਸੀ ਹਜ਼ਾਰ ਰੁਪਏ।

ਭਾਗ ਖ਼ਰਚ (ਆਪਣੇ ਸਾਧਨਾਂ ਦੀ ਆਮਦਨ ਵਿੱਚੋਂ) :-

ਬਜਟ ਭਾਗ "ਓ"

ਬਜਟ ਭਾਗ "ਓ" ਦੇ ਛੇ ਭਾਗ ਹਨ।

(ਭਾਗ "ਓ-੧") ਜਨਰਲ ਬੋਰਡ ਫੰਡ:-

ਆਪਣੀ ਆਮਦਨ ਵਿੱਚੋਂ ਖ਼ਰਚ :- ਚੌਦਾਂ ਕਰੋੜ ਛੱਤੀ ਲੱਖ ਰੁਪਏ।

ਕੁੱਲ ਖ਼ਰਚ :- ਇੱਕ ਅਰਬ ਤਿੰਨ ਕਰੋੜ ਰੁਪਏ।

(ਬਾਕੀ ਖ਼ਰਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਫੰਡਾਂ ਵਿੱਚੋਂ ਆਮਦਨ ਲੈ ਕੇ ਪੂਰੇ ਕੀਤੇ ਗਏ)

(ਭਾਗ "ਓ-੨") ਟਰੱਸਟ ਫੰਡਜ਼:-

ਆਪਣੀ ਆਮਦਨ ਵਿੱਚੋਂ ਖ਼ਰਚ :- ਵੀਹ ਕਰੋੜ ਤਰਵਿੰਜਾ ਲੱਖ ਅੱਸੀ ਹਜ਼ਾਰ ਰੁਪਏ।

ਕੁੱਲ ਖ਼ਰਚ :- ਪੰਝਤਰ ਕਰੋੜ ਉਨਾਹਠ ਲੱਖ ਰੁਪਏ।

(ਬਾਕੀ ਖ਼ਰਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਫੰਡਾਂ ਅਤੇ ਦੂਸਰੇ ਫੰਡਾਂ ਵਿੱਚੋਂ ਆਮਦਨ ਲੈ ਕੇ ਪੂਰੇ ਕੀਤੇ ਗਏ)

(ਭਾਗ "ਓ-੩") ਵਿੱਦਿਆ ਫੰਡ:-

ਆਪਣੀ ਆਮਦਨ ਵਿੱਚੋਂ ਖ਼ਰਚ :- ਇੱਕ ਕਰੋੜ ਸਤਾਰਾਂ ਲੱਖ ਰੁਪਏ।

ਕੁੱਲ ਖ਼ਰਚ :- ਅੱਠਵਿੰਜਾ ਕਰੋੜ ਸਤਾਰਾਂ ਲੱਖ ਰੁਪਏ।

(ਬਾਕੀ ਖ਼ਰਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਫੰਡਾਂ ਵਿੱਚੋਂ ਆਮਦਨ ਲੈ ਕੇ ਪੂਰੇ ਕੀਤੇ ਗਏ)

(ਭਾਗ "ਓ-੪") ਸਪੋਰਟਸ ਫੰਡ:-

ਆਪਣੀ ਆਮਦਨ ਵਿੱਚੋਂ ਖ਼ਰਚ :- ਛੇ ਲੱਖ ਰੁਪਏ।

ਕੁੱਲ ਖ਼ਰਚ :- ਤਿੰਨ ਕਰੋੜ ਗਿਆਰਾਂ ਲੱਖ ਰੁਪਏ।

(ਬਾਕੀ ਖ਼ਰਚ ਧਰਮ ਪ੍ਰਚਾਰ ਕਮੇਟੀ ਅਤੇ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਫੰਡਾਂ ਵਿੱਚੋਂ ਸਹਾਇਤਾ ਲੈ ਕੇ ਪੂਰੇ ਕੀਤੇ ਗਏ)

(ਭਾਗ "ਓ-ਪ") ਪ੍ਰਿੰਟਿੰਗ ਪ੍ਰੈੱਸਾਂ:-

ਆਪਣੀ ਆਮਦਨ ਵਿੱਚੋਂ ਖ਼ਰਚ :- ਸੱਤ ਕਰੋੜ ਛਿਆਸੀ ਲੱਖ ਰੁਪਏ।

(ਭਾਗ "ਓ-ਫ਼") ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ :-

ਆਪਣੀ ਆਮਦਨ ਵਿੱਚੋਂ ਖ਼ਰਚ :- ਇੱਕ ਕਰੋੜ ਤਿੰਨ ਲੱਖ ਰੁਪਏ।

ਕੁੱਲ ਖ਼ਰਚ :- ਪੰਜ ਕਰੋੜ ਤਰਵਿੰਜਾ ਲੱਖ ਰੁਪਏ।

(ਬਾਕੀ ਖ਼ਰਚ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ ਦੇ ਫੰਡਾਂ ਵਿੱਚੋਂ ਸਹਾਇਤਾ ਲੈ ਕੇ ਪੂਰੇ ਕੀਤੇ ਗਏ)

ਬਜਟ ਭਾਗ "ਅ" ਧਰਮ ਪ੍ਰਚਾਰ ਕਮੇਟੀ:-

ਆਪਣੀ ਆਮਦਨ ਵਿੱਚੋਂ ਖ਼ਰਚ :- ਅਠਾਰ੍ਹਾਂ ਕਰੋੜ ਰੁਪਏ।

ਕੁੱਲ ਖ਼ਰਚ :- ਇੱਕ ਅਰਬ ਵੀਹ ਕਰੋੜ ਰੁਪਏ।

(ਬਾਕੀ ਖ਼ਰਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਫੰਡਾਂ ਵਿੱਚੋਂ ਆਮਦਨ ਲੈ ਕੇ ਪੂਰੇ ਕੀਤੇ ਗਏ)

ਬਜਟ ਭਾਗ "ਏ" ਗੁਰਦੁਆਰਾ ਸਾਹਿਬਾਨ ਦਫ਼ਾ ੮੫:-

ਗੁਰਦੁਆਰਾ ਸਾਹਿਬਾਨ ਦਾ ਰੁਟੀਨ ਖ਼ਰਚ :- ਸੱਤ ਅਰਬ ਤਿਹੱਤਰ ਕਰੋੜ ਬਾਹਠ ਲੱਖ ਬਿਆਸੀ ਹਜ਼ਾਰ ਤਿੰਨ ਸੌ ਬਾਨਵੇਂ ਰੁਪਏ।

ਮੁੱਖ ਦਫ਼ਤਰ ਨੂੰ ਦਿੱਤੇ ਜਾਣ ਵਾਲੇ ਫੰਡਾਂ ਦਾ ਖ਼ਰਚ :- ਤਿੰਨ ਅਰਬ ਤਰਵਿੰਜਾ ਕਰੋੜ ਇੱਕਹਤਰ ਲੱਖ ਸਤਾਰਾਂ ਹਜ਼ਾਰ ਛੇ ਸੌ ਅੱਠ ਰੁਪਏ।

ਗੁਰਦੁਆਰਾ ਸਾਹਿਬਾਨ ਦੇ ਖ਼ਰਚ ਦਾ ਕੁੱਲ ਜੋੜ :- ਗਿਆਰਾਂ ਅਰਬ ਸਤਾਈ ਕਰੋੜ ਚੌਂਤੀ ਲੱਖ ਰੁਪਏ।

ਬਜਟ ਭਾਗ "ਸ" ਵਿੱਦਿਅਕ ਅਦਾਰੇ:-

ਕੁੱਲ ਖ਼ਰਚ :- ਤਿੰਨ ਅਰਬ ਪੰਝੀ ਕਰੋੜ ਵੀਹ ਲੱਖ ਰੁਪਏ।

ਖ਼ਰਚ ਦਾ ਕੁੱਲ ਜੋੜ :- ਚੌਦਾਂ ਅਰਬ ਸਤਾਸੀ ਕਰੋੜ ਇੱਕਤਾਲੀ ਲੱਖ ਅੱਸੀ ਹਜ਼ਾਰ ਰੁਪਏ।

ਮੁੱਖ ਬਜਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਖ਼ਰਚਿਆਂ ਦੀ ਸੰਖੇਪ ਵੰਡ ਹੇਠ ਲਿਖੇ ਅਨੁਸਾਰ ਹੈ:-

(੧) ਬਜਟ ਭਾਗ "ਓ-੧"(ਜਨਰਲ ਬੋਰਡ ਫੰਡ)

ਭਾਗ ਆਮਦਨ

ਆਪਣੇ ਸਾਧਨਾਂ ਤੋਂ ਆਮਦਨ = ਚੌਦਾਂ ਕਰੋੜ ਛੱਤੀ ਲੱਖ ਰੁਪਏ।

ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਦਸਵੰਧ = ਅਠਵਿੰਜਾ ਕਰੋੜ ਤੀਹ ਲੱਖ ਰੁਪਏ।

ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ

ਵਿਸ਼ੇਸ਼ ਸਹਾਇਤਾ	=	ਚੌਦਾਂ ਕਰੋੜ ਵੀਹ ਲੱਖ ਰੁਪਏ।
ਕਰਜ਼ਾ ਵਸੂਲੀ	=	ਚੁਤਾਲੀ ਲੱਖ ਰੁਪਏ।
ਕੁੱਲ ਆਮਦਨ	=	ਇੱਕ ਅਰਬ ਤਿੰਨ ਕਰੋੜ ਰੁਪਏ।

ਇਸ ਦੇ ਖ਼ਰਚਿਆਂ ਦੀਆਂ ਖ਼ਾਸ-ਖ਼ਾਸ ਮੱਦਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:-

ਜਨਰਲ ਬੋਰਡ ਫੰਡ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੯ ਅਨੁਸਾਰ ਹੈ। ਇਸ ਫੰਡ ਦੀ ਸਿੱਧੇ ਤੌਰ 'ਤੇ ਆਮਦਨ ਦਾ ਮੁੱਖ ਸਰੋਤ ਦਸਵੰਧ ਹੈ, ਜੋ ਕਿ ਗੁਰਦੁਆਰਾ ਸਾਹਿਬਾਨ ਸੈਕਸ਼ਨ ੮੫ ਅਤੇ ੮੭ ਪਾਸੋਂ ਨਿਯਮਾਂ ਅਨੁਸਾਰ ਲਿਆ ਜਾਂਦਾ ਹੈ। ਇਹ ਉਨ੍ਹਾਂ ਦੀ ਅਸਲ ਆਮਦਨ ਦਾ ੧੦% ਹਿੱਸਾ ਹੀ ਹੁੰਦਾ ਹੈ। ਇਸ ਤੋਂ ਇਲਾਵਾ ਬੈਂਕ ਖਾਤਿਆਂ ਦਾ ਵਿਆਜ ਅਤੇ ਜਮੀਨਾਂ ਦੇ ਠੇਕੇ ਦੀ ਆਮਦਨ ਵੀ ਇਸ ਬਜਟ ਦਾ ਸਰੋਤ ਬਣਦੀ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਮੁਲਾਜ਼ਮਾਂ ਦੀਆਂ ਤਨਖ਼ਾਹਾਂ, ਸਫ਼ਰ ਖ਼ਰਚ, ਮੁਕੱਦਮਿਆਂ ਦੇ ਖ਼ਰਚ, ਆਡਿਟ ਫ਼ੀਸ, ਡਾਕ ਖ਼ਰਚ, ਗੱਡੀਆਂ ਦੇ ਖ਼ਰਚ, ਇਮਾਰਤਾਂ ਦੇ ਖ਼ਰਚ, ਅਤੇ ਸਹਾਇਤਾ ਆਦਿ ਇਸ ਫੰਡ ਦੇ ਮੁੱਖ ਖ਼ਰਚੇ ਹਨ। ਇਨ੍ਹਾਂ ਕਾਰਜਾਂ ਲਈ ਵਿਸ਼ੇਸ਼ ਫੰਡ ਰਾਖਵੇਂ ਕੀਤੇ ਗਏ ਹਨ। ਸਾਲ ੨੦੨੬-੨੦੨੭ ਲਈ ਜਨਰਲ ਬੋਰਡ ਫੰਡ ਦਾ ਕੁੱਲ ਬਜਟ ਇੱਕ ਅਰਬ ਤਿੰਨ ਕਰੋੜ ਰੁਪਏ ਦਾ ਹੈ।

ਇਸ ਦੇ ਖ਼ਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ:-

* ਸ਼੍ਰੋਮਣੀ ਗੁਰਦੁਆਰਾ ਸਾਹਿਬਾਨ ਨਾਲ ਸੰਬੰਧਿਤ ਅਦਾਰਿਆਂ ਦੇ ਪ੍ਰਬੰਧ ਦੀ ਦੇਖ-ਰੇਖ ਕਰਨ ਵਾਲੇ ਸਟਾਫ ਦੀ ਤਨਖ਼ਾਹ ਦਾ ਖ਼ਰਚ ਜਨਰਲ ਬੋਰਡ ਫੰਡ ਵਿੱਚੋਂ ਕੀਤਾ ਜਾਂਦਾ ਹੈ। ਇਸ ਸਾਲ ਦੇ ਬਜਟ ਵਿੱਚ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਲਈ ਤੇਤੀ ਕਰੋੜ ਰੁਪਏ ਰੱਖੇ ਗਏ ਹਨ।
* ਗੁਰਦੁਆਰਾ ਸਾਹਿਬਾਨ ਨਾਲ ਸੰਬੰਧਿਤ ਅਤੇ ਪੰਥਕ ਮੁਕੱਦਮਿਆਂ ਦੀ ਪੈਰਵਾਈ ਵਾਸਤੇ ਦੋ ਕਰੋੜ ਰੁਪਏ ਅਤੇ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਪੈਰਵਾਈ ਲਈ ਤੀਹ ਲੱਖ ਰੁਪਏ ਵੱਖਰੇ ਸ਼ਹੀਦੀ ਫੰਡ ਵਿੱਚ ਵੀ ਰੱਖੇ ਗਏ ਹਨ।
* ਗਰੀਬਾਂ, ਲੋੜਵੰਦਾਂ, ਗਰੀਬ ਸਿੱਖ ਵਿਦਿਆਰਥੀਆਂ, ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ ਸਾਹਿਬ ਲਈ ਅਤੇ ਵਿੱਦਿਅਕ ਅਦਾਰਿਆਂ ਦੀਆਂ ਇਮਾਰਤਾਂ ਦੀ ਸੰਭਾਲ, ਮੁਰੰਮਤਾਂ, ਰੰਗ ਰੋਗਨ ਆਦਿ ਨੂੰ ਸਹਾਇਤਾ ਦੇਣ ਲਈ ਬਾਈ ਕਰੋੜ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨਾਂ ਦੇ ਸਫ਼ਰ ਖ਼ਰਚ ਲਈ ਇਸ ਸਾਲ ਵੀ ਨੱਬੇ ਲੱਖ ਰੁਪਏ ਹੀ ਰੱਖੇ ਗਏ ਹਨ।
* ਮੁਲਾਜ਼ਮਾਂ ਦੇ ਸਫ਼ਰ ਖ਼ਰਚ ਲਈ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਗੁਰਦੁਆਰਾ ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ ਦੇ ਖ਼ਰਚ ਲਈ ਸਮੇਤ ਸਟਾਫ ਦੀਆਂ ਤਨਖ਼ਾਹਾਂ ਛਿਆਨਵੇਂ ਲੱਖ ਪੰਜਾਹ ਹਜ਼ਾਰ ਰੁਪਏ ਰੱਖੇ ਗਏ ਹਨ।
* ਸਬ-ਆਫਿਸਾਂ ਦੇ ਖ਼ਰਚ ਸਮੇਤ ਤਨਖ਼ਾਹ ਸਟਾਫ (ਸਬ-ਆਫਿਸ ਚੰਡੀਗੜ੍ਹ, ਸਬ-ਆਫਿਸ ਮਾਲਵਾ ਜੋਨ (ਤਲਵੰਡੀ ਸਾਬੋ ਕੀ) ਅਤੇ ਸਬ-ਆਫਿਸ ਦੁਆਬਾ ਜੋਨ (ਸ੍ਰੀ ਅਨੰਦਪੁਰ ਸਾਹਿਬ) ਲਈ ਤਿੰਨ ਕਰੋੜ ਸਤਾਸੀ ਲੱਖ ਰੁਪਏ ਰੱਖੇ ਗਏ ਹਨ।
* ਸੇਵਾ ਮੁਕਤ ਹੋਣ ਵਾਲੇ ਮੁਲਾਜ਼ਮਾਂ ਨੂੰ ਰਿਟਾਇਰਮੈਂਟ ਉਪਰੰਤ ਦੇਣ ਵਾਲੇ ਸੇਵਾਫਲ (ਗ੍ਰੈਚੂਇਟੀ) ਲਈ ਤਿੰਨ ਕਰੋੜ ਸੱਤਰ ਲੱਖ ਰੁਪਏ ਰੱਖੇ ਗਏ ਹਨ।
* ਮੈਂਬਰ ਸਾਹਿਬਾਨ ਅਤੇ ਮੁਲਾਜ਼ਮਾਂ ਦਾ ਮੈਡੀਕਲ ਅਤੇ ਐਕਸੀਡੈਂਟਲ ਬੀਮਾ ਕਰਵਾਉਣ ਲਈ ਇੱਕ

ਕਰੋੜ ਚਾਲੀ ਲੱਖ ਰੁਪਏ ਰੱਖੇ ਗਏ ਹਨ।

* ਰਿਟਾਇਰ ਹੋ ਚੁੱਕੇ ਸਾਬਕਾ ਮੁਲਾਜ਼ਮਾਂ ਦੇ ਮੈਡੀਕਲੇਮ ਬੀਮੇ ਲਈ ਪੰਝੀ ਲੱਖ ਰੁਪਏ ਰੱਖੇ ਗਏ ਹਨ।
* ਗੱਡੀਆਂ ਦੀ ਮੁਰੰਮਤ ਅਤੇ ਤੇਲ ਖ਼ਰਚ ਲਈ ਇਸ ਸਾਲ ਵੀ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਇਸ਼ਤਿਹਾਰਬਾਜੀ ਲਈ ਚਾਲੀ ਲੱਖ ਰੁਪਏ ਰੱਖੇ ਹਨ।
* ਨਿਸ਼ਚੈ ਅਕੈਡਮੀ ਦੀ ਨਵੀਂ ਇਮਾਰਤ ਬਣਾਉਣ ਅਤੇ ਧਰਮਸ਼ਾਲਾ ਚਾਨਣਾ ਸਿੰਘ ਖਜਾਨਾ ਗੇਟ ਵਿਖੇ ਨਵੇਂ ਸਟਾਫ ਕੁਆਰਟਰ ਬਣਾਉਣ ਲਈ ਵੀਹ ਕਰੋੜ ਰੁਪਏ ਰੱਖੇ ਗਏ ਹਨ।
* ਨਵੀਆਂ ਗੱਡੀਆਂ ਖਰੀਦ ਕਰਨ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ।
* ਸਬ-ਆਫਿਸ ਚੰਡੀਗੜ੍ਹ ਵਿਖੇ ਗੱਡੀਆਂ ਆਦਿ ਖੜ੍ਹੀਆਂ ਕਰਨ ਵਾਸਤੇ ਨਵਾਂ ਸ਼ੈਡ ਬਣਾਉਣ ਲਈ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਜੇ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਜਰੂਰਤ ਪੈਂਦੀ ਹੈ ਤਾਂ ਸੱਤ ਕਰੋੜ ਰੁਪਏ ਵੱਖਰਾ ਰਿਜ਼ਰਵ ਫੰਡ ਵੀ ਰੱਖਿਆ ਗਿਆ ਹੈ।

(੨) ਬਜਟ ਭਾਗ "ਓ-੨" (ਟਰੱਸਟ ਫੰਡਜ਼)

ਭਾਗ ਆਮਦਨ

ਆਪਣੀ ਨਿਰੋਲ ਆਮਦਨ	=	ਵੀਹ ਕਰੋੜ ਤਰਵਿੰਜਾ ਲੱਖ ਅੱਸੀ ਹਜ਼ਾਰ ਰੁਪਏ।
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਫੰਡਾਂ ਦੀ ਵਸੂਲੀ	=	ਪੰਜਤਾਲੀ ਕਰੋੜ ਸੈਂਤੀ ਲੱਖ ਰੁਪਏ।
ਜਨਰਲ ਬੋਰਡ ਫੰਡ ਤੋਂ ਗ੍ਰੈਚੂਇਟੀ ਫੰਡ	=	ਤਿੰਨ ਕਰੋੜ ਸੱਤਰ ਲੱਖ ਰੁਪਏ।
ਧਰਮ ਪ੍ਰਚਾਰ ਕਮੇਟੀ ਤੋਂ ਗ੍ਰੈਚੂਇਟੀ ਫੰਡ	=	ਚਾਰ ਕਰੋੜ ਪੰਜਾਹ ਲੱਖ ਰੁਪਏ।
ਸਿੱਖ ਇਤਿਹਾਸ ਖੋਜ ਫੰਡ ਤੋਂ ਗ੍ਰੈਚੁਇਟੀ ਫੰਡ	=	ਚੌਦਾਂ ਲੱਖ ਅੱਸੀ ਹਜ਼ਾਰ ਰੁਪਏ।
ਗੁਰਬਾਣੀ ਤੇ ਗੁਰਮਤਿ ਲਿਟਰੇਚਰ ਫੰਡ ਤੋਂ ਗ੍ਰੈਚੂਇਟੀ ਫੰਡ	=	ਸੋਲ੍ਹਾਂ ਲੱਖ ਰੁਪਏ।
ਹਿੱਸਾ ਖ਼ਰਚ ਦਫ਼ਤਰ ਤੋਂ ਗ੍ਰੈਚੂਇਟੀ ਫੰਡ	=	ਵੀਹ ਲੱਖ ਰੁਪਏ।
ਵਿੱਦਿਆ ਫੰਡ ਤੋਂ ਗ੍ਰੈਚੁਇਟੀ ਫੰਡ	=	ਤੇਈ ਲੱਖ ਸੱਤਰ ਹਜ਼ਾਰ ਰੁਪਏ।
ਸਪੋਰਟਸ ਫੰਡ ਤੋਂ ਗ੍ਰੈਚੁਇਟੀ ਫੰਡ	=	ਦਸ ਲੱਖ ਪੰਜਾਹ ਹਜ਼ਾਰ ਰੁਪਏ।
ਪ੍ਰਿੰਟਿੰਗ ਪ੍ਰੈਸਾਂ ਤੋਂ ਗ੍ਰੈਚੂਇਟੀ ਫੰਡ	=	ਤੇਰਾਂ ਲੱਖ ਵੀਹ ਹਜ਼ਾਰ ਰੁਪਏ।
ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ ਤੋਂ ਗ੍ਰੈਚੂਇਟੀ ਫੰਡ	=	ਪੰਜਾਹ ਲੱਖ ਰੁਪਏ ਕੇਵਲ।
ਕੁੱਲ ਆਮਦਨ	=	ਪੰਝਤਰ ਕਰੋੜ ਉਨਾਹਠ ਲੱਖ ਰੁਪਏ।

ਸਿੱਖ ਗੁਰਦੁਆਰਾ ਐਕਟ, ੧੯੨੫ ਦੀਆਂ ਵੱਖ-ਵੱਖ ਧਾਰਾਵਾਂ ਦੇ ਅਧਾਰ ਅਤੇ ਪ੍ਰਬੰਧ ਸਕੀਮ ਅਨੁਸਾਰ ਟਰੱਸਟ ਫੰਡਜ਼ ਵਾਸਤੇ ਗੁਰਦੁਆਰਾ ਸਾਹਿਬਾਨ ਸੈਕਸ਼ਨ (੮੫) ਦੀ ਅਸਲ ਆਮਦਨ ਦਾ ੮.੫੦% ਤੱਕ ਇਕੱਤਰ ਕੀਤਾ ਜਾ ਸਕਦਾ ਹੈ। ਇਸ ਸਾਲ ਦੇ ਬਜਟ ਵਿਚ 'ਏ' ਕੈਟਾਗਰੀ ਦੇ ਗੁਰਦੁਆਰਾ ਸਾਹਿਬਾਨ ਪਾਸੋਂ ੨.੧੦%, 'ਬੀ' ਕੈਟਾਗਰੀ ਦੇ ਗੁਰਦੁਆਰਾ ਸਾਹਿਬਾਨ ਪਾਸੋਂ ੧.੪੫% ਅਤੇ 'ਸੀ' ਕੈਟਾਗਰੀ ਦੇ ਗੁਰਦੁਆਰਾ ਸਾਹਿਬਾਨ ਪਾਸੋਂ ੦.੮੦% ਫੰਡ ਹੀ ਲਿਆ ਗਿਆ ਹੈ। ਇਸ ਸਮੇਂ ਸਿੱਖ ਇਤਿਹਾਸ ਬੋਰਡ ਫੰਡ, ਗੁਰਬਾਣੀ ਤੇ ਗੁਰਮਤਿ ਲਿਟਰੇਚਰ ਫੰਡ, ਧਰਮ ਅਰਥ ਫੰਡ, ਭਾਈਚਾਰਕ ਸੁਧਾਰ ਫੰਡ, ਸ਼ਹੀਦੀ

ਫੰਡ, ਕੁਦਰਤੀ ਆਫਤਾਂ ਫੰਡ ਸਮੇਤ ਕੁੱਲ ੨੦ ਟਰੱਸਟ ਹਨ। ਇਹਨਾਂ ਦਾ ਖ਼ਰਚ ਟਰੱਸਟਾਂ ਦੀ ਬਣਤਰ 'ਚ ਤੈਅ ਕੀਤੀਆਂ ਮੱਦਾਂ 'ਤੇ ਹੀ ਕੀਤਾ ਜਾਂਦਾ ਹੈ। ਸਾਲ ੨੦੨੬-੨੦੨੭ ਲਈ ਟਰੱਸਟ ਫੰਡਜ਼ ਦਾ ਕੁੱਲ ਬਜਟ ਪੰਝੱਤਰ ਕਰੋੜ ਉਨਾਹਠ ਲੱਖ ਰੁਪਏ ਹੈ, ਇਸ ਦੇ ਖ਼ਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ।

* ਸਿੱਖ ਇਤਿਹਾਸ ਖੋਜ ਫੰਡ ਦੇ ਸਟਾਫ ਦੀ ਤਨਖ਼ਾਹ ਲਈ ਖ਼ਰਚ ਇੱਕ ਕਰੋੜ ਅਠਾਈ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਇਤਿਹਾਸ ਖੋਜ ਫੰਡ ਦੇ ਸਟਾਫ ਦੀ ਗ੍ਰੈਚੁਇਟੀ ਲਈ ਚੌਦਾਂ ਲੱਖ ਅੱਸੀ ਹਜ਼ਾਰ ਰੁਪਏ ਰੱਖੇ ਗਏ ਹਨ।
* ਸਿੱਖ ਇਤਿਹਾਸ ਦੀ ਖੋਜ, ਲਿਖਾਈ, ਛਪਾਈ, ਨਵੀਆਂ ਪੁਸਤਕਾਂ, ਪੁਰਾਤਨ ਗ੍ਰੰਥਾਂ ਦੀ ਛਪਾਈ ਅਤੇ ਹੱਥ ਲਿਖਤ ਖਰੜਿਆਂ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਜੇ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਸਿੱਖ ਇਤਿਹਾਸ ਖੋਜ ਫੰਡ ਵਿੱਚ ਦੋ ਕਰੋੜ ਚੌਂਤੀ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਤਨਖ਼ਾਹ ਲਈ ਇੱਕ ਕਰੋੜ ਪੰਝੱਤਰ ਲੱਖ ਰੁਪਏ ਰੱਖੇ ਗਏ ਹਨ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਗ੍ਰੈਚੁਇਟੀ ਲਈ ਸੋਲ੍ਹਾਂ ਲੱਖ ਰੁਪਏ ਰੱਖੇ ਗਏ ਹਨ।
* ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿੱਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਤੇ ਕਾਗਜ਼, ਜਿਲਦਬੰਦੀ ਪੋਥੀਆਂ ਅਤੇ ਗੁਰਬਾਣੀ ਦੇ ਗੁਟਕਿਆਂ ਦੀ ਛਪਾਈ ਲਈ ਦੋ ਕਰੋੜ ਬਤਾਲੀ ਲੱਖ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੱਖ-ਵੱਖ ਸ਼ਹਿਰਾਂ ਅਤੇ ਇਲਾਕਿਆਂ ਵਿੱਚ ਲੈ ਕੇ ਜਾਣ ਵਾਲੀ ਗੱਡੀ ਦੇ ਡੀਜ਼ਲ, ਮੁਰੰਮਤ ਆਦਿ ਖ਼ਰਚ ਲਈ ਪੰਦਰਾਂ ਲੱਖ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੱਖ-ਵੱਖ ਸ਼ਹਿਰਾਂ ਅਤੇ ਇਲਾਕਿਆਂ ਵਿੱਚ ਲੈ ਕੇ ਜਾਣ ਵਾਸਤੇ ਨਵੀਂ ਬੱਸ ਖਰੀਦ ਕਰਨ ਲਈ ਇੱਕ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸਫ਼ਰ ਖ਼ਰਚ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਜੇ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਗੁਰਬਾਣੀ ਅਤੇ ਗੁਰਮਤਿ ਲਿਟਰੇਚਰ ਫੰਡ ਵਿੱਚ ਤਿੰਨ ਕਰੋੜ ਤਰਤਾਲੀ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਬੀਮਾਰੀਆਂ ਤੋਂ ਪੀੜਤ ਮਰੀਜ਼ਾਂ, ਗਰੀਬ ਬੱਚਿਆਂ ਦੀ ਪੜ੍ਹਾਈ ਲਿਖਾਈ ਅਤੇ ਆਰਥਿਕ ਪੱਖੋਂ ਕਮਜ਼ੋਰ ਵਿਅਕਤੀਆਂ ਦੀ ਸਹਾਇਤਾ ਲਈ ਧਰਮ ਅਰਥ ਫੰਡ ਵਿਚ ਤਿੰਨ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਪੰਥਕ ਭਲਾਈ ਫੰਡ ਵਿੱਚੋਂ ਸਹਾਇਤਾ ਲਈ ਛਿਹੱਤਰ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਪੰਥ ਲਈ ਕੁਰਬਾਨੀ ਕਰਨ ਵਾਲੇ ਅਤੇ ਸਰਕਾਰੀ ਤਸ਼ੱਦਦ ਤੋਂ ਪੀੜਤ ਪਰਿਵਾਰਾਂ ਦੇ ਵਾਰਿਸਾਂ ਨੂੰ ਹਰ ਮਹੀਨੇ ਪੈਨਸ਼ਨਾਂ ਦਿੱਤੀਆਂ ਜਾਂਦੀਆਂ ਹਨ। ਇਸ ਕਾਰਜ ਲਈ ਧਰਮ ਅਰਥ ਫੰਡ ਵਿੱਚੋਂ ਇਸ ਸਾਲ ਪੰਜ ਲੱਖ ਰੁਪਏ ਰੱਖੇ ਗਏ ਹਨ।
* ਭਾਈਚਾਰਕ ਸੁਧਾਰ ਫੰਡ ਵਿੱਚੋਂ ਭਾਈਚਾਰਕ ਭਲਾਈ ਲੈਬ (ਲੈਬੋਰਟਰੀ) ਸਥਾਪਤ ਕਰਨ ਲਈ

ਤੀਹ ਲੱਖ ਰੁਪਏ ਰੱਖੇ ਗਏ ਹਨ।

* ਭਾਈਚਾਰਕ ਸੁਧਾਰ ਫੰਡ ਵਿੱਚੋਂ ਭਾਈਚਾਰਕ ਭਲਾਈ ਦਵਾਖਾਨਾ ਸਥਾਪਤ ਕਰਨ ਲਈ ਤੀਹ ਲੱਖ ਰੁਪਏ ਰੱਖੇ ਗਏ ਹਨ।
* ਭਾਈਚਾਰਕ ਸੁਧਾਰ ਫੰਡ ਵਿੱਚੋਂ ਆਰਥਿਕ ਪੱਖੋਂ ਕਮਜ਼ੋਰ ਵਿਅਕਤੀਆਂ ਦੀ ਸਹਾਇਤਾ ਲਈ ਬਹੱਤਰ ਲੱਖ ਰੁਪਏ ਰੱਖੇ ਗਏ ਹਨ।
* ਜੇ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਭਾਈਚਾਰਕ ਸੁਧਾਰ ਫੰਡ ਵਿੱਚ ਇੱਕ ਕਰੋੜ ਚੌਂਹਠ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਵਾਹਿਗੁਰੂ ਮਿਹਰ ਰੱਖਣ ਕਿ ਕਦੇ ਵੀ ਕੋਈ ਆਫਤ ਨਾ ਆਵੇ, ਪਰ ਫਿਰ ਵੀ ਜੇ ਕੋਈ ਕੁਦਰਤੀ ਆਫਤ ਤੂਫਾਨ, ਭੁਚਾਲ ਤੇ ਸੁਨਾਮੀ ਆਦਿ ਆਉਦੀ ਹੈ ਤਾਂ ਇਨ੍ਹਾਂ ਤੋਂ ਪੀੜਤ ਲੋਕਾਂ ਦੀ ਮਦਦ ਲਈ ਕੁਦਰਤੀ ਆਫਤਾਂ ਫੰਡ ਵਿਚ ਇੱਕ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ।
* ਜੇਲ੍ਹਾਂ ਵਿੱਚ ਬੰਦ ਸਿੱਖਾਂ ਦੇ ਕੇਸਾਂ ਦੀ ਪੈਰਵਾਈ ਲਈ ਤੀਹ ਲੱਖ ਰੁਪਏ ਅਤੇ ੧੯੮੪ ਦੇ ਫ਼ੌਜੀ ਹਮਲੇ ਸਮੇਂ ਗ੍ਰਿਫਤਾਰ ਸਿੰਘਾਂ ਦੇ ਮੁਆਵਜ਼ੇ, ਦਿੱਲੀ ਅਤੇ ਕਾਨ੍ਹਪੁਰ ਵਿਖੇ ਹੋਏ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਅਤੇ ਸਪੈਸ਼ਲ ਅਦਾਲਤਾਂ ਦੇ ਕੇਸਾਂ ਵਿੱਚ ਵਕੀਲਾਂ ਦੀ ਫ਼ੀਸ ਆਦਿ ਲਈ ਹੋਰ ਵੱਖਰੇ ਤੀਹ ਲੱਖ ਰੁਪਏ ਕੁੱਲ ਸੱਠ ਲੱਖ ਰੁਪਏ ਸ਼ਹੀਦੀ ਫੰਡ ਵਿੱਚ ਰੱਖੇ ਗਏ ਹਨ। ਇਸ ਤੋਂ ਇਲਾਵਾ ਜਨਰਲ ਬੋਰਡ ਫੰਡ ਵਿੱਚ ਦੋ ਕਰੋੜ ਰੁਪਏ ਵੀ ਵੱਖਰੇ ਰੱਖੇ ਗਏ ਹਨ।
* ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਨੂੰ ਹਰ ਮਹੀਨੇ ਚਾਲੀ ਹਜ਼ਾਰ ਰੁਪਏ ਸਨਮਾਨ ਭੱਤਾ ਦਿੱਤਾ ਜਾਂਦਾ ਹੈ। ਇਸ ਕਾਰਜ ਲਈ ਸ਼ਹੀਦੀ ਫੰਡ ਵਿੱਚ ਪੰਜਤਾਲੀ ਲੱਖ ਰੁਪਏ ਰੱਖੇ ਗਏ ਹਨ।
* ਸ਼ਹੀਦ ਅਤੇ ਜ਼ਖ਼ਮੀ ਸਿੰਘਾਂ ਦੇ ਪਰਿਵਾਰਾਂ ਨੂੰ ਸਹਾਇਤਾ ਦੇਣ ਲਈ ਸ਼ਹੀਦੀ ਫੰਡ ਵਿੱਚ ਤੀਹ ਲੱਖ ਰੁਪਏ ਰੱਖੇ ਗਏ ਹਨ।
* ਰਲੀਫ ਫੰਡ ਲਈ ਅੱਠ ਲੱਖ ਰੁਪਏ ਰੱਖੇ ਗਏ ਹਨ।
* ੧੯੮੪ ਦੇ ਫ਼ੌਜੀ ਹਮਲੇ ਸਮੇਂ ਬੈਰਕਾਂ ਛੱਡਣ ਵਾਲੇ ਧਰਮੀ ਫ਼ੌਜੀਆਂ ਦੀ ਇਹ ਸੰਸਥਾ ਹਮੇਸ਼ਾਂ ਮਦਦ ਕਰਦੀ ਆਈ ਹੈ। ਇਸ ਸੰਬੰਧ ਵਿੱਚ ਜਨਰਲ ਕੋਰਟ ਮਾਰਸ਼ਲ ਕੀਤੇ ਗਏ ਧਰਮੀ ਫ਼ੌਜੀਆਂ ਨੂੰ ਅਤੇ ਜਿਹੜੇ ਸਵਰਗਵਾਸ ਹੋ ਗਏ ਹਨ, ਉਨ੍ਹਾਂ ਦੇ ਵਾਰਸਾਂ ਨੂੰ ਸਹਾਇਤਾ ਦੇਣ ਲਈ ਸ਼ਹੀਦੀ ਫੰਡ ਵਿੱਚ ਇੱਕ ਕਰੋੜ ਰੁਪਏ ਰੱਖੇ ਗਏ ਹਨ।
* ਲੰਮੀ ਸੇਵਾ ਕਰਨ ਉਪ੍ਰੰਤ ਸੇਵਾ ਮੁਕਤ ਹੋਏ ਮੁਲਾਜ਼ਮਾਂ ਨੂੰ ਗ੍ਰੈਚੂਇਟੀ ਅਤੇ ਜਮ੍ਹਾਂ ਰਿਆਇਤੀ ਛੁੱਟੀਆਂ ਦਾ ਸੇਵਾਫਲ ਦੇਣ ਲਈ ਚਾਲੀ ਕਰੋੜ ਬਵਿੰਜਾ ਲੱਖ ਚਾਲੀ ਹਜ਼ਾਰ ਰੁਪਏ ਰੱਖੇ ਗਏ ਹਨ।
* ਟਰੱਸਟ ਬ੍ਰਾਂਚ ਅਤੇ ਅਕਾਉਂਟ ਬ੍ਰਾਂਚ ਵਿਖੇ ਡਿਊਟੀ ਕਰਨ ਵਾਲੇ ਸਟਾਫ ਦੀ ਤਨਖ਼ਾਹ, ਗ੍ਰੈਚੂਇਟੀ ਫੰਡ, ਖ਼ਰਚ ਮੁਕਦਮੇ, ਬੀਮਾ ਮੁਲਾਜ਼ਮਾਂ, ਸਟੇਸ਼ਨਰੀ ਅਤੇ ਫੁਟਕਲ ਆਦਿ ਲਈ ਹਿੱਸਾ ਖ਼ਰਚ ਦਫ਼ਤਰ ਵਿਚ ਤਿੰਨ ਕਰੋੜ ਇੱਕ ਲੱਖ ਨੱਬੇ ਹਜ਼ਾਰ ਰੁਪਏ ਰੱਖੇ ਗਏ ਹਨ।

(੩) ਬਜਟ ਭਾਗ "ਉ-੩" (ਵਿੱਦਿਆ ਫੰਡ)

ਭਾਗ ਆਮਦਨ

ਆਪਣੀ ਨਿਰੋਲ ਆਮਦਨ	=	ਇੱਕ ਕਰੋੜ ਸਤਾਰਾਂ ਲੱਖ ਰੁਪਏ।
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਵਿੱਦਿਆ ਫੰਡ	=	ਉਨਤਾਲੀ ਕਰੋੜ ਰੁਪਏ।
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਸਹਾਇਤਾ	=	ਪੰਦਰਾਂ ਕਰੋੜ ਰੁਪਏ।

ਧਰਮ ਪ੍ਰਚਾਰ ਕਮੇਟੀ ਤੋਂ ਨਿਸ਼ਚੈ ਅਕੈਡਮੀ ਲਈ ਸਹਾਇਤਾ	=	ਦੋ ਕਰੋੜ ਰੁਪਏ।
ਵਿੱਦਿਅਕ ਅਦਾਰਿਆਂ ਤੋਂ ਗ੍ਰੈਚੂਇਟੀ ਫੰਡ	=	ਇੱਕ ਕਰੋੜ ਰੁਪਏ।
ਕੁੱਲ ਆਮਦਨ	=	ਅਠਵਿੰਜਾ ਕਰੋੜ ਸਤਾਰਾਂ ਲੱਖ ਰੁਪਏ।

ਮੈਂ ਪਹਿਲਾਂ ਹੀ ਆਪ ਜੀ ਨੂੰ ਦਸ ਚੁੱਕਾ ਹਾਂ ਕਿ ਸਮਾਜ ਨੂੰ ਵਿੱਦਿਆ ਦੇਣ ਦੀ ਜ਼ਿੰਮੇਵਾਰੀ ਸਰਕਾਰਾਂ ਦੀ ਹੁੰਦੀ ਹੈ। ਅਜੋਕੇ ਸਮੇਂ ਅੰਦਰ ਸਰਕਾਰਾਂ ਇਸ ਜ਼ਿੰਮੇਵਾਰੀ ਨੂੰ ਪੂਰਨ ਰੂਪ 'ਚ ਨਿਭਾਉਣ ਵਿੱਚ ਅਸਫਲ ਹੋ ਰਹੀਆਂ ਹਨ। ਸਮਾਜ 'ਚ ਵਿੱਦਿਆ ਦੀ ਕਮੀ ਨੂੰ ਪੂਰਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਆਪਣੇ ਸੀਮਤ ਸਾਧਨਾਂ ਨਾਲ ਯੋਗਦਾਨ ਪਾ ਰਹੀ ਹੈ। ਵਿੱਦਿਆ ਦੇ ਪ੍ਰਸਾਰ ਲਈ ਪ੍ਰਬੰਧ ਸਕੀਮ ਅਨੁਸਾਰ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੀ ਅਸਲ ਆਮਦਨ ਦਾ ੫% ਵਿੱਦਿਆ ਫੰਡ ਵਜੋਂ ਇਕੱਤਰ ਕੀਤਾ ਜਾਂਦਾ ਹੈ। ਇਹ ਰਕਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ 'ਚ ਚਲਦੇ ਸਕੂਲਾਂ/ਕਾਲਜਾਂ ਦੇ ਅਨ-ਏਡਿਡ ਸਟਾਫ ਦੀਆਂ ਤਨਖ਼ਾਹਾਂ, ਏਡਿਡ ਸਕੂਲਾਂ/ਕਾਲਜਾਂ ਦੇ ਗਵਰਨਿੰਗ ਬਾਡੀ ਦਾ ਬਣਦਾ ੫% ਹਿੱਸਾ, ਸਕੂਲਾਂ/ਕਾਲਜਾਂ ਦੀਆਂ ਇਮਾਰਤਾਂ, ਇਨ੍ਹਾਂ ਲਈ ਲੋੜੀਂਦੇ ਸਾਜੋ ਸਮਾਨ, ਖੇਡ ਵਿਭਾਗ ਆਦਿ ਲਈ ਖ਼ਰਚ ਕੀਤਾ ਜਾਂਦਾ ਹੈ।

ਸਾਲ ੨੦੨੬-੨੦੨੭ ਦਾ ਵਿੱਦਿਆ ਫੰਡ ਦਾ ਕੁੱਲ ਬਜਟ ਅਠਵਿੰਜਾ ਕਰੋੜ ਸਤਾਰਾਂ ਲੱਖ ਰੁਪਏ ਦਾ ਹੈ, ਇਸ ਦੇ ਖ਼ਰਚਿਆਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ:-

* ਏਡਿਡ ਪੋਸਟਾਂ ਪੁਰ ਰੱਖੇ ਗਏ ਅਧਿਆਪਕਾਂ ਦੀ ਸਰਕਾਰ ਪਾਸੋਂ ਮੰਜ਼ੂਰੀ (ਅਪਰੂਵਲ) ਨਾ ਮਿਲਣ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਆਪ ਤਨਖ਼ਾਹਾਂ ਦਿੱਤੀਆਂ ਜਾ ਰਹੀਆਂ ਹਨ। ਏਡਿਡ ਪੋਸਟਾਂ ਵਾਲੇ ਸਟਾਫ ਨੂੰ ਤਨਖ਼ਾਹਾਂ ਦੇਣ ਕਰਕੇ ਇਸ ਸੰਸਥਾ ਤੇ ਵਾਧੂ ਵਿੱਤੀ ਬੋਝ ਪੈ ਰਿਹਾ ਹੈ। ਸਾਲ ੨੦੨੬-੨੦੨੭ ਵਿੱਚ ਵਿੱਦਿਅਕ ਅਦਾਰਿਆਂ ਨੂੰ ਵਿੱਦਿਆ ਫੰਡ ਵਿਚ ਚੌਂਤੀ ਕਰੋੜ ਰੁਪਏ ਵਿੱਤੀ ਸਹਾਇਤਾ ਲਈ ਰੱਖੇ ਗਏ ਹਨ।
* ਵਿੱਦਿਆ ਵਿਭਾਗ ਦੇ ਸਟਾਫ ਦੀ ਤਨਖ਼ਾਹ ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਵਿੱਦਿਆ ਵਿਭਾਗ ਦੇ ਸਟਾਫ ਨੂੰ ਗਰੈਚੂਇਟੀ ਦੇਣ ਲਈ ਤੇਈ ਲੱਖ ਸੱਤਰ ਹਜ਼ਾਰ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰਿਆਂ (ਸਕੂਲਾਂ/ਕਾਲਜਾਂ) ਦੇ ਸੇਵਾਮੁਕਤ ਹੋਏ ਸਟਾਫ ਨੂੰ ਗ੍ਰੈਚੂਇਟੀ ਆਦਿ ਦੇ ਭੁਗਤਾਨ ਲਈ ਤਿੰਨ ਕਰੋੜ ਰੁਪਏ ਰੱਖੇ ਗਏ ਹਨ।
* ਇਸ਼ਤਿਹਾਰਬਾਜੀ (ਪਬਲੀਸਿਟੀ) ਲਈ ਵੀਹ ਲੱਖ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰਿਆਂ ਵਿੱਚ ਖ਼ਾਲਸਾਈ ਖੇਡਾਂ, ਗਿਆਨ ਪ੍ਰਚੰਡ ਪ੍ਰਸ਼ਨੋਤਰੀ ਮੁਕਾਬਲੇ ਅਤੇ ਗੁਰਮਤਿ ਸਭਿਆਚਾਰਕ ਮੁਕਾਬਲਿਆਂ ਲਈ ਪੰਦਰਾਂ ਲੱਖ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰਿਆਂ ਦੇ ਇਨਫ੍ਰਾਸਟ੍ਰਕਚਰ , ਨਵੀਆਂ ਬੱਸਾਂ, ਨਵੇਂ ਫਰਨੀਚਰ ਆਦਿ ਲਈ ਤਿੰਨ ਕਰੋੜ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰੇ ਦੀਆਂ ਇਮਾਰਤਾਂ ਦੀ ਸਾਂਭ ਸੰਭਾਲ, ਰੰਗ ਰੋਗਨ ਅਤੇ ਮੁਰੰਮਤਾਂ ਆਦਿ ਲਈ ਪੰਜ ਕਰੋੜ ਰੁਪਏ ਰੱਖੇ ਗਏ ਹਨ।
* ਵਿੱਦਿਅਕ ਅਦਾਰੇ ਦੀਆਂ ਇਮਾਰਤਾਂ ਦੇ ਵਿਸਥਾਰ ਅਤੇ ਪੁਰਾਣੀਆਂ ਇਮਾਰਤਾਂ ਦੇ ਸੁੰਦਰੀਕਰਨ ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸਾਬਤ ਸੂਰਤ ਸਿੱਖ ਬੱਚਿਆਂ ਨੂੰ ਸਿਵਲ ਪ੍ਰਸ਼ਾਸ਼ਨ ਵਿੱਚ ਅੱਗੇ ਲਿਆਉਣ ਲਈ 'ਨਿਸ਼ਚੈ ਸਿਵਲ

ਸੇਵਾਵਾਂ ਸਿਖਲਾਈ ਕੇਂਦਰ' ਰਾਹੀਂ ਕੋਚਿੰਗ ਦਿੱਤੀ ਜਾਂਦੀ ਹੈ। ਕੋਚਿੰਗ ਲੈਣ ਵਾਲੇ ਬੱਚਿਆਂ ਦੀ ਰਿਹਾਇਸ਼, ਲੰਗਰ, ਕਿਤਾਬਾਂ, ਕੰਪਿਊਟਰ ਆਦਿ ਦੇ ਸਮੂਹ ਖ਼ਰਚ ਧਰਮ ਪ੍ਰਚਾਰ ਕਮੇਟੀ ਪਾਸੋਂ ਸਹਾਇਤਾ ਲੈ ਕੇ ਅਤੇ ਵਿੱਦਿਆ ਫੰਡ ਰਾਹੀਂ ਕੀਤੇ ਜਾਂਦੇ ਹਨ। ਇਸ ਸੰਬੰਧੀ ਸਮੁੱਚੇ ਖ਼ਰਚਿਆਂ ਲਈ ਇੱਕ ਕਰੋੜ ਇਕੱਤੀ ਲੱਖ ਰੁਪਏ ਰੱਖੇ ਗਏ ਹਨ।

* ਜੇ 'ਨਿਸ਼ਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ' ਦੀਆਂ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਇਕੱਤਰ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।
* ਜੇ ਵਿੱਦਿਆ ਫੰਡ ਦੀਆਂ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਦੋ ਕਰੋੜ ਸੱਤਰ ਲੱਖ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।

(੪) ਬਜਟ ਭਾਗ "ਉ-੪" (ਸਪੋਰਟਸ ਫੰਡ)

ਭਾਗ ਆਮਦਨ

ਆਪਣੀ ਨਿਰੋਲ ਆਮਦਨ	=	ਛੇ ਲੱਖ ਰੁਪਏ।
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਸਹਾਇਤਾ	=	ਇੱਕ ਕਰੋੜ ਪੰਜ ਲੱਖ ਰੁਪਏ।
ਧਰਮ ਪ੍ਰਚਾਰ ਕਮੇਟੀ ਤੋਂ ਸਹਾਇਤਾ	=	ਦੋ ਕਰੋੜ ਰੁਪਏ।
ਕੁੱਲ ਆਮਦਨ	=	ਤਿੰਨ ਕਰੋੜ ਗਿਆਰਾਂ ਲੱਖ ਰੁਪਏ।

ਸਿੱਖ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖਰਾ ਖੇਡ ਵਿਭਾਗ ਬਣਾ ਕੇ ਇਸ ਦੇ ਖ਼ਰਚਿਆਂ ਲਈ ਸਪੈਸ਼ਲ ਵੱਖਰਾ ਬਜਟ ਤਿਆਰ ਕਰਵਾਇਆ ਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਖੇਡ ਅਕੈਡਮੀਆਂ ਵਿੱਚੋਂ ਤਿਆਰ ਟੀਮਾਂ ਨੇ ਆਪਣੇ-ਆਪਣੇ ਖੇਤਰ ਵਿੱਚ ਵੱਡੀਆਂ ਮੱਲ੍ਹਾਂ ਮਾਰੀਆਂ ਹਨ। ਇਸ ਸੰਬੰਧੀ ਮੈਂ ਸੰਖੇਪ ਰੂਪ ਵਿੱਚ ਆਪ ਜੀ ਨੂੰ ਪਿੱਛੇ ਜਾਣਕਾਰੀ ਦੇ ਆਇਆ ਹਾਂ। ਖੇਡ ਵਿਭਾਗ ਲਈ ਸਾਲ ੨੦੨੬-੨੦੨੭ ਵਿੱਚ ਤਿੰਨ ਕਰੋੜ ਗਿਆਰਾਂ ਲੱਖ ਰੁਪਏ ਦਾ ਰਾਖਵਾਂ ਬਜਟ ਰੱਖਿਆ ਗਿਆ ਹੈ। ਇਸ ਦੇ ਖ਼ਰਚ ਦੀਆਂ ਮੱਦਾਂ ਦਾ ਸੰਖੇਪ ਵੇਰਵਾ ਹੇਠ ਲਿਖੇ ਅਨੁਸਾਰ ਹੈ।

* ਖੇਡ ਵਿਭਾਗ ਦੇ ਦਫ਼ਤਰੀ ਸਟਾਫ ਦੀ ਤਨਖ਼ਾਹ ਲਈ ਅਠਾਈ ਲੱਖ ਰੁਪਏ ਰੱਖੇ ਗਏ ਹਨ।
* ਖਿਡਾਰੀਆਂ ਦੀਆਂ ਸਕੂਲ ਫ਼ੀਸਾਂ ਲਈ ਦਸ ਲੱਖ ਰੁਪਏ ਰੱਖੇ ਗਏ ਹਨ
* ਕਬੱਡੀ ਖਿਡਾਰੀਆਂ ਦੀ ਤਨਖ਼ਾਹ ਲਈ ਇਕਾਹਠ ਲੱਖ ਰੁਪਏ ਰੱਖੇ ਗਏ ਹਨ।
* ਜੇਕਰ ਟੀਮ ਤੋਂ ਬਾਹਰੋਂ ਕਿਸੇ ਖਿਡਾਰੀ ਨੂੰ ਖਿਡਾਉਣ ਦੀ ਜਰੂਰਤ ਪੈਂਦੀ ਹੈ ਤਾਂ ਮਹਿਮਾਨ ਖਿਡਾਰੀਆਂ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਹਾਕੀ ਟੀਮ ਦੇ ਸਟਾਫ ਦੀ ਤਨਖ਼ਾਹ ਲਈ ਇਕੱਤੀ ਲੱਖ ਰੁਪਏ ਰੱਖੇ ਗਏ ਹਨ।
* ਹਾਕੀ ਖਿਡਾਰੀਆਂ ਦੀ ਖੁਰਾਕ ਅਤੇ ਲੰਗਰ ਪਾਣੀ ਲਈ ਚੌਵੀ ਲੱਖ ਰੁਪਏ ਰੱਖੇ ਗਏ।
* ਹਾਕੀ ਦੇ ਗਾਇਡ, ਕੋਚ ਅਤੇ ਖਿਡਾਰੀਆਂ ਦੇ ਮਾਣ-ਸਨਮਾਨ ਲਈ ਪੰਜ ਲੱਖ ਰੁਪਏ ਰੱਖੇ ਗਏ ਹਨ।
* ਹਾਕੀ ਖਿਡਾਰੀਆਂ ਦੀ ਬੱਸ ਅਤੇ ਸਫ਼ਰ ਖ਼ਰਚ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਗਰਾਊਂਡਾਂ ਦੀ ਸਾਂਭ ਸੰਭਾਲ ਲਈ ਪੰਜ ਲੱਖ ਰੁਪਏ ਰੱਖੇ ਗਏ ਹਨ।
* ਸਪੋਰਟਸ ਵਿਭਾਗ ਦੇ ਸਟਾਫ ਦੀ ਗ੍ਰੈਚੂਇਟੀ ਲਈ ਦਸ ਲੱਖ ਪੰਜਾਹ ਹਜ਼ਾਰ ਰੁਪਏ ਰੱਖੇ ਗਏ ਹਨ।
* ਖਿਡਾਰੀਆਂ ਦੀਆਂ ਵਰਦੀਆਂ ਅਤੇ ਸਪੋਰਟਸ ਕਿੱਟਾਂ ਲਈ ਛੇ ਲੱਖ ਰੁਪਏ ਰੱਖੇ ਗਏ ਹਨ।

* ਜੇ ਇਨ੍ਹਾਂ ਮੱਦਾਂ ਤੋਂ ਇਲਾਵਾ ਕਿਸੇ ਹੋਰ ਮੱਦ ਵਿੱਚ ਖ਼ਰਚ ਕਰਨ ਦੀ ਲੋੜ ਪੈਂਦੀ ਹੈ ਤਾਂ ਨੜ੍ਹਿੰਨਵੇਂ ਲੱਖ ਪੰਜਾਹ ਹਜ਼ਾਰ ਰੁਪਏ ਵੱਖਰਾ ਰਿਜ਼ਰਵ ਫੰਡ ਰੱਖਿਆ ਗਿਆ ਹੈ।

(੫) ਬਜਟ ਭਾਗ ("ਓ-੫") ਪ੍ਰਿੰਟਿੰਗ ਪ੍ਰੈੱਸਾਂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ, ਗੁਰਮਤਿ ਸਾਹਿਤ ਪ੍ਰਕਾਸ਼ਿਤ ਕਰਨ ਦਾ ਸਭ ਤੋਂ ਵੱਡਾ ਅਦਾਰਾ ਹੈ। ਜਿਸ ਵਿੱਚ ਛੋਟੇ ਕਿਤਾਬਚਿਆਂ ਤੋਂ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਤੱਕ ਦੀ ਛਪਾਈ ਪੂਰੀ ਸ਼ਰਧਾ, ਸਤਿਕਾਰ, ਭਾਵਨਾ ਅਤੇ ਮਰਯਾਦਾ ਨਾਲ ਕੀਤੀ ਜਾਂਦੀ ਹੈ। ਇਸ ਕਾਰਜ ਵਾਸਤੇ ਯੋਗ ਅਤੇ ਮਾਹਰ ਸਟਾਫ ਰੱਖਿਆ ਗਿਆ ਹੈ। ਜਿਨ੍ਹਾਂ ਦੀਆਂ ਤਨਖ਼ਾਹਾਂ ਦਾ ਖ਼ਰਚਾ ਪ੍ਰਿੰਟਿੰਗ ਪ੍ਰੈੱਸਾਂ ਦੀ ਆਮਦਨ ਵਿੱਚੋਂ ਹੀ ਕੀਤਾ ਜਾਂਦਾ ਹੈ। ਹੁਣ ਮੈਂ ਆਪ ਜੀ ਦੀ ਸੇਵਾ ਵਿੱਚ ਪ੍ਰਿੰਟਿੰਗ ਪ੍ਰੈੱਸਾਂ ਦੇ ਬਜਟ ਪੇਸ਼ ਕਰ ਰਿਹਾ ਹਾਂ ਜੋ ਹੇਠ ਲਿਖੇ ਅਨੁਸਾਰ ਹਨ :-

(੧) ਗੋਲਡਨ ਆਫਸੈੱਟ ਪ੍ਰੈੱਸ	=	ਪੰਜ ਕਰੋੜ ਅੱਸੀ ਲੱਖ ਰੁਪਏ।
(੨) ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ	=	ਦੋ ਕਰੋੜ ਛੇ ਲੱਖ ਰੁਪਏ।
ਜੋੜ	=	ਸੱਤ ਕਰੋੜ ਛਿਆਸੀ ਲੱਖ ਰੁਪਏ ਕੇਵਲ।

(੬) ਬਜਟ ਭਾਗ ("ਓ-੬")

ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ, ਠੱਠਾ।

ਭਾਗ ਆਮਦਨ

ਆਪਣੀ ਨਿਰੋਲ ਆਮਦਨ	=	ਇੱਕ ਕਰੋੜ ਤਿੰਨ ਲੱਖ ਰੁਪਏ।
ਗੁਰਦੁਆਰਾ ਬੀੜ ਬਾਬਾ ਬੁੱਢਾ ਜੀ, ਠੱਠਾ ਤੋਂ ਸਹਾਇਤਾ	=	ਚਾਰ ਕਰੋੜ ਪੰਜਾਹ ਲੱਖ ਰੁਪਏ।
ਕੁੱਲ ਆਮਦਨ	=	ਪੰਜ ਕਰੋੜ ਤਰਵਿੰਜਾ ਲੱਖ ਰੁਪਏ।

ਸ੍ਰੀ ਗੁਰੂ ਅਰਜਨ ਦੇਵ ਜੀ ਵਲੋਂ ਦੁਖੀਆਂ, ਬੀਮਾਰਾਂ ਅਤੇ ਕੋਹੜੀਆਂ ਦੇ ਦੁੱਖ ਦਰਦਾਂ ਨੂੰ ਦੂਰ ਕਰਨ ਲਈ ਦਵਾਖਾਨੇ ਸ਼ੁਰੂ ਕੀਤੇ ਗਏ ਸਨ। ਗੁਰੂ ਸਾਹਿਬ ਵਲੋਂ ਅਰੰਭੇ ਮਾਨਵ ਭਲਾਈ ਦੇ ਕਾਰਜਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਗੇ ਵਧਾਉਂਦਿਆਂ ਗੁਰੂ ਘਰਾਂ ਵਿੱਚ ਡਿਸਪੈਂਸਰੀਆਂ ਅਤੇ ਚੈਰੀਟੇਬਲ ਹਸਪਤਾਲ ਖੋਲ੍ਹੇ ਹੋਏ ਹਨ। ਬਾਬਾ ਬੁੱਢਾ ਜੀ ਦੀ ਚਰਨ ਛੋਹ ਪ੍ਰਾਪਤ ਬੀੜ ਬਾਬਾ ਬੁੱਢਾ ਜੀ, ਪਿੰਡ ਠੱਠਾ (ਤਰਨ ਤਾਰਨ) ਦੇ ਪੇਂਡੂ ਇਲਾਕੇ ਵਿੱਚ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ, ਬੀੜ ਸਾਹਿਬ ਚਲਾਇਆ ਜਾ ਰਿਹਾ ਹੈ। ਬੀਮਾਰ ਅਤੇ ਦੁਖੀ ਲੋਕਾਂ ਦੀ ਭਲਾਈ ਲਈ ਹਸਪਤਾਲ ਵਿੱਚ ਮਾਹਰ ਅਤੇ ਉਚ ਕੋਟੀ ਦੇ ਡਾਕਟਰਾਂ ਰਾਹੀਂ ਮਰੀਜ਼ਾਂ ਦਾ ਇਲਾਜ ਸਸਤਾ ਅਤੇ ਸੇਵਾ ਭਾਵਨਾ ਨਾਲ ਕੀਤਾ ਜਾਂਦਾ ਹੈ। ਬੀੜ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ ਦਾ ਸਾਲ ੨੦੨੬-੨੦੨੭ ਲਈ ਬਜਟ ਪੰਜ ਕਰੋੜ ਤਰਵਿੰਜਾ ਲੱਖ ਰੁਪਏ ਦਾ ਹੈ। ਇਸ ਦੇ ਖ਼ਰਚ ਦੀਆਂ ਖ਼ਾਸ-ਖ਼ਾਸ ਮੱਦਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :-

* ਸਟਾਫ ਦੀ ਤਨਖ਼ਾਹ ਲਈ ਚਾਰ ਕਰੋੜ ਪਚਵਿੰਜਾ ਲੱਖ ਰੁਪਏ ਰੱਖੇ ਗਏ ਹਨ।
* ਲੈਬ ਖ਼ਰਚ (ਐਕਸਰੇ, ਈ.ਸੀ.ਜੀ., ਅਲਟਰਾਸਾਊਂਡ ਆਦਿ) ਲਈ ਬਾਰਾਂ ਲੱਖ ਰੁਪਏ ਰੱਖੇ ਰਏ ਹਨ।
* ਬਿੱਲ ਬਿਜਲੀ ਅਤੇ ਸਮਾਨ ਲਈ ਦਸ ਲੱਖ ਰੁਪਏ ਰੱਖੇ ਗਏ ਹਨ।
* ਹਸਪਤਾਲ ਦੇ ਸੇਵਾ ਮੁਕਤ ਹੋਣ ਵਾਲੇ ਸਟਾਫ ਦੀ ਗ੍ਰੈਚੂਇਟੀ ਲਈ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਸਟਾਫ ਦੇ ਮੈਡੀਕਲੇਮ ਅਤੇ ਐਕਸੀਡੈਂਟਲ ਬੀਮੇ ਲਈ ਅੱਠ ਲੱਖ ਰੁਪਏ ਰੱਖੇ ਗਏ ਹਨ।

ਬਜਟ ਭਾਗ "ਅ" (ਧਰਮ ਪ੍ਰਚਾਰ ਕਮੇਟੀ)

ਭਾਗ ਆਮਦਨ

ਧਰਮ ਪ੍ਰਚਾਰ ਕਮੇਟੀ ਦੀ ਆਪਣੀ ਆਮਦਨ	=	ਅਠਾਰਾਂ ਕਰੋੜ ਰੁਪਏ
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਤੋਂ ਧਾਰਮਿਕ ਫੰਡ	=	ਇੱਕ ਅਰਬ ਦੋ ਕਰੋੜ ਰੁਪਏ
ਕੁੱਲ ਆਮਦਨ	=	ਇੱਕ ਅਰਬ ਵੀਹ ਕਰੋੜ ਰੁਪਏ

ਧਰਮ ਪ੍ਰਚਾਰ ਕਮੇਟੀ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੯-ਬੀ ਅਨੁਸਾਰ ਹੈ। ਇਸ ਦੇ ਬਜਟ ਸੰਬੰਧੀ ਵੀ ਮੈਂ ਆਪ ਜੀ ਨੂੰ ਦੱਸਣਾ ਚਾਹੁੰਦਾ ਹਾਂ ਕਿ ਇਸ ਵਿੱਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਅਤੇ ਦਫ਼ਾ ੮੭ ਪਾਸੋਂ ਨਿਯਮਾਂ ਅਨੁਸਾਰ ੫% ਤੋਂ ਲੈ ਕੇ ੧੫% ਤੀਕ ਧਾਰਮਿਕ ਫੰਡ ਪ੍ਰਾਪਤ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਬੈਂਕ ਦੇ ਵਿਆਜ ਦੀ ਆਮਦਨ ਅਤੇ ਨਾ-ਮਾਤਰ ਪ੍ਰਚਾਰ ਸਹਾਇਤਾ ਅਤੇ ਮਕਾਨਾਂ/ਦੁਕਾਨਾਂ ਆਦਿ ਦੇ ਕਿਰਾਏ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਹੈ। ਇਸ ਦੇ ਖ਼ਰਚੇ ਅੰਮ੍ਰਿਤ-ਸੰਚਾਰ, ਭੇਟਾ ਰਹਿਤ ਗੁਰਮਤਿ ਸਾਹਿਤ, ਗੁਰਮਤਿ ਪ੍ਰਕਾਸ਼, ਗੁਰਮਤਿ ਗਿਆਨ, ਗੁਰਮਤਿ ਵਿਦਿਆਲੇ, ਸਿੱਖ ਮਿਸ਼ਨਰੀ ਕਾਲਜ, ਧਰਮ ਪ੍ਰਚਾਰ ਲਹਿਰ, ਧਾਰਮਿਕ ਦੀਵਾਨ, ਮੇਲੇ, ਗੁਰਮਤਿ ਕੈਂਪ, ਸ਼ਤਾਬਦੀਆਂ, ਸਿੱਖ ਮਿਸ਼ਨ, ਧਾਰਮਿਕ ਪ੍ਰੀਖਿਆ, ਪੱਤਰ ਵਿਹਾਰ ਕੋਰਸ, ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ, ਸਮਾਜ-ਸੇਵੀ ਸੰਸਥਾਵਾਂ ਨੂੰ ਸਹਾਇਤਾ ਤੇ ਧਾਰਮਿਕ ਵਿੱਦਿਆ ਆਦਿ ਹੁੰਦੇ ਹਨ। ਇਨ੍ਹਾਂ ਖ਼ਰਚਿਆਂ ਵਿੱਚ ਦਫ਼ਤਰੀ ਸਟਾਫ, ਸਮੂਹ ਸਿੱਖ ਮਿਸ਼ਨ, ਸਮੂਹ ਗੁਰਮਤਿ ਮਿਸ਼ਨਰੀ ਕਾਲਜ ਤੇ ਵਿਦਿਆਲੇ, ਧਾਰਮਿਕ ਟੀਚਰ, ਪੰਜ ਪਿਆਰੇ ਸਾਹਿਬਾਨ, ਪ੍ਰਚਾਰਕ, ਕਵੀਸ਼ਰ, ਅਤੇ ਢਾਡੀ ਸਿੰਘਾਂ ਦੀਆਂ ਤਨਖ਼ਾਹਾਂ ਪੁਰ ਹੋਣ ਵਾਲਾ ਅੰਦਾਜਨ ਚਾਲੀ ਕਰੋੜ ਰੁਪਏ ਖ਼ਰਚ ਵੀ ਸ਼ਾਮਲ ਹੈ। ਸਾਲ ੨੦੨੬-੨੦੨੭ ਲਈ ਧਰਮ ਪ੍ਰਚਾਰ ਕਮੇਟੀ ਦਾ ਕੁੱਲ ਬਜਟ ਇੱਕ ਅਰਬ ਵੀਹ ਕਰੋੜ ਰੁਪਏ ਦਾ ਹੈ।

ਇਸ ਬਜਟ ਦੇ ਖਰਚਿਆਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :-

* ਪ੍ਰਚਾਰ ਕਮੇਟੀ ਵੱਲੋਂ ਸ਼ਤਾਬਦੀ ਸਮਾਗਮ ਅਤੇ ਹੋਰ ਸਮਾਗਮ ਉੱਚ ਪੱਧਰ 'ਤੇ ਮਨਾਏ ਜਾਂਦੇ ਹਨ। ਇਨ੍ਹਾਂ ਸਮਾਗਮਾਂ ਉਪਰ ਕਰੋੜਾਂ ਰੁਪਏ ਖ਼ਰਚ ਕੀਤੇ ਜਾਂਦੇ ਹਨ। ਸਾਲ ੨੦੨੬-੨੦੨੭ ਦੇ ਬਜਟ ਵਿੱਚ ਸੱਤ ਕਰੋੜ ਰੁਪਏ ਰੱਖੇ ਗਏ ਹਨ।
* ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖ ਧਰਮ ਨਾਲ ਸੰਬੰਧਿਤ ਧਾਰਮਿਕ ਪ੍ਰੀਖਿਆਵਾਂ ਕਰਵਾਈਆਂ ਜਾਂਦੀਆਂ ਹਨ। ਪ੍ਰੀਖਿਆ ਵਿੱਚ ਚੰਗੇ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਜੀਫੇ ਆਦਿ ਦਿੱਤੇ ਜਾਂਦੇ ਹਨ। ਇਸ ਕਾਰਜ ਲਈ ਇੱਕ ਕਰੋੜ ਸੱਠ ਲੱਖ ਰੁਪਏ ਰੱਖੇ ਗਏ ਹਨ।
* ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਧਾਰਮਿਕ ਵਿੱਦਿਆ ਦੇਣ ਲਈ ਧਾਰਮਿਕ ਅਧਿਆਪਕ ਰੱਖੇ ਗਏ ਹਨ। ਇਨ੍ਹਾਂ ਦੀਆਂ ਤਨਖ਼ਾਹਾਂ ਆਦਿ ਲਈ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਭੇਟਾ-ਰਹਿਤ ਧਾਰਮਿਕ ਲਿਟਰੇਚਰ, ਡਾਇਰੀਆਂ ਅਤੇ ਤਸਵੀਰਾਂ ਆਦਿ ਲਈ ਇੱਕ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਵੱਖ-ਵੱਖ ਸਥਾਨਾਂ ਪੁਰ ਜਾ ਕੇ ਅੰਮ੍ਰਿਤ-ਸੰਚਾਰ ਕਰਨ ਵਾਲੇ ਪੰਜ ਪਿਆਰੇ ਸਾਹਿਬਾਨ ਦੀਆਂ ਤਨਖ਼ਾਹਾਂ, ਗੱਡੀਆਂ ਦਾ ਖ਼ਰਚ ਅਤੇ ਭੇਟਾ ਰਹਿਤ ਕਕਾਰ ਦੇਣ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ।
* ਸਿੱਖ ਧਰਮ ਨਾਲ ਸੰਬੰਧਿਤ ਇਤਿਹਾਸ ਅਤੇ ਧਰਮ ਦੇ ਗਿਆਨ ਨੂੰ ਘਰ-ਘਰ ਪਹੁੰਚਾਉਣ ਲਈ ਗੁਰਮਤਿ ਪ੍ਰਕਾਸ਼ ਅਤੇ ਗੁਰਮਤਿ ਗਿਆਨ (ਹਿੰਦੀ) ਮਾਸਿਕ ਪੱਤਰ ਦੇ ਖ਼ਰਚ ਲਈ ਤਿੰਨ ਕਰੋੜ

ਸੱਤਰ ਲੱਖ ਰੁਪਏ ਰੱਖੇ ਗਏ ਹਨ।

* ਪ੍ਰਚਾਰਕ, ਕਵੀਸ਼ਰ ਅਤੇ ਢਾਡੀ ਸਾਹਿਬਾਨ ਦੀਆਂ ਤਨਖ਼ਾਹਾਂ ਲਈ ਪੰਦਰਾਂ ਕਰੋੜ ਰੁਪਏ ਰੱਖੇ ਗਏ ਹਨ।
* ਗੁਰਮਤਿ ਪ੍ਰਚਾਰ ਲਹਿਰ ਲਈ ਇੱਕ ਕਰੋੜ ਚੌਦਾਂ ਲੱਖ ਪਚਾਨਵੇਂ ਹਜ਼ਾਰ ਰੁਪਏ ਰੱਖੇ ਗਏ ਹਨ।
* 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਲਈ ਵਿੱਦਿਆ ਫੰਡ ਨੂੰ ਸਹਾਇਤਾ ਦੇਣ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ। ਇਸ ਤੋਂ ਇਲਾਵਾ ਗੁਰਸਿੱਖ ਵਿੱਦਿਆਰਥੀਆਂ ਦੇ ਪ੍ਰਸ਼ਾਸਕੀ ਪ੍ਰੀਖਿਆ ਲਈ ਪੰਜ ਕਰੋੜ ਰੁਪਏ ਵੱਖਰੇ ਰਾਖਵੇਂ ਰੱਖੇ ਗਏ ਹਨ।
* ਗੱਡੀਆਂ ਦੇ ਖ਼ਰਚ ਲਈ ਸੱਠ ਲੱਖ ਰੁਪਏ ਰੱਖੇ ਗਏ ਹਨ।
* ਮੁਕੱਦਮਿਆਂ ਦੇ ਖ਼ਰਚ ਲਈ ਪੈਂਹਠ ਲੱਖ ਰੁਪਏ ਰੱਖੇ ਗਏ ਹਨ।
* ਪੰਜਾਬ ਤੋਂ ਬਾਹਰ ਸਿੱਖ ਮਿਸ਼ਨਾਂ ਦੀਆਂ ਤਨਖ਼ਾਹਾਂ, ਧਾਰਮਿਕ ਦੀਵਾਨ, ਗੁਰਮਤਿ ਕੈਂਪ, ਸਫ਼ਰ ਖ਼ਰਚ ਆਦਿ ਲਈ ਦਸ ਕਰੋੜ ਪੰਝੀ ਲੱਖ ਰੁਪਏ ਰੱਖੇ ਗਏ ਹਨ।
* ਸਹਾਇਤਾ ਅੰਮ੍ਰਿਤਧਾਰੀ ਵਿਦਿਆਰਥੀਆਂ ਦੇ ਵਜੀਫੇ (ਸਕੂਲ ਫ਼ੀਸਾਂ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਸਕੂਲ/ਕਾਲਜਾਂ) ਲਈ ਦੋ ਕਰੋੜ ਅੱਸੀ ਲੱਖ ਰੁਪਏ ਰੱਖੇ ਗਏ ਹਨ।
* ਸਿੱਖ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਪੋਰਟਸ ਫੰਡ ਲਈ ਸਹਾਇਤਾ ਦੋ ਕਰੋੜ ਰੁਪਏ ਰੱਖੀ ਗਈ ਹੈ।
* ਧਾਰਮਿਕ ਸ਼ਖ਼ਸੀਅਤਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਉਤਸ਼ਾਹਿਤ ਕਰਨ ਲਈ ਸਹਾਇਤਾ ਵਜੋਂ ਦੋ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।
* ਗਰੀਬ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਤਿੰਨ ਕਰੋੜ ਰੁਪਏ ਰੱਖੇ ਗਏ ਹਨ।
* ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਅਤੇ ਮਾਤਾ ਸਾਹਿਬ ਕੌਰ ਗਰਲਜ ਕਾਲਜ ਤਲਵੰਡੀ ਸਾਬੋ ਵਿਖੇ ਸਿੱਖ ਵਿਦਿਆਰਥਣਾਂ (ਲੜਕੀਆਂ) ਨੂੰ ਮੁਫ਼ਤ ਵਿੱਦਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੀ ਰਿਹਾਇਸ਼ ਅਤੇ ਲੰਗਰ ਆਦਿ ਦਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਜਾਂਦਾ ਹੈ। ਇਸ ਕਾਰਜ ਲਈ ਦੋ ਕਰੋੜ ਰੁਪਏ ਰੱਖੇ ਗਏ ਹਨ।
* ਪੰਜਾਬ ਅਤੇ ਪੰਜਾਬ ਤੋਂ ਬਾਹਰ ਇਤਿਹਾਸਿਕ ਗੁਰਦੁਆਰਾ ਸਾਹਿਬਾਨਾਂ ਦੀ ਸਹਾਇਤਾ ਲਈ ਤਿੰਨ ਕਰੋੜ ਵੀਹ ਲੱਖ ਰੁਪਏ ਰੱਖੇ ਗਏ ਹਨ।
* ਸਹਾਇਤਾ ਸਿਕਲੀਗਰ ਅਤੇ ਵਣਜਾਰੇ ਸਿੱਖਾਂ, ਗੁਰਦੁਆਰਾ ਸਾਹਿਬਾਨ ਪੰਜਾਬ ਅਤੇ ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਸਕੂਲ/ਕਾਲਜਾਂ, ਯੂਨੀਵਰਸਿਟੀ, ਮੈਡੀਕਲ ਸਹੂਲਤਾਂ ਵਾਲੀਆਂ ਵੈਨਾਂ, ਦਵਾਈਆਂ ਆਦਿ ਲਈ ਦੋ ਕਰੋੜ ਇਕਿਆਸੀ ਲੱਖ ਰੁਪਏ ਕੇਵਲ ਰੱਖੇ ਗਏ ਹਨ।
* ਨਵੀਆਂ ਇਮਾਰਤਾਂ (ਸਮੇਤ ਇਮਾਰਤ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ, ਪਟਿਆਲਾ ਅਤੇ ਇਮਾਰਤ ਗੁਰਦੁਆਰਾ ਸਾਹਿਬ ਅਤੇ ਸਿੱਖ ਮਿਸ਼ਨ ਜੰਮੂ-ਕਸ਼ਮੀਰ) ਦਫ਼ਤਰ, ਸਿੱਖ ਮਿਸ਼ਨ, ਸਿੱਖ ਮਿਸ਼ਨਰੀ ਕਾਲਜ, ਗੁਰਮਤਿ ਵਿਦਿਆਲਿਆਂ ਲਈ ਸਮਾਨ, ਕਿਤਾਬਾਂ ਗੁਰਮਤਿ ਸਾਹਿਤ, ਨਵੀਆਂ ਗੱਡੀਆਂ (ਪੂੰਜੀਗਤ ਖ਼ਰਚਿਆਂ ਲਈ) ਆਦਿ ਲਈ ਸਤਾਰਾਂ ਕਰੋੜ ਛੇ ਲੱਖ ਰੁਪਏ ਕੇਵਲ ਰੱਖੇ ਗਏ ਹਨ।
* ਜੇਕਰ ਇਨ੍ਹਾਂ ਖ਼ਰਚਿਆਂ ਦੀਆਂ ਮੱਦਾਂ ਤੋਂ ਇਲਾਵਾ ਹੋਰ ਕੋਈ ਖ਼ਰਚ ਕਰਨ ਦੀ ਜ਼ਰੂਰਤ ਪੈਂਦੀ ਹੈ ਤਾਂ ਚਾਰ ਕਰੋੜ ਛੇ ਲੱਖ ਚਾਲੀ ਹਜ਼ਾਰ ਰੁਪਏ ਵੱਖਰਾ ਰਿਜ਼ਰਵ ਫੰਡ ਵੀ ਰੱਖਿਆ ਗਿਆ ਹੈ।

ਬਜਟ ਭਾਗ "ਏ" (ਗੁਰਦੁਆਰਾ ਸਾਹਿਬਾਨ ਦਫ਼ਾ ੮੫)

ਹੁਣ ਮੈਂ ਆਪ ਜੀ ਦੀ ਸੇਵਾ ਵਿਚ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਬਜਟ ਪੇਸ਼ ਕਰ ਰਿਹਾ ਹਾਂ। ਜਿਸ ਤਰ੍ਹਾਂ ਸ਼ੁਰੂ ਵਿੱਚ ਦੱਸਿਆ ਗਿਆ ਹੈ ਕਿ ਗੁਰਦੁਆਰਾ ਸਾਹਿਬਾਨ ਦੀ ਆਮਦਨ ਸੰਗਤ ਵਲੋਂ ਸ਼ਰਧਾ ਸਤਿਕਾਰ ਨਾਲ ਆਪਣੀ ਕਿਰਤ ਕਮਾਈ ਵਿੱਚੋਂ ਅਰਪਨ ਕੀਤੀ ਦਰਸ਼ਨੀ ਭੇਟਾ ਅਤੇ ਲੰਗਰ, ਕੜਾਹਿ ਪ੍ਰਸ਼ਾਦਿ ਆਦਿ ਲਈ ਭੇਟ ਕੀਤੀ ਮਾਇਆ ਹੀ ਹੁੰਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਨ੍ਹਾਂ ਗੁਰਦੁਆਰਾ ਸਾਹਿਬਾਨ ਤੋਂ ਕੇਵਲ ਨੀਯਤ ਫੰਡ ਹੀ ਆਉਂਦੇ ਹਨ। ਬਾਕੀ ਰਕਮ ਗੁਰਦੁਆਰਾ ਸਾਹਿਬਾਨ ਦੇ ਵੱਖ-ਵੱਖ ਕਾਰਜਾਂ ਜਿਵੇਂ ਲੰਗਰ, ਬਿਜਲੀ ਦੇ ਖ਼ਰਚ, ਗੁਰਮਤਿ ਸਮਾਗਮਾਂ, ਮੇਲੇ-ਗੁਰਪੁਰਬਾਂ ਦੇ ਖ਼ਰਚ, ਇਮਾਰਤਾਂ ਦੇ ਨਵ-ਨਿਰਮਾਣ ਅਤੇ ਮੁਲਾਜ਼ਮਾਂ ਦੀ ਤਨਖ਼ਾਹ ਆਦਿ ਪੁਰ ਖ਼ਰਚ ਕੀਤੀ ਜਾਂਦੀ ਹੈ।

ਸੰਗਤ ਨੂੰ ਅੰਮ੍ਰਿਤਸਰ, ਤਰਨ ਤਾਰਨ ਅਤੇ ਕਪੂਰਥਲਾ ਜਿਲ੍ਹਿਆਂ ਵਿੱਚ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਕਰਵਾਉਣ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵੱਲੋਂ ਮੁਫ਼ਤ ਬੱਸ ਸੇਵਾ ਚਲਾਈ ਜਾ ਰਹੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਏਅਰਪੋਰਟ, ਰੇਲਵੇ ਸਟੇਸ਼ਨ ਅਤੇ ਬੱਸ ਅੱਡੇ ਤੋਂ ਸੰਗਤ ਨੂੰ ਲਿਆਉਣ ਅਤੇ ਲਿਜਾਣ ਲਈ ਵੀ ਮੁਫ਼ਤ ਬੱਸਾਂ ਚਲਾਈਆਂ ਜਾ ਰਹੀਆਂ ਹਨ।

ਸਿੱਖ ਗੁਰਦੁਆਰਾ ਐਕਟ ਦੀ ਧਾਰਾ ੮੫ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ੭੦ ਗੁਰਦੁਆਰਾ ਸਾਹਿਬਾਨ ਹਨ ਅਤੇ ੨ ਸਿੱਧੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਆਉਂਦੇ ਹਨ। ਇਨ੍ਹਾਂ ਗੁਰਦੁਆਰਾ ਸਾਹਿਬਾਨ ਦੀ ਕੁੱਲ ਗਿਣਤੀ ੭੨ ਹੈ। ਇਨ੍ਹਾਂ ੭੨ ਗੁਰਦੁਆਰਾ ਸਾਹਿਬਾਨ ਦਾ ਕੁੱਲ ਬਜਟ ਗਿਆਰਾਂ ਅਰਬ ਸਤਾਈ ਕਰੋੜ ਚੌਂਤੀ ਲੱਖ ਰੁਪਏ ਦਾ ਹੈ।

ਗੁਰਦੁਆਰਾ ਸਾਹਿਬਾਨ ਦਫ਼ਾ ੮੫ ਦੇ ਬਜਟ ਦਾ ਸੰਖੇਪ ਵੇਰਵਾ ਇਸ ਪ੍ਰਕਾਰ ਹੈ:-

੧.	ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ	ਪੰਜ ਅਰਬ ਪੈਂਤੀ ਕਰੋੜ ਰੁਪਏ
੨.	ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ	ਤਰਿਆਨਵੇਂ ਕਰੋੜ ਰੁਪਏ
੩.	ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ	ਬਹੱਤਰ ਕਰੋੜ ਰੁਪਏ
੪.	ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ, ਪਟਿਆਲਾ	ਤੇਤੀ ਕਰੋੜ ਰੁਪਏ
੫.	ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ, ਤਰਨ ਤਾਰਨ	ਇਕਤਾਲੀ ਕਰੋੜ ਰੁਪਏ
੬.	ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ	ਅੱਠਤੀ ਕਰੋੜ ਰੁਪਏ
੭.	ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ	ਤੇਈ ਕਰੋੜ ਰੁਪਏ
੮.	ਸ੍ਰੀ ਦਰਬਾਰ ਸਾਹਿਬ ਤਰਨ ਤਾਰਨ	ਇੱਕੀ ਕਰੋੜ ਪੰਜਾਹ ਲੱਖ ਰੁਪਏ
੯.	ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ	ਸਤਾਈ ਕਰੋੜ ਦਸ ਲੱਖ ਰੁਪਏ
੧੦.	ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ	ਪੰਦਰਾਂ ਕਰੋੜ ਸੱਤਰ ਲੱਖ ਰੁਪਏ
੧੧.	ਗੁਰਦੁਆਰਾ ਮੰਜੀ ਸਾਹਿਬ ਆਲਮਗੀਰ, ਲੁਧਿਆਣਾ	ਗਿਆਰਾਂ ਕਰੋੜ ਸੱਤਰ ਲੱਖ ਰੁਪਏ
੧੨.	ਗੁਰਦੁਆਰਾ ਬਾਬਾ ਬੁੱਢਾ ਜੀ ਰਾਮਦਾਸ, ਅੰਮ੍ਰਿਤਸਰ	ਬਾਰਾਂ ਕਰੋੜ ਪੰਜਾਹ ਲੱਖ ਰੁਪਏ
੧੩.	ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ	ਬਾਰਾਂ ਕਰੋੜ ਤਰਵਿੰਜਾ ਲੱਖ ਰੁਪਏ
੧੪.	ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਕਟਾਣਾ	ਅੱਠ ਕਰੋੜ ਸੱਤਰ ਲੱਖ ਰੁਪਏ
੧੫.	ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਕੋਟਾਂ,	

ਲੁਧਿਆਣਾ ਅੱਠ ਕਰੋੜ ਤੀਹ ਲੱਖ ਰੁਪਏ
੧੬. ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾਤਸ਼ਾਹੀ ਛੇਵੀਂ, ਅੰਮ੍ਰਿਤਸਰ ਅੱਠ ਕਰੋੜ ਸੱਤਰ ਲੱਖ ਰੁਪਏ
੧੭. ਗੁਰਦੁਆਰਾ ਸ੍ਰੀ ਅੰਬ ਸਾਹਿਬ ਪਾਤਸ਼ਾਹੀ ਸੱਤਵੀਂ ਲੰਬੇ, ਮੁਹਾਲੀ ਅੱਠ ਕਰੋੜ ਚਾਲੀ ਲੱਖ ਰੁਪਏ
੧੮. ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਪਾਤਸ਼ਾਹੀ ਦਸਵੀਂ, ਰਾਏਕੋਟ ਸੱਤ ਕਰੋੜ ਦਸ ਲੱਖ ਰੁਪਏ
੧੯. ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ, ਬਰਨਾਲਾ ਛੇ ਕਰੋੜ ਅਠਾਸੀ ਲੱਖ ਰੁਪਏ
੨੦. ਗੁਰਦੁਆਰਾ ਚਰਨ ਕੰਵਲ ਮਾਛੀਵਾੜਾ, ਲੁਧਿਆਣਾ ਛੇ ਕਰੋੜ ਪੰਜਾਹ ਲੱਖ ਰੁਪਏ
੨੧. ਗੁਰਦੁਆਰਾ ਸ੍ਰੀ ਬਾਰਠ ਸਾਹਿਬ, ਪਠਾਨਕੋਟ ਅੱਠ ਕਰੋੜ ਸੱਠ ਲੱਖ ਰੁਪਏ
੨੨. ਗੁਰਦੁਆਰਾ ਸ੍ਰੀ ਚਮਕੌਰ ਸਾਹਿਬ, ਰੋਪੜ ਨੌਂ ਕਰੋੜ ਦਸ ਲੱਖ ਰੁਪਏ
੨੩. ਗੁਰਦੁਆਰਾ ਸ੍ਰੀ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ, ਰੋਪੜ ਪੰਜ ਕਰੋੜ ਚਾਲੀ ਲੱਖ ਰੁਪਏ
੨੪. ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜੀਦਪੁਰ, ਫਿਰੋਜ਼ਪੁਰ ਸੱਤ ਕਰੋੜ ਪੰਜ ਲੱਖ ਰੁਪਏ
੨੫. ਗੁਰਦੁਆਰਾ ਸਾਹਿਬ ਗੋਬਿੰਦ ਨਗਰ ਪਾਤਸ਼ਾਹੀ ਦਸਵੀਂ ਹਾਜੀਰਤਨ ਅਤੇ ਕਿਲ੍ਹਾ ਮੁਬਾਰਕ, ਬਠਿੰਡਾ ਪੰਜ ਕਰੋੜ ਚੌਦਾਂ ਲੱਖ ਰੁਪਏ
੨੬. ਗੁਰਦੁਆਰਾ ਸ਼ਹੀਦਾਂ ਲੱਧੇਵਾਲ, ਮਾਹਿਲਪੁਰ, ਹੁਸ਼ਿਆਰਪੁਰ ਪੰਜ ਕਰੋੜ ਸੱਠ ਲੱਖ ਰੁਪਏ
੨੭. ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਚਾਰ ਕਰੋੜ ਚਾਲੀ ਲੱਖ ਰੁਪਏ
੨੮. ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਪੰਜ ਕਰੋੜ ਸੱਠ ਲੱਖ ਰੁਪਏ
੨੯. ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ, ਹੁਸ਼ਿਆਰਪੁਰ ਚਾਰ ਕਰੋੜ ਤਰਿਆਸੀ ਲੱਖ ਰੁਪਏ
੩੦. ਗੁਰਦੁਆਰਾ ਸ੍ਰੀ ਕੰਧ ਸਾਹਿਬ, ਬਟਾਲਾ ਤਿੰਨ ਕਰੋੜ ਬਾਹਠ ਲੱਖ ਰੁਪਏ
੩੧. ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ ਤਿੰਨ ਕਰੋੜ ਪੰਦਰਾਂ ਲੱਖ ਰੁਪਏ
੩੨. ਗੁਰਦੁਆਰਾ ਸਾਹਿਬ ਗੁਰੂ ਕਾ ਬਾਗ਼, ਘੁੱਕੇਵਾਲੀ ਦੋ ਕਰੋੜ ਪਚਾਨਵੇਂ ਲੱਖ ਰੁਪਏ
੩੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ, ਪਟਿਆਲਾ ਤਿੰਨ ਕਰੋੜ ਰੁਪਏ
੩੪. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਦਸਵੀਂ ਭਦੌੜ ਗਹਿਲ ਦੋ ਕਰੋੜ ਬਾਹਠ ਲੱਖੇ
੩੫. ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਕਰਤਾਰਪੁਰ, ਜਲੰਧਰ ਦੋ ਕਰੋੜ ਤਰੇਂਹਠ ਲੱਖ ਰੁਪਏ
੩੬. ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ, ਫਗਵਾੜਾ ਦੋ ਕਰੋੜ ਸਤਾਸੀ ਲੱਖ ਰੁਪਏ
੩੭. ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਪਾਤਸ਼ਾਹੀ ਛੇਵੀਂ ਹੁਸ਼ਿਆਰ ਨਗਰ, ਅੰਮ੍ਰਿਤਸਰ ਤਿੰਨ ਕਰੋੜ ਰੁਪਏ
੩੮. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ, ਲਧਿਆਣਾ ਦੋ ਕਰੋੜ ਨੱਬੇ ਲੱਖ ਰੁਪਏ
੩੯. ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ, ਗੁਰਦਾਸਪੁਰ ਇਕ ਕਰੋੜ ਇਕੱਤਰ ਲੱਖ ਰੁਪਏ

੪੦. ਗੁਰਦੁਆਰਾ ਸ੍ਰੀ ਅੱਚਲ ਸਾਹਿਬ ਸਲੋਚਾਹਲ, ਬਟਾਲਾ	ਦੋ ਕਰੋੜ ਤਿੰਨ ਲੱਖ ਰੁਪਏ
੪੧. ਗੁਰਦੁਆਰਾ ਬਾਬਾ ਬੁੱਢਾ ਜੀ, ਤੇਜਾ ਕਲਾਂ, ਗੁਰਦਾਸਪੁਰ	ਇਕ ਕਰੋੜ ਇਕੱਤਰ ਲੱਖ ਰੁਪਏ
੪੨. ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ, ਪਟਿਆਲਾ	ਦੋ ਕਰੋੜ ਸੱਠ ਲੱਖ ਰੁਪਏ
੪੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਕਾਉਂਕੇ, ਲੁਧਿਆਣਾ	ਇੱਕ ਕਰੋੜ ਨੱਬੇ ਲੱਖ ਰੁਪਏ
੪੪. ਗੁਰਦੁਆਰਾ ਸਾਹਿਬ ਚੁੱਲੇ ਬਾਬਾ ਆਲਾ ਸਿੰਘ ਜੀ, ਲੌਂਗੋਵਾਲ	ਦੋ ਕਰੋੜ ਪੰਦਰਾਂ ਲੱਖ ਰੁਪਏ
੪੫. ਗੁਰਦੁਆਰਾ ਸੰਨ ਸਾਹਿਬ ਬਾਸਰਕੇ ਗਿੱਲਾਂ, ਅੰਮ੍ਰਿਤਸਰ	ਇੱਕ ਕਰੋੜ ਤਰਿਆਸੀ ਲੱਖ ਰੁਪਏ
੪੬. ਗੁਰਦੁਆਰਾ ਬਾਬਾ ਬੀਰ ਸਿੰਘ ਜੀ ਰੱਤੋਕੇ, ਤਰਨ ਤਾਰਨ	ਦੋ ਕਰੋੜ ਤੇਈ ਲੱਖ ਰੁਪਏ
੪੭. ਗੁਰਦੁਆਰਾ ਲੋਹਗੜ੍ਹ ਸਾਹਿਬ ਦੀਨਾ ਪਾਤਸ਼ਾਹੀ ਦਸਵੀਂ, ਮੋਗਾ	ਇੱਕ ਕਰੋੜ ਪੰਚਾਸੀ ਲੱਖ ਰੁਪਏ
੪੮. ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਮੌ ਸਾਹਿਬ, ਫਿਲੌਰ	ਇੱਕ ਕਰੋੜ ਅੱਸੀ ਲੱਖ ਰੁਪਏ
੪੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ	ਦੋ ਕਰੋੜ ਅੱਠਤਾਲੀ ਲੱਖ ਰੁਪਏ
੫੦. ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਛੇਵੀਂ ਮਹਿਰਾਜ, ਬਠਿੰਡਾ	ਇੱਕ ਕਰੋੜ ਉਨਾਹਠ ਲੱਖ ਰੁਪਏ
੫੧. ਗੁਰਦੁਆਰਾ ਨਾਨਕਸਰ ਸਾਹਿਬ ਪਾਤਸ਼ਾਹੀ ਪਹਿਲੀ, ਵੇਰਕਾ	ਇੱਕ ਕਰੋੜ ਅਠਾਨਵੇਂ ਲੱਖ ਰੁਪਏ
੫੨. ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਅਤੇ ਦਸਵੀਂ, ਮੂਲੋਵਾਲ	ਇਕ ਕਰੋੜ ਪੰਜਾਹ ਲੱਖ ਰੁਪਏ
੫੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਗੁਰੂਸਰ ਹੰਢਿਆਇਆ, ਸੰਗਰੂਰ	ਇਕ ਕਰੋੜ ਚੁਰਿੰਜਾ ਲੱਖ ਰੁਪਏ
੫੪. ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਡੱਲਾ, ਕਪੂਰਥਲਾ	ਇਕ ਕਰੋੜ ਅੱਠਤਰ ਲੱਖ ਰੁਪਏ
੫੫. ਗੁਰਦੁਆਰਾ ਗੰਗਸਰ ਸਾਹਿਬ ਪਾਤਸ਼ਾਹੀ ਦਸਵੀਂ ਜੈਤੋ, ਫਰੀਦਕੋਟ	ਇੱਕ ਕਰੋੜ ਉਨਤਾਲੀ ਲੱਖ ਰੁਪਏ
੫੬. ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ, ਤਰਨ ਤਾਰਨ	ਦੋ ਕਰੋੜ ਚੌਵੀ ਲੱਖ ਰੁਪਏ
੫੭. ਗੁਰਦੁਆਰਾ ਬਾਬਾ ਸੰਗ ਜੀ, ਢੇਸੀਆਂ ਸੰਗ,	

ਫਿਲੌਰ	ਇੱਕ ਕਰੋੜ ਬੱਤੀ ਲੱਖ ਰੁਪਏ
੫੮. ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ	ਇੱਕ ਕਰੋੜ ਸੋਲ੍ਹਾਂ ਲੱਖ ਰੁਪਏ
੫੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਓਠੀਆਂ, ਬਟਾਲਾ	ਇੱਕ ਕਰੋੜ ਚਾਲੀ ਲੱਖ ਰੁਪਏ
੬੦. ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਜੀਂਦੋਵਾਲ, ਬੰਗਾ	ਇੱਕ ਕਰੋੜ ਪੈਂਤੀ ਲੱਖ ਰੁਪਏ
੬੧. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭੀਖੀ, ਮਾਨਸਾ	ਇੱਕ ਕਰੋੜ ਪੰਦਰਾਂ ਲੱਖ ਰੁਪਏ
੬੨. ਗੁਰਦੁਆਰਾ ਸ੍ਰੀ ਗੋਬਿੰਦਗੜ੍ਹ ਸਾਹਿਬ ਪਾ:ਛੇਵੀਂ ਤੇ ਦਸਵੀਂ, ਰਾਣਵਾਂ	ਤਰਿਆਨਵੇਂ ਲੱਖ ਰੁਪਏ
੬੩. ਗੁਰਦੁਆਰਾ ਸ੍ਰੀ ਰੇਰੂ ਸਾਹਿਬ ਪਾਤਸ਼ਾਹੀ ਦਸਵੀਂ, ਰਾਮਪੁਰ	ਚੁਰਾਨਵੇਂ ਲੱਖ ਰੁਪਏ
੬੪. ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ, ਨਡਾਲਾ	ਇੱਕ ਕਰੋੜ ਬੱਤੀ ਲੱਖ ਰੁਪਏ
੬੫. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਸੁਧਾਰ, ਲੁਧਿਆਣਾ	ਇੱਕ ਕਰੋੜ ਪੰਦਰਾਂ ਲੱਖ ਰੁਪਏ
੬੬. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ, ਸੰਗਰੂਰ	ਇੱਕ ਕਰੋੜ ਤੀਹ ਲੱਖ ਰੁਪਏ
੬੭. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਭਗਤਾ ਭਾਈ ਕਾ	ਇੱਕ ਕਰੋੜ ਸੱਤਰ ਲੱਖ ਰੁਪਏ
੬੮. ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆ, ਬਟਾਲਾ	ਇੱਕ ਕਰੋੜ ਰੁਪਏ
੬੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਪੰਚਾਇਤੀ ਬਿਲਗਾ, ਜਲੰਧਰ	ਛਿਆਹਠ ਲੱਖ ਰੁਪਏ
੭੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਬਰਗਾੜੀ, ਫਰੀਦਕੋਟ	ਛਿਆਹਠ ਲੱਖ ਰੁਪਏ
ਜੋੜ ਗੁਰਦੁਆਰਾ ਸਾਹਿਬਾਨ ਦਫ਼ਾ ੮੫	ਗਿਆਰਾਂ ਅਰਬ ਚੌਵੀ ਕਰੋੜ ਇਕਆਸੀ ਲੱਖ ਰੁਪਏ।

ਸਿੱਧਾ ਪ੍ਰਬੰਧ ਗੁਰਦੁਆਰਾ ਸਾਹਿਬਾਨ ਦਫ਼ਾ ੮੫

੧. ਗੁਰਦੁਆਰਾ ਸਾਹਿਬ ਬਾਗ਼ ਸ਼ਹੀਦਾਂ, ਬੁੜੈਲ ਸੈਕਟਰ-੪੪, ਚੰਡੀਗੜ੍ਹ	ਇੱਕ ਕਰੋੜ ਤੇਰਾਂ ਲੱਖ ਰੁਪਏ
੨. ਗੁਰਦੁਆਰਾ ਸਾਹਿਬ ਸੁਖਚੈਨ ਦਾਸ ਜੀ ਬਾਜਵਾ ਕਲਾਂ, ਸ਼ਾਹਕੋਟ	ਇੱਕ ਕਰੋੜ ਚਾਲੀ ਲੱਖ ਰੁਪਏ
ਜੋੜ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਸਿੱਧਾ ਪ੍ਰਬੰਧ	ਦੋ ਕਰੋੜ ਤਰਵਿੰਜਾ ਲੱਖ ਰੁਪਏ

ਕੁੱਲ ਜੋੜ ਗੁਰਦੁਆਰਾ ਸਾਹਿਬਾਨ ਦਫ਼ਾ ੮੫ ਗਿਆਰਾਂ ਅਰਬ ਸਤਾਈ ਕਰੋੜ
ਅਤੇ ਸਿੱਧਾ ਪ੍ਰਬੰਧ ਚੌਂਤੀ ਲੱਖ ਰੁਪਏ

(ੳ) ਗੁਰਦੁਆਰਾ ਸਾਹਿਬਾਨ ਦਫ਼ਾ ੮੫ ਅਤੇ ਸਿੱਧਾ ਪ੍ਰਬੰਧ ਦੇ ਰੁਟੀਨ ਖ਼ਰਚਿਆਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ

(੧) ਤਨਖ਼ਾਹ ਸਟਾਫ :-
ਗੁਰਦੁਆਰਾ ਦਫ਼ਾ ੮੫ ਦੇ ਸਟਾਫ ਦੀਆਂ ਤਨਖ਼ਾਹਾਂ ਲਈ ਦੋ ਅਰਬ ਛਿਆਸੀ ਕਰੋੜ ਉਣਿੰਜਾ ਲੱਖ ਪਚਵਿੰਜਾ ਹਜ਼ਾਰ ਰੁਪਏ ਰੱਖੇ ਗਏ ਹਨ।

(੨) ਖ਼ਰਚ ਕੜਾਹ ਪ੍ਰਸ਼ਾਦਿ :-
ਗੁਰਦੁਆਰਾ ਸਾਹਿਬਾਨ ਦਫ਼ਾ ੮੫ ਵਿਚ ਕੜਾਹ ਪ੍ਰਸ਼ਾਦਿ ਤਿਆਰ ਕਰਨ ਲਈ ਸਤਾਹਠ ਕਰੋੜ ਉਨਾਨਵੇਂ ਲੱਖ ਪਚਵਿੰਜਾ ਹਜ਼ਾਰ ਰੁਪਏ ਰੱਖੇ ਗਏ ਹਨ।

(੩) ਖ਼ਰਚ ਸ੍ਰੀ ਅਖੰਡ ਪਾਠ ਸਾਹਿਬ :-
ਗੁਰਦੁਆਰਾ ਸਾਹਿਬਾਨਾਂ ਵਿੱਚ ਸੰਗਤ ਵਲੋਂ ਕਰਵਾਏ ਜਾਣ ਵਾਲੇ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਣ ਲਈ ਉਨੱਤਰ ਕਰੋੜ ਛਿਅਤਰ ਲੱਖ ਚੌਵੀ ਹਜ਼ਾਰ ਪੰਜ ਸੋ ਰੁਪਏ ਰੱਖੇ ਗਏ ਹਨ।

(੪) ਗੁਰੂ ਕੇ ਲੰਗਰ ਲਈ ਖ਼ਰਚ :-
ਇਸ ਖਾਤੇ ਇੱਕ ਅਰਬ ਬਹੱਤਰ ਲੱਖ ਪੰਜਾਹ ਹਜ਼ਾਰ ਰੁਪਏ ਰੱਖੇ ਗਏ ਹਨ।

(੫) ਮੇਲੇ ਗੁਰਪੁਰਬ :-
ਇਸ ਖਾਤੇ ਦਸ ਕਰੋੜ ਤਰਿਆਨਵੇਂ ਲੱਖ ਚਾਲੀ ਹਜ਼ਾਰ ਰੁਪਏ ਰੱਖੇ ਗਏ ਹਨ।

(੬) ਖ਼ਰਚ ਬਿਜਲੀ, ਪਾਣੀ ਅਤੇ ਜਨਰੇਟਰ :-
ਇਸ ਖਾਤੇ ਚਾਲੀ ਕਰੋੜ ਚੌਂਹਠ ਲੱਖ ਪੰਝੱਤਰ ਹਜ਼ਾਰ ਰੁਪਏ ਰੱਖੇ ਗਏ ਹਨ।

(੭) ਪ੍ਰਸ਼ਾਦਿ, ਸਿਰੋਪਾਓ :-
ਇਸ ਖਾਤੇ ਸੱਤ ਕਰੋੜ ਇਕਾਹਠ ਲੱਖ ਉਨਾਹਠ ਹਜ਼ਾਰ ਰੁਪਏ ਰੱਖੇ ਗਏ ਹਨ।

(੮) ਜਿਊਟਮੈਟ, ਟਾਟ ਅਤੇ ਪਾਏਦਾਨ :-
ਇਸ ਖਾਤੇ ਦੋ ਕਰੋੜ ਤੇਈ ਲੱਖ ਤੀਹ ਹਜ਼ਾਰ ਰੁਪਏ ਰੱਖੇ ਗਏ ਹਨ।

(੯) ਨਿਹੰਗ ਸਿੰਘਾਂ ਨੂੰ ਬੰਧਾਨ ਦੇਣ ਲਈ:-
ਇਸ ਖਾਤੇ ਇੱਕ ਕਰੋੜ ਪੰਝੀ ਲੱਖ ਇਕਆਸੀ ਹਜ਼ਾਰ ਇੱਕ ਸੌ ਰੁਪਏ ਰੱਖੇ ਗਏ ਹਨ।

(੧੦) ਬੀਮਾ ਮੁਲਾਜ਼ਮਾਂ :-
ਇਸ ਖਾਤੇ ਸੱਤ ਕਰੋੜ ਛੇ ਲੱਖ ਦੱਸ ਹਜ਼ਾਰ ਰੁਪਏ ਰੱਖੇ ਗਏ ਹਨ।

(੧੧) ਖ਼ਰਚ ਗੱਡੀਆਂ (ਮੁਰੰਮਤ ਅਤੇ ਤੇਲ ਆਦਿ) :-
ਇਸ ਖਾਤੇ ਪੰਜ ਕਰੋੜ ਚੁਰਿੰਜਾ ਲੱਖ ਰੁਪਏ ਰੱਖੇ ਗਏ ਹਨ।

(੧੨) ਮੁਰੰਮਤ ਇਮਾਰਤਾਂ :-
ਇਸ ਖਾਤੇ ਪੰਜ ਕਰੋੜ ਬਹੱਤਰ ਲੱਖ ਉਨਤਾਲੀ ਹਜ਼ਾਰ ਰੁਪਏ ਰੱਖੇ ਗਏ ਹਨ।

(੧੩) ਮੁਰੰਮਤ ਸਮਾਨ :-
